


ਰੋਜ਼ਾਨਾ

# ਸ਼ਹੀਦ-ਏ-ਆਜ਼ਮ

SHAHEED-E-AZAM, DAILY PUNJABI NEWSPAPER, PATIALA — ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ




PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 109 Chief Editor : Chowdhary Prabhjit Singh, Editor : Chhatarpal Singh 98146-32807, Wednesday 14 October 2026 Price : 2 Rs. Page : 6

## ਮਾਨਸਾ ਦੇ ਨਸ਼ਾ ਵਿਰੋਧੀ ਆਗੂ 'ਪਰਵਿੰਦਰ ਸਿੰਘ ਝੋਟਾ' ਦੀ ਗੋਲੀਆਂ ਮਾਰ ਕੇ ਹੱਤਿਆ; ਫੇਸਬੁੱਕ 'ਤੇ ਸੀ ਲਾਈਵ; ਨਸ਼ੇ ਦਾ ਵਿਰੋਧ ਕਰਨ 'ਤੇ ਮੈਡੀਕਲ ਸਟੋਰ ਮਾਲਕ ਵੱਲੋਂ ਕੀਤਾ ਗਿਆ ਹਮਲਾ

### ਪਰਵਿੰਦਰ ਕਤਲ ਕੇਸ ਵਿੱਚ ਪਹਿਲੀ ਗ੍ਰਿਫ਼ਤਾਰੀ, ਪ੍ਰਦਰਸ਼ਨਕਾਰੀਆਂ ਵੱਲੋਂ ਮੈਡੀਕਲ ਦੀ ਦੁਕਾਨ ਦੀ ਭੰਨਤੋੜ





**ਚੰਡੀਗੜ੍ਹ, 13 ਅਕਤੂਬਰ -ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਮਾਨਸਾ ਵਿੱਚ ਐਂਟੀ ਡਰੱਗ ਟਾਸਕ ਫੋਰਸ ਦੇ ਸੰਚਾਲਕ ਪਰਵਿੰਦਰ ਸਿੰਘ ਝੋਟਾ ਦੀ ਹੱਤਿਆ ਕਰ ਦਿੱਤੀ ਗਈ ਹੈ। ਜਾਣਕਾਰੀ ਅਨੁਸਾਰ ਇਹ ਖ਼ੌਫ਼ਨਾਕ ਕਾਂਡ ਇੱਕ ਮੈਡੀਕਲ ਸਟੋਰ ਦੇ ਮਾਲਕ ਵੱਲੋਂ ਅੰਜਾਮ ਦਿੱਤਾ ਗਿਆ ਹੈ। ਮੈਡੀਕਲ ਸਟੋਰ ਮਾਲਕ ਨੇ ਮੰਗਲਵਾਰ ਸਵੇਰੇ ਤਾਬੜਤੋੜ ਗੋਲੀਆਂ ਮਾਰੀਆ ਅਤੇ ਇਹ ਗੋਲੀਆਂ ਇੰਨੇ ਕਰੀਬੋਂ ਮਾਰੀਆਂ ਗਈਆਂ ਕਿ ਉਹ ਝੋਟਾ ਦੇ ਸਰੀਰ ਦੇ ਆਰ-ਪਾਰ ਹੋ ਗਈਆਂ। ਜਾਣਕਾਰੀ ਅਨੁਸਾਰ, ਘਟਨਾ ਦੌਰਾਨ ਪਰਵਿੰਦਰ ਸਿੰਘ ਝੋਟਾ ਦੇ ਫੇਸਬੁੱਕ ਪੇਜ 'ਤੇ 5 ਮਿੰਟ 48 ਸਕਿੰਟ ਦੀ ਲਾਈਵ ਵੀਡੀਓ ਬਣਾਈ ਗਈ ਸੀ, ਜਿਸ ਵਿੱਚ ਗੋਲੀਆਂ ਚੱਲਣ ਦੀ ਆਵਾਜ਼ ਸੁਣਾਈ ਦਿੰਦੀ ਹੈ। ਦੱਸਿਆ ਜਾ ਰਿਹਾ ਹੈ ਕਿ ਵੀਡੀਓ ਵਿੱਚ ਝੋਟਾ ਅਤੇ ਉਨ੍ਹਾਂ ਦੇ ਸਾਥੀ ਨਸ਼ਿਆਂ ਨਾਲ ਜੁੜੇ ਮੁੱਦੇ 'ਤੇ ਦਵਾਈਆਂ ਦੀ ਦੁਕਾਨ ਦੇ ਮਾਲਕ ਨਾਲ ਬਹਿਸ ਕਰਦੇ ਨਜ਼ਰ ਆ ਰਹੇ ਹਨ। ਇਸੇ ਦੌਰਾਨ ਗੋਲੀਬਾਰੀ ਹੋ ਗਈ।

ਪਰਵਿੰਦਰ ਸਿੰਘ ਝੋਟਾ ਮਾਨਸਾ ਵਿੱਚ ਲੰਬੇ ਸਮੇਂ ਤੋਂ ਨਸ਼ੇ ਦਾ ਵਿਰੋਧ ਕਰ ਰਹੇ ਸਨ। ਉਹ ਨਾ ਕੇਵਲ ਨਸ਼ਾ ਵੇਚਣ ਤੋਂ ਰੋਕਦੇ ਸਨ ਬਲਕਿ ਨਸ਼ਾ ਵੇਚਣ ਵਾਲਿਆਂ ਨੂੰ ਵੀ ਫੜਦੇ ਸਨ। ਇਸ ਨੂੰ ਲੈ ਕੇ ਕਈ ਵਾਰ ਉਨ੍ਹਾਂ ਦਾ ਝਗੜਾ ਵੀ ਹੋ ਚੁੱਕਾ ਸੀ ਅਤੇ ਉਨ੍ਹਾਂ ਦੇ ਕਹਿਣ 'ਤੇ ਕਈ ਪੰਚਾਇਤਾਂ ਨੇ ਨਸ਼ੇ ਦੇ ਖ਼ਿਲਾਫ਼ ਮਤੇ ਤੱਕ ਪਾਸ ਕੀਤੇ ਸਨ। ਪਰਵਿੰਦਰ ਸਿੰਘ ਝੋਟਾ ਨੂੰ ਸੋਸ਼ਲ ਮੀਡੀਆ 'ਤੇ 'ਝੋਟਾ' ਦੇ ਨਾਂ ਨਾਲ ਜਾਣਿਆ ਜਾਂਦਾ ਹੈ। ਉਨ੍ਹਾਂ ਨੇ ਮਾਨਸਾ ਅਤੇ ਆਲੇ-ਦੁਆਲੇ ਦੇ ਇਲਾਕਿਆਂ ਵਿੱਚ ਕੁਝ ਮੈਡੀਕਲ ਸਟੋਰਾਂ 'ਤੇ ਪਾਬੰਦੀਸ਼ੁਦਾ ਕੈਪਸੂਲ ਵੇਚਣ ਦੇ ਦੋਸ਼ ਲਗਾਉਂਦਿਆਂ ਮੁਹਿੰਮ ਚਲਾਈ ਸੀ। ਉਨ੍ਹਾਂ ਦਾ ਕਹਿਣਾ ਸੀ ਕਿ ਇਨ੍ਹਾਂ ਦਵਾਈਆਂ ਦੀ ਵਿਕਰੀ ਕਾਰਨ ਨੌਜਵਾਨਾਂ ਦਾ ਨੁਕਸਾਨ ਹੋ ਰਿਹਾ ਹੈ। ਮਾਨਸਾ ਦੇ ਇੱਕ ਦਵਾਈਆਂ ਵੇਚਣ ਵਾਲੇ ਦੁਕਾਨਦਾਰ ਨੂੰ ਜੁੱਤੀਆਂ ਦੀ ਮਾਲਾ ਪਾ ਕੇ ਸ਼ਹਿਰ ਵਿੱਚ ਘੁਮਾਉਂਦੇ ਹੋਏ ਥਾਣੇ ਬੰਦ ਕਰਵਾਇਆ ਸੀ ਅਤੇ ਇਹ ਦੱਸਿਆ ਜਾ ਰਿਹਾ ਹੈ ਕਿ ਇਹ ਗੋਲੀਆਂ ਉਸੇ ਦੁਕਾਨਦਾਰ ਵੱਲੋਂ ਚਲਾਈਆਂ ਗਈਆਂ ਹਨ। ਪਰਵਿੰਦਰ ਸਿੰਘ ਝੋਟਾ ਦੇ ਕਤਲ ਤੋਂ ਬਾਅਦ ਜਿੱਥੇ ਉਸ ਦੇ ਸਮਰਥਕਾਂ ਵੱਲੋਂ ਮਾਨਸਾ ਦੇ 12 ਹੱਟਾਂ ਚੌਂਕ ਵਿਖੇ ਧਰਨਾ ਪ੍ਰਦਰਸ਼ਨ ਸ਼ੁਰੂ ਕਰ ਦਿੱਤਾ ਗਿਆ ਹੈ ਅਤੇ ਕਾਤਲਾਂ ਨੂੰ ਗ੍ਰਿਫ਼ਤਾਰ ਕਰਨ ਦੀ ਮੰਗ ਕੀਤੀ ਜਾ ਰਹੀ ਹੈ। ਮਾਨਸਾ ਸ਼ਹਿਰ ਦੇ ਬਾਜ਼ਾਰ ਮੁਕੰਮਲ ਤੌਰ 'ਤੇ ਬੰਦ ਕਰ ਦਿੱਤੇ ਗਏ ਹਨ। ਪ੍ਰਾਪਤ ਵੇਰਵਿਆਂ ਅਨੁਸਾਰ ਪਰਵਿੰਦਰ ਸਿੰਘ ਝੋਟਾ ਤੋਂ ਇਲਾਵਾ ਉਸ ਨਾਲ ਚਾਰ ਹੋਰ ਵਿਅਕਤੀ ਵੀ ਜ਼ਖ਼ਮੀ ਹੋਏ ਹਨ, ਜਿਨ੍ਹਾਂ ਵਿੱਚ ਬਲਜੀਤ ਸਿੰਘ (65), ਕੁਲਵਿੰਦਰ ਸਿੰਘ (42), ਹੈਪੀ ਸਿੰਘ (24) ਅਤੇ ਗੋਬਿੰਦ ਸਿੰਘ (30) ਸ਼ਾਮਲ ਹਨ। ਇਨ੍ਹਾਂ ਵਿੱਚੋਂ ਦੋ ਵਿਅਕਤੀਆਂ ਨੂੰ ਗੰਭੀਰ ਰੂਪ ਵਿੱਚ ਜ਼ਖ਼ਮੀ ਹੋਣ 'ਤੇ ਬਠਿੰਡਾ ਵਿਖੇ ਰੈਫ਼ਰ ਕਰ ਦਿੱਤਾ ਗਿਆ ਹੈ।

ਨਸ਼ਾ ਵਿਰੋਧੀ ਕਾਰਕੁਨ ਪਰਵਿੰਦਰ ਸਿੰਘ ਝੋਟਾ ਦੇ ਕਤਲ ਦੇ ਮਾਮਲੇ ਵਿੱਚ ਪੁਲੀਸ ਨੇ ਪਹਿਲੀ ਗ੍ਰਿਫ਼ਤਾਰੀ ਕੀਤੀ ਹੈ। ਡੀ.ਆਈ.ਜੀ. ਬਠਿੰਡਾ ਰੇਂਜ ਹਰਜੀਤ ਸਿੰਘ ਨੇ ਦੱਸਿਆ ਕਿ ਇਹ ਕਤਲ ਪੁਰਾਣੀ ਨਿੱਜੀ ਦੁਸ਼ਮਣੀ ਦਾ ਨਤੀਜਾ ਸੀ। ਡੀ.ਆਈ.ਜੀ. ਨੇ ਦੱਸਿਆ, ÷ਪੁਲੀਸ ਨੇ ਇੱਕ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ ਹੈ ਜਿਸ ਨੇ ਕਤਲ ਤੋਂ ਬਾਅਦ ਮੁੱਖ ਮੁਲਜ਼ਮ ਅਸ਼ਵਨੀ ਨੂੰ ਫਰਾਰ ਹੋਣ ਵਿੱਚ ਮਦਦ ਕੀਤੀ ਸੀ।÷ ਡੀ.ਆਈ.ਜੀ. ਨੇ ਦੱਸਿਆ ਕਿ ਪੁਲੀਸ ਨੂੰ ਮੰਗਲਵਾਰ ਸਵੇਰੇ 10.30 ਵਜੇ ਦੇ ਕਰੀਬ ਘਟਨਾ ਦੀ ਸੂਚਨਾ ਮਿਲੀ ਸੀ। ਉਨ੍ਹਾਂ ਅੱਗੇ ਦੱਸਿਆ ਕਿ ਪ੍ਰਾਇਮਰੀ ਤੌਰ 'ਤੇ ਅਜਿਹਾ ਲੱਗਦਾ ਹੈ ਕਿ ਕਤਲ ਵਿੱਚ ਲਾਇਸੰਸੀ ਹਥਿਆਰ ਦੀ ਵਰਤੋਂ ਕੀਤੀ ਗਈ ਸੀ।

ਡੀ.ਆਈ.ਜੀ. ਅਨੁਸਾਰ, ਗੋਲੀਬਾਰੀ ਤੋਂ ਬਾਅਦ ਮੁਲਜ਼ਮ ਮੌਕੇ ਤੋਂ ਫਰਾਰ ਹੋ ਗਏ, ਜਿਸ ਤੋਂ ਬਾਅਦ ਪੁਲੀਸ ਨੇ ਉਨ੍ਹਾਂ ਦੀ ਭਾਲ ਲਈ ਕਈ ਟੀਮਾਂ ਦਾ ਗਠਨ ਕੀਤਾ। ਤਫਤੀਸ਼ ਦੇ ਹਿੱਸੇ ਵਜੋਂ ਮੁਲਜ਼ਮਾਂ ਦੇ ਪਰਿਵਾਰਕ ਮੈਂਬਰਾਂ ਨੂੰ ਵੀ ਹਿਰਾਸਤ ਵਿੱਚ ਲਿਆ ਗਿਆ। ਉਨ੍ਹਾਂ ਅੱਗੇ ਦੱਸਿਆ ਕਿ ਮ੍ਰਿਤਕ ਅਤੇ ਮੁਲਜ਼ਮਾਂ ਵਿਚਕਾਰ ਪੁਰਾਣੀ ਰੰਜਿਸ਼ ਸੀ। ਉਨ੍ਹਾਂ ਦੱਸਿਆ ਕਿ 2023 ਦੀ ਇੱਕ ਘਟਨਾ ਦੌਰਾਨ ਵੀ ਉਨ੍ਹਾਂ ਵਿਚਕਾਰ ਨਿੱਜੀ ਦੁਸ਼ਮਣੀ ਸਾਹਮਣੇ ਆਈ ਸੀ। ਹਾਲਾਂਕਿ ਪੁਲੀਸ ਨੇ ਗ੍ਰਿਫ਼ਤਾਰ ਕੀਤੇ ਮੁਲਜ਼ਮ ਦੇ ਨਾਮ ਦਾ ਖੁਲਾਸਾ ਨਹੀਂ ਕੀਤਾ ਹੈ।

ਦੁਪਹਿਰ ਕਰੀਬ 3.30 ਵਜੇ ਮਾਨਸਾ ਵਿੱਚ ਕੁਝ ਨਿਹੰਗ ਸਿੰਘਾਂ ਸਮੇਤ ਪ੍ਰਦਰਸ਼ਨਕਾਰੀਆਂ ਨੇ ਹੰਗਾਮੇ ਦੌਰਾਨ ਅਤੇ ਨਸ਼ਾ ਵਿਰੋਧੀ ਕਾਰਕੁਨ ਪਰਵਿੰਦਰ ਸਿੰਘ ਝੋਟਾ ਦੇ ਕਤਲ ਨਾਲ ਕਥਿਤ ਤੌਰ 'ਤੇ ਜੁੜੀ ਮੈਡੀਕਲ ਦੀ ਦੁਕਾਨ (ਕੈਮਿਸਟ ਸ਼ੌਪ) ਦੀ ਭੰਨਤੋੜ ਕੀਤੀ।

ਇਹ ਘਟਨਾ ਵੱਡੀ ਗਿਣਤੀ ਵਿੱਚ ਪੁਲੀਸ ਕਰਮਚਾਰੀਆਂ ਦੀ ਮੌਜੂਦਗੀ ਵਿੱਚ ਵਾਪਰੀ। ਪ੍ਰਦਰਸ਼ਨਕਾਰੀਆਂ ਨੇ ਮੌਕੇ 'ਤੇ ਤਾਇਨਾਤ ਇੱਕ ਫਾਇਰ ਟੈਂਡਰ ਨੂੰ ਵੀ ਨੁਕਸਾਨ ਪਹੁੰਚਾਇਆ। ਬਾਅਦ ਵਿੱਚ ਪੁਲੀਸ ਨੇ ਸਥਿਤੀ ਨੂੰ ਕਾਬੂ ਹੇਠ ਲਿਆਂਦਾ ਹੈ।

ਜ਼ਿਕਰਯੋਗ ਹੈ ਕਿ ਪੰਜਾਬ ਦੇ ਮਾਨਸਾ ਵਿੱਚ ਐਂਟੀ ਡਰੱਗ ਟਾਸਕ ਫੋਰਸ ਦੇ ਸੰਚਾਲਕ ਪਰਵਿੰਦਰ ਸਿੰਘ ਝੋਟਾ ਦੀ ਅੱਜ ਸਵੇਰ ਹੱਤਿਆ ਕਰ ਦਿੱਤੀ ਗਈ। ਜਾਣਕਾਰੀ ਅਨੁਸਾਰ ਇਹ ਖ਼ੌਫ਼ਨਾਕ ਕਾਂਡ ਇੱਕ ਮੈਡੀਕਲ ਸਟੋਰ ਦੇ ਮਾਲਕ ਵੱਲੋਂ ਅੰਜਾਮ ਦਿੱਤਾ ਗਿਆ ਹੈ। ਮੈਡੀਕਲ ਸਟੋਰ ਮਾਲਕ ਨੇ ਮੰਗਲਵਾਰ ਸਵੇਰੇ ਤਾਬੜਤੋੜ ਗੋਲੀਆਂ ਮਾਰੀਆ ਅਤੇ ਇਹ ਗੋਲੀਆਂ ਇੰਨੇ ਕਰੀਬੋਂ ਮਾਰੀਆਂ ਗਈਆਂ ਕਿ ਉਹ ਝੋਟਾ ਦੇ ਸਰੀਰ ਦੇ ਆਰ-ਪਾਰ ਹੋ ਗਈਆਂ।

ਜਾਣਕਾਰੀ ਅਨੁਸਾਰ, ਘਟਨਾ ਦੌਰਾਨ ਪਰਵਿੰਦਰ ਸਿੰਘ ਝੋਟਾ ਦੇ ਫੇਸਬੁੱਕ ਪੇਜ 'ਤੇ 5 ਮਿੰਟ 48 ਸਕਿੰਟ ਦੀ ਲਾਈਵ ਵੀਡੀਓ ਬਣਾਈ ਗਈ ਸੀ, ਜਿਸ ਵਿੱਚ ਗੋਲੀਆਂ ਚੱਲਣ ਦੀ ਆਵਾਜ਼ ਸੁਣਾਈ ਦਿੰਦੀ ਹੈ। ਦੱਸਿਆ ਜਾ ਰਿਹਾ ਹੈ ਕਿ ਵੀਡੀਓ ਵਿੱਚ ਝੋਟਾ ਅਤੇ ਉਨ੍ਹਾਂ ਦੇ ਸਾਥੀ ਨਸ਼ਿਆਂ ਨਾਲ ਜੁੜੇ ਮੁੱਦੇ 'ਤੇ ਦਵਾਈਆਂ ਦੀ ਦੁਕਾਨ ਦੇ ਮਾਲਕ ਨਾਲ ਬਹਿਸ ਕਰਦੇ ਨਜ਼ਰ ਆ ਰਹੇ ਹਨ। ਇਸੇ ਦੌਰਾਨ ਗੋਲੀਬਾਰੀ ਹੋ ਗਈ।

## ਈ ਡੀ ਵੱਲੋਂ ਓ ਐੱਸ ਡੀ ਰਾਜਬੀਰ ਸਿੰਘ ਘੁੰਮਣ ਖ਼ਿਲਾਫ਼ ਮਨੀ ਲਾਂਡਰਿੰਗ ਦਾ ਕੇਸ ਦਰਜ

**ਚੰਡੀਗੜ੍ਹ, 13 ਅਕਤੂਬਰ -ਸ਼ਹੀਦ-ਏ-ਆਜ਼ਮ-ਬਿਊਰੋ-**

ਐਨਫੋਰਸਮੈਂਟ ਡਾਇਰੈਕਟੋਰੇਟ (ਈ.ਡੀ.) ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓ.ਐੱਸ.ਡੀ. ਰਾਜਬੀਰ ਸਿੰਘ ਘੁੰਮਣ ਖ਼ਿਲਾਫ਼ ਮੁੱਖ ਮੰਤਰੀ ਦਫ਼ਤਰ ਨਾਲ ਜੁੜੇ ਵਿਅਕਤੀਆਂ ਵੱਲੋਂ ਭ੍ਰਿਸ਼ਟਾਚਾਰ ਅਤੇ ਰਸੂਖ਼ ਦੀ ਵਰਤੋਂ ਕਰਨ ਦੇ ਦੋਸ਼ਾਂ ਦੇ ਸਬੰਧ ਵਿੱਚ ਜਲੰਧਰ 'ਚ ਕੇਸ ਦਰਜ ਕੀਤਾ ਹੈ।

ਇਹ ਘਟਨਾਕ੍ਰਮ ਸੁਪਰੀਮ ਕੋਰਟ ਵੱਲੋਂ ਕੇਂਦਰੀ ਜਾਂਚ ਬਿਊਰੋ (ਸੀ.ਬੀ.ਆਈ.) ਵੱਲੋਂ ਦਰਜ ਕੇਸ ਵਿੱਚ ਕੋਈ ਸਖ਼ਤ ਕਾਰਵਾਈ ਨਾ ਕਰਨ ਦੇ ਦਿੱਤੇ ਨਿਰਦੇਸ਼ਾਂ ਤੋਂ ਇੱਕ ਦਿਨ ਬਾਅਦ ਸਾਹਮਣੇ ਆਇਆ ਹੈ, ਜਦਕਿ ਅਦਾਲਤ ਨੇ ਐੱਫ.ਆਈ.ਆਰ. 'ਤੇ ਰੋਕ ਲਗਾਉਣ ਜਾਂ ਜਾਂਚ ਰੋਕਣ ਤੋਂ ਇਨਕਾਰ ਕਰ ਦਿੱਤਾ ਸੀ। ਅਦਾਲਤ ਨੇ ਪੰਜਾਬ ਸਰਕਾਰ ਨੂੰ ਜਾਂਚ ਵਿੱਚ ਸਹਿਯੋਗ ਕਰਨ ਦੇ ਨਿਰਦੇਸ਼ ਵੀ ਦਿੱਤੇ ਸਨ।

'ਆਪ' ਵੱਲੋਂ ਜਾਰੀ ਇੱਕ ਅਧਿਕਾਰਤ ਬਿਆਨ ਵਿੱਚ ਕਿਹਾ ਗਿਆ ਹੈ ਕਿ ਈ.ਡੀ. ਵੱਲੋਂ ਘੁੰਮਣ ਖ਼ਿਲਾਫ਼ ਕੇਸ ਦਰਜ ਕਰਨ ਵਿੱਚ ਦਿਖਾਈ ਗਈ ਕਾਹਲੀ ਹੈਰਾਨੀਜਨਕ ਹੈ, ਕਿਉਂਕਿ ਸੁਪਰੀਮ ਕੋਰਟ ਨੇ ਸੀ.ਬੀ.ਆਈ. ਨੂੰ 21 ਜਨਵਰੀ 2027 ਨੂੰ ਹੋਣ ਵਾਲੀ ਅਗਲੀ ਸੁਣਵਾਈ ਤੱਕ ਕੋਈ ਵੀ ਸਖ਼ਤ ਕਾਰਵਾਈ ਨਾ ਕਰਨ ਲਈ ਕਿਹਾ ਹੈ।

ਇਹ ਮਾਮਲਾ ਈ.ਡੀ. ਵੱਲੋਂ ਪੰਜਾਬ ਦੇ ਡਾਇਰੈਕਟਰ ਜਨਰਲ ਆਫ਼ ਪੁਲੀਸ ਗੌਰਵ ਯਾਦਵ ਨੂੰ ਭੇਜੇ ਗਏ ਸੰਚਾਰਾਂ ਤੋਂ ਉਪਜਿਆ ਹੈ, ਜਿਸ ਵਿੱਚ ਸਰਕਾਰੀ ਤਬਾਦਲਿਆਂ ਅਤੇ ਤੈਨਾਤੀਆਂ, ਟੈਂਡਰ ਪ੍ਰਕਿਰਿਆਵਾਂ, ਪ੍ਰਸ਼ਾਸਨਿਕ ਮਨਜ਼ੂਰੀਆਂ, ਗੁਪਤ ਸਰਕਾਰੀ ਦਸਤਾਵੇਜ਼ਾਂ ਤੱਕ ਪਹੁੰਚ ਅਤੇ ਹੋਰ ਅਧਿਕਾਰਤ ਫੈਸਲਿਆਂ ਵਿੱਚ ਕਥਿਤ ਅਨਿਯਮਤਤਾਵਾਂ ਨੂੰ ਉਜਾਗਰ ਕੀਤਾ ਗਿਆ ਸੀ। ਇਹ ਦੋਸ਼ ਸਰਕਾਰੀ ਰਿਆਇਤਾਂ ਦੇਣ ਦੇ ਬਦਲੇ ਵਿੱਤੀ ਜਾਂ ਹੋਰ ਲਾਭਾਂ ਦੇ ਕਥਿਤ ਲੈਣ-ਦੇਣ ਨਾਲ ਸੰਬੰਧਿਤ ਹਨ।

ਈ.ਡੀ. ਦੇ ਸੰਚਾਰਾਂ ਦੇ ਆਧਾਰ 'ਤੇ ਪੰਜਾਬ ਪੁਲੀਸ ਵੱਲੋਂ ਐੱਫ.ਆਈ.ਆਰ. ਦਰਜ ਨਾ ਕੀਤੇ ਜਾਣ ਤੋਂ ਬਾਅਦ ਐਡਵੋਕੇਟ ਨਿਖਿਲ ਸਰਾਫ਼ ਨੇ ਆਜ਼ਾਦ ਜਾਂਚ ਦੀ ਮੰਗ ਨੂੰ ਲੈ ਕੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਪਹੁੰਚ ਕੀਤੀ।

## ਖੁੱਡੀਆਂ ਵੱਲੋਂ ਨਕਲੀ ਉਤਪਾਦਾਂ ਦੀ ਰੋਕਥਾਮ ਅਤੇ ਰਸਾਇਣਕ ਖਾਦਾਂ ਦੀ ਵਰਤੋਂ ਘਟਾਉਣ ਲਈ ਤੀਜੀ ਬਾਇਓ-ਫਰਟੀਲਾਈਜ਼ਰ ਟੈਸਟਿੰਗ ਲੈਬ ਦਾ ਉਦਘਾਟਨ*



**ਮੁਹਾਲੀ, 13 ਅਕਤੂਬਰ -ਸ਼ਹੀਦ-ਏ-ਆਜ਼ਮ-ਬਿਊਰੋ-**

ਸੂਬੇ ਵਿੱਚ ਜੈਵਿਕ ਤੇ ਟਿਕਾਊ ਖੇਤੀ ਨੂੰ ਉਤਸ਼ਾਹਿਤ ਕਰਨ ਅਤੇ ਕਿਸਾਨਾਂ ਨੂੰ ਮਿਆਰੀ ਉਤਪਾਦਾਂ ਦੀ ਉਪਲੱਬਧਤਾ ਯਕੀਨੀ ਬਣਾਉਣ ਦੇ ਉਦੇਸ਼ ਨਾਲ ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਅੱਜ ਐਸ.ਏ.ਐਸ. ਨਗਰ ਦੇ ਕਾਲਕਟ ਭਵਨ ਵਿਖੇ ਇੱਕ ਅਤਿ-ਆਧੁਨਿਕ ਬਾਇਓ-ਫਰਟੀਲਾਈਜ਼ਰ ਟੈਸਟਿੰਗ ਲੈਬਾਰਟਰੀ ਦਾ ਉਦਘਾਟਨ ਕੀਤਾ, ਜਿਸ ਦੇ ਨਾਲ ਹੁਣ ਕਿਸਾਨਾਂ ਨੂੰ ਪ੍ਰਮਾਣਿਤ ਅਤੇ ਮਿਲਾਵਟ-ਰਹਿਤ ਜੈਵਿਕ ਖਾਦਾਂ ਦੀ ਸਪਲਾਈ ਯਕੀਨੀ ਬਣਾਉਣ ਲਈ 4.50 ਕਰੋੜ ਰੁਪਏ ਦੀ ਲਾਗਤ ਨਾਲ ਪੰਜਾਬ ਵਿੱਚ ਤਿੰਨ ਲੈਬਾਂ ਵਾਲਾ ਨੈੱਟਵਰਕ ਮੁਕੰਮਲ ਹੋ ਗਿਆ ਹੈ। ਇਸ ਤੋਂ ਪਹਿਲਾਂ ਦੋ ਲੈਬਾਰਟਰੀਆਂ ਗੁਰਦਾਸਪੁਰ ਅਤੇ ਬਠਿੰਡਾ ਵਿਖੇ ਸਥਾਪਤ ਕੀਤੀਆਂ ਜਾ ਚੁੱਕੀਆਂ ਹਨ।

ਉਦਘਾਟਨ ਉਪਰੰਤ ਸੰਬੋਧਨ ਕਰਦਿਆਂ ਸ. ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ, ਇਹ ਲੈਬਾਰਟਰੀਆਂ ਕਿਸਾਨਾਂ ਨੂੰ ਮਿਆਰੀ ਉਤਪਾਦ ਉਪਲਬਧ ਕਰਵਾਉਣ, ਨਕਲੀ ਉਤਪਾਦਾਂ ਤੋਂ ਬਚਾਉਣ ਅਤੇ ਰਸਾਇਣਕ ਖਾਦਾਂ 'ਤੇ ਨਿਰਭਰਤਾ ਘਟਾਉਣ ਵਿੱਚ ਅਹਿਮ ਸਾਬਤ ਹੋਣਗੀਆਂ। ਉਨ੍ਹਾਂ ਅੱਗੇ ਕਿਹਾ ਕਿ ਇਹ ਲੈਬਾਂ 'ਫਰਟੀਲਾਈਜ਼ਰ ਕੰਟਰੋਲ ਆਰਡਰ' ਨੂੰ ਸਖ਼ਤੀ ਨਾਲ ਲਾਗੂ ਕਰਨ, ਨਿਰਮਾਤਾਵਾਂ ਤੇ ਡੀਲਰਾਂ ਦੀ ਨਿਗਰਾਨੀ ਅਤੇ ਪੰਜਾਬ ਦੇ ਖੇਤੀ-ਜਲਵਾਯੂ ਅਨੁਕੂਲ ਜੈਵਿਕ ਖਾਦਾਂ ਦੇ ਸੁਧਾਰ ਲਈ ਅਹਿਮ ਡਾਟਾ ਤਿਆਰ ਕਰਨ ਵਿੱਚ ਵੀ ਮਦਦਗਾਰ ਸਾਬਤ ਹੋਣਗੀਆਂ।

ਸ. ਖੁੱਡੀਆਂ ਨੇ ਕਿਹਾ ਕਿ ਪੰਜਾਬ ਇੱਕ ਪ੍ਰਮੁੱਖ ਖੇਤੀ ਪ੍ਰਧਾਨ ਸੂਬਾ ਹੈ, ਜੋ ਦੇਸ਼ ਦੇ ਕੁੱਲ ਕਣਕ ਅਤੇ ਝੋਨੇ ਦੇ ਉਤਪਾਦਨ ਵਿੱਚ 30 ਫ਼ੀਸਦੀ ਤੋਂ ਵੱਧ ਯੋਗਦਾਨ ਪਾਉਂਦਾ ਹੈ। ਉਨ੍ਹਾਂ ਕਿਹਾ ਕਿ ਕੁਦਰਤੀ ਸਰੋਤਾਂ ਦੀ ਸਾਂਭ-ਸੰਭਾਲ ਕਰਦੇ ਹੋਏ ਟਿਕਾਊ ਉਤਪਾਦਨ ਲਈ ਜੈਵਿਕ ਖੇਤੀ ਇੱਕ ਬਿਹਤਰੀਨ ਬਦਲ ਹੈ। ਇਹ ਮਿਆਰੀ ਖੇਤੀ ਉਤਪਾਦਨ ਹਾਸਲ ਕਰਨ ਅਤੇ ਮਿੱਟੀ ਦੀ ਸਿਹਤ ਸੁਧਾਰਨ ਵੱਲ ਇੱਕ ਵਿਆਪਕ ਪਹੁੰਚ ਹੈ। ਖੇਤੀਬਾੜੀ ਮੰਤਰੀ ਨੇ ਕਿਹਾ ਕਿ ਭਾਰਤ ਵਿੱਚ ਜੈਵਿਕ ਖੇਤੀ ਦੀ ਅਮੀਰ ਵਿਰਾਸਤ ਰਹੀ ਹੈ, ਪਰ ਰਸਾਇਣਕ ਖਾਦਾਂ ਵਾਲੀ ਆਧੁਨਿਕ ਖੇਤੀ ਦੇ ਤੇਜ਼ੀ ਨਾਲ ਵਧਣ ਕਾਰਨ ਇਹ ਪਛੜ ਗਈ ਸੀ। ਹੁਣ ਭੋਜਨ ਸੁਰੱਖਿਆ ਅਤੇ ਵਾਤਾਵਰਣ ਪ੍ਰਤੀ ਵੱਧ ਰਹੀ ਜਾਗਰੂਕਤਾ ਨਾਲ ਜੈਵਿਕ ਖੇਤੀ ਮੁੜ ਇੱਕ ਕਾਰਗਰ ਪ੍ਰਣਾਲੀ ਵਜੋਂ ਉੱਭਰ ਰਹੀ ਹੈ। ਉਨ੍ਹਾਂ ਦੱਸਿਆ ਕਿ ਸਾਲ 2025-26 ਤੱਕ ਪੰਜਾਬ ਵਿੱਚ ਲਗਭਗ 30,000 ਏਕੜ ਰਕਬਾ ਪ੍ਰਮਾਣਿਤ ਜੈਵਿਕ ਖੇਤੀ ਅਧੀਨ ਆ ਚੁੱਕਾ ਹੈ।

ਸ. ਖੁੱਡੀਆਂ ਨੇ ਦੱਸਿਆ ਕਿ ਪੰਜਾਬ ਵਿੱਚ ਬਾਇਓ-ਫਰਟੀਲਾਈਜ਼ਰਜ਼ (ਜੈਵਿਕ ਖਾਦਾਂ) ਦੀ ਸਾਲਾਨਾ ਖਪਤ ਲਗਭਗ 15,000 ਤੋਂ 16,000 ਐਮ ਟੀ/ਕੇ ਐਲ ਹੈ ਅਤੇ ਇਹ ਲਗਾਤਾਰ ਵੱਧ ਰਹੀ ਹੈ। ਜੈਵਿਕ ਖੇਤੀ ਦੇ ਤੇਜ਼ੀ ਨਾਲ ਪਸਾਰ ਦੇ ਮੱਦੇਨਜ਼ਰ ਗੁਣਵੱਤਾ ਯਕੀਨੀ ਬਣਾਉਣਾ ਬੇਹੱਦ ਜ਼ਰੂਰੀ ਸੀ।

## ਪੰਜਾਬ ਸਰਕਾਰ ਨਸ਼ਿਆਂ ਵਿਰੁੱਧ ਸਖ਼ਤ, ਹੌਟ ਸਪੌਟਸ ਦੀ ਨਿਗਰਾਨੀ ਯਕੀਨੀ ਬਣਾਈ ਜਾਵੇ: ਅਨੁਪ੍ਰਿਤਾ ਜੌਹਲ



**ਪਟਿਆਲਾ, 13 ਅਕਤੂਬਰ -ਛਤਰਪਾਲ ਸਿੰਘ-**

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨਸ਼ਿਆਂ ਵਿਰੁੱਧ ਸਖ਼ਤ ਕਦਮ ਚੁੱਕ ਰਹੀ ਹੈ ਅਤੇ ਸੂਬੇ ਨੂੰ ਨਸ਼ਾ ਮੁਕਤ ਬਣਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ।

ਇਸੇ ਲੜੀ ਤਹਿਤ ਅੱਜ ਪਟਿਆਲਾ ਦੇ ਵਧੀਕ ਡਿਪਟੀ ਕਮਿਸ਼ਨਰ ਸ੍ਰੀਮਤੀ ਅਨੁਪ੍ਰਿਤਾ ਜੌਹਲ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਦਿਆਂ ਨਸ਼ਾ ਮੁਕਤੀ ਹੌਟ ਸਪੌਟਸ ਦੀ ਨਿਗਰਾਨੀ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਇਸ ਮੌਕੇ ਜਿਲ੍ਹਾ ਦਿਹਾਤੀ ਪ੍ਰਧਾਨ ਨਸ਼ਾ ਮੁਕਤੀ ਮੋਰਚੇ ਦੇ ਆਗੂ ਯਾਦਵਿੰਦਰ ਸਿੰਘ ਸੰਧੂ ਗੋਲਡੀ ਵੀ ਮੌਜੂਦ ਸਨ।

ਵਧੀਕ ਡਿਪਟੀ ਕਮਿਸ਼ਨਰ ਅਨੁਪ੍ਰਿਤਾ ਜੌਹਲ ਨੇ ਕਿਹਾ ਕਿ ਪੰਜਾਬ ਸਰਕਾਰ ਨਸ਼ਿਆਂ ਵਿਰੁੱਧ ਸਖ਼ਤ ਹੈ ਅਤੇ ਇਸ ਬੁਰਾਈ ਨੂੰ ਜੜ੍ਹੋਂ ਖ਼ਤਮ ਕਰਨ ਲਈ ਪ੍ਰਸ਼ਾਸਨ ਵੱਲੋਂ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ।

ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਰੋਕਥਾਮ ਲਈ ਵੱਖ-ਵੱਖ ਵਿਭਾਗਾਂ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਨ ਦੇ ਨਾਲ-ਨਾਲ ਆਮ ਲੋਕਾਂ ਦਾ ਸਹਿਯੋਗ ਵੀ ਲੈਣਾ ਚਾਹੀਦਾ ਹੈ, ਤਾਂ ਜੋ ਇਸ ਮੁਹਿੰਮ ਨੂੰ ਜ਼ਮੀਨੀ ਪੱਧਰ 'ਤੇ ਹੋਰ ਪ੍ਰਭਾਵਸ਼ਾਲੀ ਬਣਾਇਆ ਜਾ ਸਕੇ।




## ਜ਼ਿਲ੍ਹੇ ਦੇ 10 ਹੌਟਸਪੋਟ ਥਾਵਾਂ ਨੂੰ ਨਸ਼ਿਆਂ ਦੇ ਹਨੇਰੇ ਵਿੱਚੋਂ ਕੱਢਕੇ ਖੇਡ ਮੈਦਾਨਾਂ, ਲਾਇਬ੍ਰੇਰੀਆਂ, ਪਾਰਕਾਂ ਵਿੱਚ ਕੀਤਾ ਜਾਵੇਗਾ ਤਬਦੀਲ - ਡੀ.ਸੀ



**ਫ਼ਤਹਿਗੜ੍ਹ ਸਾਹਿਬ, 13 ਅਕਤੂਬਰ -ਜੀ. ਐਸ. ਤੁੰਗ- -ਸ਼ਹੀਦ-ਏ-ਆਜ਼ਮ-ਬਿਊਰੋ-**

ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਵਿਖੇ ਲੋਕਾ ਦੇ ਸਹਿਯੋਗ ਨਾਲ ਪਹਿਚਾਣ ਹੋਈਆਂ 10 ਥਾਵਾਂ ਜਿੱਥੇ ਨ ?ਸ਼ਾ ਕਰਦੇ ਆਮ ਤੌਰ ਤੇ ਲੋਕਾਂ ਨੂੰ ਵੇਖਿਆ ਜਾਂਦਾ ਹੈ, ਜਿਸਨੂੰ ਗੰਭੀਰਤਾ ਨਾਲ ਲੈਂਦਿਆਂ ਜ਼ਿਲ੍ਹਾ ਪੁਲਿਸ ਮੁਖੀ ਸ਼ੁਭਮ ਅਗਰਵਾਲ ਅਤੇ ਡਿਪਟੀ ਕਮਿਸ਼ਨਰ ਨੇ ਸਾਂਝੇ ਤੌਰ ਦੇ ਫਤਹਿਗੜ੍ਹ ਸਾਹਿਬ ਦੇ ਕੋਟਲਾ ਬਜਵਾੜਾ, ਰਾਮ ਨਗਰ, ਦਾਦੂ ਮਾਜਰਾ ਅਤੇ ਕੋਟਲਾ ਜੱਟਾਂ ਦਾ ਦੌਰਾ ਕੀਤਾ। ਇਸ ਤੋਂ ਇਲਾਵਾ ਹਲਕਾ ਅਮਲੋਹ ਵਿੱਚ ਵੀ 06 ਅਜਿਹੇ ਸਥਾਨਾਂ ਦੀ ਸ਼ਨਾਖਤ ਹੋਈ ਹੈ। ਡਿਪਟੀ ਕਮਿਸ਼ਨਰ ਨੇ ਪੇਂਡੂ ਡਿਫੈਂਸ ਕਮੇਟੀਆਂ ਅਤੇ ਵਾਰਡ ਡਿਫੈਂਸ ਕਮੇਟੀਆਂ ਸਮੇਤ ਜ਼ਿਲ੍ਹਾ ਪ੍ਰਸ਼ਾਸਨ ਅਤੇ ਪੁਲਿਸ ਪ੍ਰਸ਼ਾਸਨ ਨੂੰ ਸਮੇਂ-ਸਮੇਂ ਤੇ ਪੁਖਤਾ ਜਾਣਕਾਰੀ ਪਹੁੰਚਾਉਣ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਫ਼ਤਹਿਗੜ੍ਹ ਸਾਹਿਬ ਦੀਆਂ ਇਨ੍ਹਾਂ ਸ਼ੱਕੀ ਥਾਵਾਂ ਤੇ ਗਰਾਊਂਡ ਮੈਦਾਨਾਂ ਅਤੇ ਖੁੱਲੀਆ ਥਾਂਵਾਂ ਨੂੰ ਨਸ਼ਿਆਂ ਦੇ ਹਨੇਰੇ ਵਿੱਚ ਕੱਢਕੇ ਖੇਡ ਮੈਦਾਨਾਂ, ਲਾਇਬ੍ਰੇਰੀਆਂ, ਪਾਰਕਾਂ ਵਿੱਚ ਤਬਦੀਲ ਕਰਕੇ ਨੌਜਵਾਨਾਂ ਨੂੰ ਨਸ਼ਿਆ ਤੋਂ ਰੱਖਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਸ਼ਹਿਰਾਂ ਅਤੇ ਪਿੰਡਾਂ ਦੀ ਆਬਾਦੀ ਤੋਂ ਬਾਹਰ ਅਜਿਹੀਆਂ ਥਾਵਾਂ ਨੂੰ ਬਿਜਲੀ, ਸੀ.ਸੀ.ਟੀ.ਵੀ ਕੈਮਰਿਆਂ ਨਾਲ ਲੈਸ ਕੀਤਾ ਜਾਵੇਗਾ, ਤਾਂ ਜੋ ਕੋਈ ਸ਼ਰਾਰਤੀ ਅਨਸਰ ਸੂਚਨਾ ਅਧਾਰਤ ਇੰਨ੍ਹਾਂ ਹੌਟਸਪੌਟ ਥਾਵਾਂ ਦੀ ਦੁਰਵਰਤੋਂ ਨਾ ਕਰ ਸਕੇ। ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਅਤੇ ਐਸ.ਐਸ.ਪੀ ਸੁਭਮ ਅਗਰਵਾਲ ਨੇ ਹੌਟਸਪੌਟ ਥਾਵਾਂ ਤੇ ਪਿੰਡਾਂ ਦੇ ਵਸਨੀਕਾਂ ਨੂੰ ਨਸ਼ਿਆਂ ਖਿਲਾਫ਼ ਵਿੱਢੀ ਮੁਹਿੰਮ ਅੰਦਰ ਸਹਿਯੋਗ ਕਰਨ ਅਤੇ ਨ ?ਸਿਆਂ ਦੇ ਕਾਰੋਬਾਰ ਵਿੱਚ ਸ਼ਾਮਿਲ ਵਿਅਕਤੀਆਂ ਦੀ ਸੂਚਨਾ ਸਾਂਝੀ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਨਸ਼ਿਆ ਦੇ ਕੋਹੜ ਨੂੰ ਮੁਕੰਮਲ ਤੋਰ ਦੇ ਖਤਮ ਕਰਨ ਲਈ ਲੋਕਾਂ ਦਾ ਸਹਿਯੋਗ ਅਤਿ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆ ਤੋਂ ਦੂਰ ਰੱਖਣ ਅਤੇ ਖੇਡਾਂ ਨਾਲ ਜੋੜਨ ਲਈ ਸਮਾਜਿਕ, ਧਾਰਮਿਕ ਜੱਥੇਬੰਦੀਆਂ ਨੂੰ ਇਕ ਮੰਚ ਦੇ ਇਕੱਠਾ ਹੋਣਾ ਸਮੇਂ ਦੀ ਲੋੜ ਹੈ। ਜ਼ਿਲ੍ਹਾ ਪੁਲਿਸ ਮੁਖੀ ਸੁਭਮ ਅਗਰਵਾਲ ਨੇ ਕਿਹਾ ਕਿ ਜ਼ਿਲ੍ਹਾ ਪੁਲਿਸ ਨਸ਼ਿਆ ਦੇ ਕਾਰੋਬਾਰ ਵਿੱਚ ਸ਼ਾਮਿਲ ਮਾੜੇ ਅਨਸਰਾਂ ਵਿਰੁੱਧ ਸ਼ਖ਼ਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆ ਰਹੀ ਹੈ ਅਤੇ ਭਵਿੱਖ ਅੰਦਰ ਅਜਿਹੇ ਕਿਸੇ ਵੀ ਸਮਾਜਵਿਰੋਧੀ ਅਨਸਰਾਂ ਨੂੰ ਬਖ਼ਸ਼ਿਆ ਨਹੀ ਜਾਵੇਗਾ। ਉਨ੍ਹਾਂ ਕਿਹਾ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕਤਾ ਫੈਲਾਉਣ, ਨਸ਼ਿਆਂ ਨਾਲ ਪੀੜਤ ਵਿਅਕਤੀਆਂ ਦਾ ਇਲਾਜ ਕਰਵਾ ਕੇ ਸਮਾਜ ਦੀ ਮੁੱਖ ਧਾਰਾ ਨਾਲ ਜੋੜਿਆ ਜਾਵੇਗਾ ਅਤੇ ਹੁਨਰ ਸਿਖਲਾਈ ਦੇਣ ਅਤੇ ਰੋਜ਼ਗਾਰ ਦੇ ਮੌਕਿਆਂ ਨਾਲ ਜੋੜਨ ਲਈ ਵੀ ਸਬੰਧਤ ਵਿਭਾਗਾਂ ਦੇ ਸਹਿਯੋਗ ਨਾਲ ਉਪਰਾਲੇ ਕੀਤੇ ਜਾਣਗੇ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਅਮਰਬੀਰ ਕੌਰ ਭੁੱਲਰ, ਐਸ.ਪੀ.ਅਮਨਦੀਪ ਬਰਾੜ, ਐਸ ਡੀ ਐਮ ਫ਼ਤਹਿਗੜ੍ਹ ਸਾਹਿਬ ਕਰੁਣ ਗੁਪਤਾ, ਡੀ ਐਸ ਪੀ ਰਾਜ ਕੁਮਾਰ, ਡੀ ਡੀ ਪੀ ਓ ਜਸਪ੍ਰੀਤ ਕੌਰ, ਡੀ ਐਸ ਪੀ ਹਰਤੇਸ਼ ਕੌਸ਼ਿਕ ਸਮੇਤ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

### ਗੁੰਮਸ਼ੁਦਾ ਦੀ ਤਲਾਸ਼



ਬੇਨਤੀ ਹੈ ਕਿ ਮੇਰੇ ਮਾਤਾ ਜੀ ਚਰਨਜੀਤ ਕੌਰ ਪਿਛਲੇ ਮਹੀਨੇ ਮਿਤੀ 5-9-2026 ਨੂੰ ਸਮਾਣੇ ਬੰਦੀ ਸਿੰਘ ਬਹਾਦਰ ਚੌਂਕ ਤੋਂ ਲਾਪਤਾ ਹਨ। ਜਿਸ ਸੰਬੰਧੀ ਇੱਕ ਡੀ.ਡੀ.ਆਰ 031 ਮਿਤੀ 14-9-2026 ਸਮਾਂ 16: 41 (ਨਾਲ ਨੱਥੀ ਹੈ) ਨੂੰ ਲਿਖਾ ਦਿੱਤੀ ਗਈ ਸੀ। ਮੈਂ ਆਪਣੀ ਮਾਤਾ ਜੀ ਨੂੰ ਹਰ ਗੁਰਦੁਆਰੇ, ਮੰਦਰ, ਮਸੀਤ, ਹਸਪਤਾਲਾਂ, ਡਿਸਪੈਂਸਰੀਆਂ, ਬੱਸ ਸਟੈਂਡ, ਸਟੇਸ਼ਨ ਅਤੇ ਆਪਣੀ ਸਮਰਥਾ ਅਨੁਸਾਰ ਇੱਧਰ-ਉੱਧਰ ਸਭ ਥਾਂ ਲੱਭ ਚੁੱਕਾ ਹਾਂ।

ਮੈਂ ਸੁਰਿੰਦਰ ਸਿੰਘ ਪੁੱਤਰ ਮੁਖਤਿਆਰ ਸਿੰਘ ਆਪਣੀ ਮਾਤਾ ਚਰਨਜੀਤ ਕੌਰ ਨੂੰ ਇਸ ਖਬਰ ਰਾਹੀਂ ਬੇਨਤੀ ਕਰਦਾ ਹਾਂ ਕਿ ਉਹ ਜਿੱਥੇ ਵੀ ਹੋਣ ਜਿਸ ਹਾਲਤ ਵਿੱਚ ਵੀ ਹੋਣ ਘਰੇ ਆ ਜਾਣ ਅਤੇ ਜੇਕਰ ਕਿਸੇ ਨੂੰ ਵੀ ਮੇਰੀ ਮਾਤਾ ਜੀ ਚਰਨਜੀਤ ਕੌਰ ਸੰਬੰਧੀ ਕੋਈ ਵੀ ਜਾਣਕਾਰੀ ਹੋਵੇ ਜਾਂ ਮਿਲੇ ਤਾਂ ਮੇਰੇ ਮੋਬਾਈਲ ਨੰਬਰ- 8427140427 ਤੇ ਸੰਪਰਕ ਕਰਨ। ਜਾਣਕਾਰੀ ਦੇਣ ਵਾਲੇ ਦਾ ਯੋਗ ਧੰਨਵਾਦ ਕੀਤਾ ਜਾਏਗਾ।




ਅਦਰਾ ਸ਼ਹੀਦ-ਏ-ਆਜ਼ਮ 1982 ਤੋਂ ਸੱਚੀ, ਨਿਰਪੱਖ ਤੇ ਜ਼ਿੰਮੇਵਾਰ ਪੱਤਰਕਾਰਤਾ ਰਾਹੀਂ ਲੋਕਾਂ ਦੀ ਆਵਾਜ਼ ਬਣਿਆ ਹੋਇਆ ਹੈ। ਚੌਧਰੀ ਪ੍ਰਭਜੀਤ ਸਿੰਘ ਵੱਲੋਂ ਸਥਾਪਿਤ ਇਹ ਮੀਡੀਆ ਸੰਸਥਾ ਅੱਜ ਪ੍ਰਿੰਟ ਅਤੇ ਸ਼ੋਸਲ ਮੀਡੀਆ, ਡਿਜ਼ੀਟਲ ਪਲੇਟਫਾਰਮ ਰਾਹੀਂ ਪੰਜਾਬ, ਭਾਰਤ ਅਤੇ ਵਿਦੇਸ਼ਾਂ ਤਕ ਗੁਰਬਾਣੀ, ਖ਼ਬਰਾਂ, ਲੋਕ ਭਲਾਈ ਦੇ ਮੁੱਦੇ, ਲੋਕਾਂ ਤੱਕ ਨਿਰੰਤਰ ਪਹੁੰਚਾ ਰਿਹਾ ਹੈ।

# ਸੰਪਾਦਕੀ

## ਸਿਆਸਤੀ ਦੀ ਖੇਡ ਚ 'ਭੁੱਲੇ ਕੋਲ ਤੇ ਕਰਾਰ, ਵਾਦਿਆਂ ਤੇ ਪਰਦੇ ਪਾਕੇ ਹੋਏ ਮਦਨੋਂ ਫ਼ਰਾਰ

ਲੋਕਤੰਤਰ ਵਿੱਚ ਚੋਣ ਜਿੱਤਣਾ ਜਨਤਾ ਦੀ ਸੇਵਾ ਕਰਨ ਦਾ ਅਧਿਕਾਰ ਹੈ, ਜਨਤਾ ਨੂੰ ਆਪਣੇ ਅਧੀਨ ਕਰਨ ਦਾ ਲਾਇਸੈਂਸ ਨਹੀਂ। ਪਰ ਜ਼ਮੀਨੀ ਹਕੀਕਤ ਵਿੱਚ ਜੇਤੂ ਉਮੀਦਵਾਰ ਲੋਕਾਂ ਦੀਆਂ ਸਮੱਸਿਆਵਾਂ ਹੱਲ ਕਰਨ ਦੀ ਬਜਾਏ ਉਨ੍ਹਾਂ ਨੂੰ ਆਪਸੀ ਲੜਾਈਆਂ ਵਿੱਚ ਉਲਝਾ ਕੇ, ਕੰਮਾਂ ਦਾ ਦਿਖਾਵਾ ਕਰਕੇ ਅਤੇ ਆਪਣੀਆਂ ਨਾਕਾਮੀਆਂ ਉੱਤੇ ਪਰਦਾ ਪਾ ਕੇ ਸਿਆਸੀ ਲਾਭ ਲੈਣ ਦੀ ਕੋਸ਼ਿਸ਼ ਕਰਦੇ ਹਨ। ਇਹ ਵਰਤਾਰਾ ਕਿਸੇ ਇੱਕ ਪਾਰਟੀ ਜਾਂ ਵਿਅਕਤੀ ਤੱਕ ਸੀਮਤ ਨਹੀਂ; ਇਸ ਦੀ ਜਾਂਚ ਤੱਥਾਂ, ਦਸਤਾਵੇਜ਼ਾਂ ਅਤੇ ਜਨਤਕ ਜਵਾਬਦੇਹੀ ਦੇ ਆਧਾਰ 'ਤੇ ਹੋਣੀ ਚਾਹੀਦੀ ਹੈ।

ਪੁਰਾਣੇ ਤਰੀਕਿਆਂ ਵਿੱਚ ਧੜੇਬੰਦੀ, ਜਾਤ-ਬਰਾਦਰੀ ਦੇ ਆਧਾਰ 'ਤੇ ਪੱਖਪਾਤ, ਚੋਣਾਂ ਵਿੱਚ ਵਿਰੋਧ ਕਰਨ ਵਾਲਿਆਂ ਨੂੰ ਅਣਡਿੱਠਾ ਕਰਨਾ ਅਤੇ ਸਾਂਝੇ ਕੰਮਾਂ ਨੂੰ ਨਿੱਜੀ ਅਹਿਸਾਨ ਵਜੋਂ ਪੇਸ਼ ਕਰਨਾ ਸ਼ਾਮਲ ਹੁੰਦਾ ਹੈ। ਨਵੇਂ ਤਰੀਕਿਆਂ ਵਿੱਚ ਵਟਸਐਪ ਗਰੁੱਪਾਂ ਰਾਹੀਂ ਅਧੂਰੀ ਜਾਣਕਾਰੀ ਫੈਲਾਉਣਾ, ਸੋਸ਼ਲ ਮੀਡੀਆ 'ਤੇ ਕਿਸੇ ਇੱਕ ਧਿਰ ਦੀ ਗੱਲ ਨੂੰ ਤੋੜ-ਮਰੋੜ ਕੇ ਪੇਸ਼ ਕਰਨਾ ਅਤੇ ਵਿਰੋਧੀਆਂ ਨੂੰ ਵਿਕਾਸ-ਵਿਰੋਧੀ ਦੱਸਣਾ ਸ਼ਾਮਲ ਹੈ।

ਜੇ ਪਿੰਡ ਦੀ ਗਲੀ ਬਣਾਉਣ ਲਈ ਦੋ ਮੁਹੱਲਿਆਂ ਵਿਚਕਾਰ ਵਿਵਾਦ ਪੈਦਾ ਹੋ ਜਾਵੇ, ਤਾਂ ਜਾਂਚ ਕਰੋ ਕਿ ਕੀ ਵਿਵਾਦ ਤਕਨੀਕੀ ਕਾਰਨਾਂ ਕਰਕੇ ਹੈ ਜਾਂ ਫ਼ੈਸਲਾ ਲੈਣ ਦੀ ਪ੍ਰਕਿਰਿਆ ਵਿੱਚ ਪਾਰਦਰਸ਼ਤਾ ਦੀ ਘਾਟ ਹੈ। ਦੋਸ਼ ਲਗਾਉਣ ਦੀ ਬਜਾਏ ਮੀਟਿੰਗ ਦੀ ਕਾਰਵਾਈ, ਮਨਜ਼ੂਰਸ਼ੁਦਾ ਨਕਸ਼ਾ ਅਤੇ ਕੰਮ ਦੀ ਤਰਜੀਹ ਬਾਰੇ ਰਿਕਾਰਡ ਮੰਗੇ ਜਾਣੇ ਚਾਹਿੰਦੇ ਹਨ।

ਦਿਖਾਵੇ ਦੀ ਰਾਜਨੀਤੀ ਵਿੱਚ ਨੀਂਹ-ਪੱਥਰ, ਫੋਟੋਆਂ, ਉਦਘਾਟਨ, ਸੋਸ਼ਲ ਮੀਡੀਆ ਪੋਸਟਾਂ ਅਤੇ ਅਧੂਰੇ ਕੰਮਾਂ ਨੂੰ ਵੱਡੀ ਪ੍ਰਾਪਤੀ ਵਜੋਂ ਦਰਸਾਉਣਾ ਸ਼ਾਮਲ ਹੋ ਸਕਦਾ ਹੈ। ਪਰ ਫੋਟੋ ਵਿਕਾਸ ਦਾ ਸਬੂਤ ਨਹੀਂ ਅਤੇ ਐਲਾਨ ਮੁਕੰਮਲ ਕੰਮ ਦੀ ਗਾਰੰਟੀ ਨਹੀਂ।

ਜੇ ਸੜਕ ਬਣਾਉਣ ਦਾ ਦਾਅਵਾ ਕੀਤਾ ਗਿਆ ਹੈ, ਤਾਂ ਇਹ ਪੰਜ ਸਵਾਲ ਪੁੱਛੋ—ਕਿੰਨੀ ਲੰਬਾਈ ਬਣੀ ? ਬਜਟ ਕਿੰਨਾ ਸੀ ? ਰਕਮ ਕਿੰਨੀ ਖਰਚ ਹੋਈ ? ਕੰਮ ਕਦੋਂ ਪੂਰਾ ਹੋਣਾ ਸੀ ? ਮੌਜੂਦਾ ਗੁਣਵੱਤਾ ਕੀ ਹੈ ? ਸਰਕਾਰੀ ਮਨਜ਼ੂਰੀਆਂ, ਵਰਕ ਆਰਡਰ, ਬਿੱਲ ਅਤੇ ਮੌਕੇ ਦੀਆਂ ਤਸਵੀਰਾਂ ਦੀ ਤੁਲਨਾ ਅਸਲੀਅਤ ਸਾਹਮਣੇ ਲਿਆਈ ਜਾਵੇ।

ਨਾਕਾਮੀ ਦੀ ਜ਼ਿੰਮੇਵਾਰੀ ਦੂਜੇ ਵਿਭਾਗ 'ਤੇ ਸੁੱਟਣਾ, ਪੁਰਾਣੀ ਸਰਕਾਰ ਨੂੰ ਹਰ ਸਮੱਸਿਆ ਦਾ ਕਾਰਨ ਦੱਸਣਾ, ਅਸਲ ਅੰਕੜਿਆਂ ਦੀ ਥਾਂ ਚੁਣੇ ਹੋਏ ਅੰਕੜੇ ਦਿਖਾਉਣਾ ਅਤੇ ਵਾਰ-ਵਾਰ ਐਲਾਨ ਕਰਕੇ ਪੁਰਾਣੇ ਵਾਅਦੇ ਭੁਲਾ ਦੇਣਾ। ਇਹ ਜਵਾਬਦੇਹੀ ਤੋਂ ਬਚਣ ਦੇ ਸੰਭਾਵੀ ਢੰਗ ਹਨ। ਆਧੁਨਿਕ ਦੌਰ ਵਿੱਚ ਪੁਰਾਣੀਆਂ ਤਸਵੀਰਾਂ ਨੂੰ ਨਵੇਂ ਕੰਮ ਵਜੋਂ ਪੇਸ਼ ਕਰਨਾ ਜਾਂ ਬਿਨਾਂ ਪੂਰੇ ਘਟਨਾ ਦੇ ਵੀਡੀਓ ਸਾਂਝੀ ਕਰਨਾ ਵੀ ਲੋਕਾਂ ਨੂੰ ਗੁੰਮਰਾਹ ਕਰਦੀ ਹੈ।

ਇਸ ਦਾ ਜਵਾਬ ਭਾਵਨਾਤਮਕ ਬਹਿਸ ਨਹੀਂ, ਸਗੋਂ ਤੱਥਾਂ ਦੀ ਜਾਂਚ ਹੈ। ਚੋਣ ਮੈਨੀਫੈਸਟੋ, ਬਜਟ, ਸਰਕਾਰੀ ਹੁਕਮਾਂ, ਆਡਿਟ ਰਿਪੋਰਟਾਂ ਅਤੇ ਅਸਲ ਕੰਮ ਦੀ ਸਥਿਤੀ ਦਾ ਮਿਲਾਨ ਕਰੋ। ਲੋੜ ਪੈਣ 'ਤੇ ਸੂਚਨਾ ਦਾ ਅਧਿਕਾਰ ਕਾਨੂੰਨ ਵਰਤੋ ਅਤੇ ਸੰਬੰਧਿਤ ਅਧਿਕਾਰੀ ਤੋਂ ਲਿਖਤੀ ਜਵਾਬ ਮੰਗਿਆ ਜਾਣਾ ਚਾਹਿੰਦਾ ਹੈ।

ਕਿਸੇ ਵੀ ਉਮੀਦਵਾਰ ਦੀ ਨਾਕਾਮੀ ਦਾ ਲਾਭ ਉਸ ਵੇਲੇ ਵਧਦਾ ਹੈ, ਜਦੋਂ ਲੋਕ ਸਵਾਲ ਪੁੱਛਣੇ ਛੱਡ ਦਿੰਦੇ ਹਨ। ਜੇ ਵੋਟਰ ਸਿਰਫ਼ ਚੋਣਾਂ ਵੇਲੇ ਸਰਗਰਮ ਹੋਣ ਅਤੇ ਬਾਕੀ ਸਮੇਂ ਕੰਮਾਂ ਦੀ ਨਿਗਰਾਨੀ ਨਾ ਕਰਨ, ਤਾਂ ਵਾਅਦਿਆਂ ਅਤੇ ਹਕੀਕਤ ਵਿਚਕਾਰ ਪਾੜ ਵਧ ਜਾਂਦਾ ਹੈ।

ਇਸ ਲਈ ਹਰ ਵਾਰਡ ਜਾਂ ਪਿੰਡ ਵਿੱਚ ਨਾਗਰਿਕ ਨਿਗਰਾਨੀ ਕਮੇਟੀ ਬਣਾਈ ਜਾਵੇ, ਕੰਮਾਂ ਦੀ ਸਮਾਂ-ਸੀਮਾ ਜਨਤਕ ਕੀਤੀ ਜਾਵੇ ਅਤੇ ਹਰ ਤਿੰਨ ਮਹੀਨਿਆਂ ਬਾਅਦ ਖੁੱਲ੍ਹੀ ਜਵਾਬਦੇਹੀ ਮੀਟਿੰਗ ਕਰਵਾਈ ਜਾਵੇ। ਸ਼ਿਕਾਇਤਾਂ ਨੂੰ ਤਾਰੀਖ, ਸਬੂਤ ਅਤੇ ਪ੍ਰਾਪਤੀ ਨੰਬਰ ਸਮੇਤ ਦਰਜ ਕੀਤਾ ਜਾਵੇ।

ਲੋਕਤੰਤਰ ਵਿੱਚ ਸਭ ਤੋਂ ਵੱਡੀ ਤਾਕਤ ਨਾ ਝੂਠਾ ਪ੍ਰਚਾਰ ਹੈ, ਨਾ ਅਹੁਦਾ ਅਤੇ ਨਾ ਹੀ ਭੀੜ ਸਗੋਂ ਸਭ ਤੋਂ ਵੱਡੀ ਤਾਕਤ ਜਾਗਰੂਕ ਨਾਗਰਿਕ ਹੈ। ਜੇਤੂ ਉਮੀਦਵਾਰ ਦੀ ਅਸਲ ਪਰਖ ਉਸ ਦੀਆਂ ਤਸਵੀਰਾਂ, ਭਾਸ਼ਣਾਂ ਅਤੇ ਦਾਅਵਿਆਂ ਨਾਲ ਨਹੀਂ, ਸਗੋਂ ਪਾਰਦਰਸ਼ਤਾ, ਕਾਰਗੁਜ਼ਾਰੀ ਅਤੇ ਜਨਤਾ ਪ੍ਰਤੀ ਜਵਾਬਦੇਹੀ ਨਾਲ ਹੁੰਦਾ ਹੈ।

ਜਨਤਾ ਨੂੰ ਕਿਸੇ ਦੇ ਖ਼ਿਲਾਫ਼ ਭੜਕਾਉਣਾ ਆਸਾਨ ਹੈ, ਪਰ ਜਨਤਾ ਨੂੰ ਤੱਥਾਂ ਨਾਲ ਜਾਗਰੂਕ ਕਰਨਾ ਅਸਲ ਲੋਕਤੰਤਰੀ ਸੇਵਾ ਹੈ।

Shaheedeazamnews.com

ਖ਼ਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ: 9814632807

Shaheed-e-Azam Printed, publĺished and owned by Harjinder Chaudhary printed at Raftaar Printing Press, Factory Area, Patiaĺa and publĺished at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ 'ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807

# ਸਿਆਸਤ ਦੀ ਖੇਡ ਚ 'ਭੁੱਲੇ ਕੌਲ ਤੇ ਕਰਾਰ, ਵਾਦਿਆਂ ਤੇ ਪਰਦੇ ਪਿੱਛੋਂ ਹੋਏ ਮੈਦਾਨੋਂ ਫ਼ਰਾਰ



ਗੁਰਮੀਤ ਸਿੰਘ ਤੁੰਗ
ਬਿਊਰੋ ਚੀਫ਼.
9855221193

ਲੋਕਤੰਤਰ ਦੀ ਅਸਲ ਕਸੌਟੀ ਤੇ ਬਹੁਗਿਣਤੀ , ਭ੍ਰਿਸ਼ਟਾਚਾਰ, ਸਿਆਸੀ ਅਸਥਿਰਤਾ ਅਤੇ ਨਾਗਰਿਕ ਸੂਝ - ਬੁੱਝ ਦੇ ਸੰਕਟ ਦੀ ਗੰਭੀਰ ਪੜਚੋਲ ,

ਲੋਕਤੰਤਰ ਨੂੰ ਆਧੁਨਿਕ ਸੰਸਾਰ ਦੀਆਂ ਸਭ ਤੋਂ ਮਹੱਤਵਪੂਰਨ ਰਾਜਨੀਤਿਕ ਪ੍ਰਣਾਲੀਆਂ ਵਿੱਚ ਗਿਣਿਆ ਜਾਂਦਾ ਹੈ। ਇਸ ਦਾ ਮੂਲ ਸਿਧਾਂਤ ਹੈ ਕਿ ਰਾਜ ਦੀ ਸਰਬਸੱਤਾ ਦਾ ਅੰਤਿਮ ਸਰੋਤ ਜਨਤਾ ਹੁੰਦੀ ਹੈ ਅਤੇ ਸਰਕਾਰ ਜਨਤਾ ਦੀ ਸਹਿਮਤੀ ਨਾਲ ਹੀ ਬਣਦੀ ਹੈ। ਪਰ ਲੋਕਤੰਤਰ ਦਾ ਅਰਥ ਸਿਰਫ਼ ਵੋਟ ਪਾਉਣਾ, ਚੋਣ ਜਿੱਤਣਾ ਜਾਂ ਬਹੁਮਤ ਦੇ ਆਧਾਰ 'ਤੇ ਸਰਕਾਰ ਬਣਾਉਣਾ ਨਹੀਂ ਹੈ। ਇਸ ਦੀ ਅਸਲ ਸਫਲਤਾ ਨਿਆਂ, ਸਮਾਨਤਾ, ਜਵਾਬਦੇਹੀ, ਸੱਚਾਈ , ਨਾਗਰਿਕ ਆਜ਼ਾਦੀਆਂ ਅਤੇ ਲੋਕ-ਭਲਾਈ ਦੀ ਰੱਖਿਆ ਵਿੱਚ ਸਮਾਇਆ ਹੋਇਆ ਹੈ ਹੈ।

ਜਦੋਂ ਲੋਕਤੰਤਰ ਦਾ ਬਾਹਰੀ ਢਾਂਚਾ ਤਾਂ ਕਾਇਮ ਰਹਿੰਦਾ ਹੈ, ਪਰ ਇਸ ਦੀ ਆਤਮਾ—ਜਨਤਕ ਭਰੋਸਾ, ਜ਼ਿੰਮੇਵਾਰੀ ਅਤੇ ਜਵਾਬਦੇਹੀ—ਕਮਜ਼ੋਰ ਹੋਣ ਲੱਗਦੀ ਹੈ, ਤਾਂ ਇਹ ਕਈ ਗੰਭੀਰ ਊਣਤਾਈਆਂ ਦਾ ਸ਼ਿਕਾਰ ਹੋ ਜਾਂਦਾ ਹੈ। ਇਸ ਲਈ ਲੋਕਤੰਤਰ ਦੀ ਨੁਕਤਾਚੀਨੀ ਲੋਕਤੰਤਰ ਦਾ ਵਿਰੋਧ ਨਹੀਂ, ਸਗੋਂ ਇਸ ਨੂੰ ਵਧੇਰੇ ਨਿਆਂਪੂਰਨ, ਪ੍ਰਭਾਵਸ਼ਾਲੀ ਅਤੇ ਜਨਤਾ ਪ੍ਰਤੀ ਜਵਾਬਦੇਹ ਬਣਾਉਣ ਦੀ ਕੋਸ਼ਿਸ਼ ਹੈ।

ਲੋਕਤੰਤਰ ਵਿੱਚ ਕਿਸੇ ਮਹੱਤਵਪੂਰਨ ਨੀਤੀ ਨੂੰ ਬਣਾਉਣ ਲਈ ਵਿਚਾਰ-ਵਟਾਂਦਰਾ, ਕਾਨੂੰਨੀ ਜਾਂਚ, ਵਿਰੋਧੀ ਧਿਰ ਦੀਆਂ ਦਲੀਲਾਂ, ਕਮੇਟੀਆਂ ਦੀ ਜਾਂਚ-ਪੜਤਾਲ ਅਤੇ ਵੱਖ-ਵੱਖ ਸੰਸਥਾਵਾਂ ਦੀ ਮਨਜ਼ੂਰੀ ਦੀ ਲੋੜ ਪੈ ਜਾਂਦੀ ਹੈ। ਇਹ ਪ੍ਰਕਿਰਿਆਵਾਂ ਨਾਗਰਿਕ ਅਧਿਕਾਰਾਂ ਦੀ ਰੱਖਿਆ ਲਈ ਜ਼ਰੂਰੀ ਹਨ, ਪਰ ਜੇ ਇਨ੍ਹਾਂ ਵਿੱਚ ਬੇਲੋੜੀ ਦੇਰੀ, ਕੰਮ ਵਿੱਚ ਵਿਘਨ /ਮੁਸ਼ਕਿਲ ਅਤੇ ਵਿਭਾਗੀ ਟਾਲਮਟੋਲ ਸ਼ਾਮਲ ਹੋ ਜਾਣ, ਤਾਂ ਫ਼ੈਸਲੇ ਸਮੇਂ ਸਿਰ ਨਹੀਂ ਹੁੰਦਾ ।

ਕੁਦਰਤੀ ਆਫ਼ਤਾਂ, ਮਹਾਮਾਰੀਆਂ, ਉਦਯੋਗਿਕ ਹਾਦਸਿਆਂ ਜਾਂ ਜਨਤਕ ਸੁਰੱਖਿਆ ਦੇ ਸੰਕਟਾਂ ਵਿੱਚ ਦੇਰੀ ਦੇ ਨਤੀਜੇ ਗੰਭੀਰ ਹੋ ਸਕਦੇ ਹਨ। ਜੇ ਹਰ ਵਿਭਾਗ ਆਪਣੀ ਜ਼ਿੰਮੇਵਾਰੀ ਦੂਜੇ ਵਿਭਾਗ ਉੱਤੇ ਧੱਕਦਾ ਰਹੇ, ਤਾਂ ਲੋਕਤੰਤਰਿਕ ਸਰਕਾਰ ਦੀ ਕਾਰਗੁਜ਼ਾਰੀ ਪ੍ਰਭਾਵਿਤ ਹੁੰਦੀ ਹੈ।

ਇੱਥੇ , ਹਰ ਦੇਰੀ ਨੂੰ ਲੋਕਤੰਤਰ ਦੀ ਕਮਜ਼ੋਰੀ ਕਹਿਣਾ ਵੀ ਗ਼ਲਤ ਹੋਵੇਗਾ। ਕਈ ਵਾਰ ਵਿਚਾਰ-ਵਟਾਂਦਰਾ ਜਲਦਬਾਜ਼ੀ ਵਿੱਚ ਹੋਣ ਵਾਲੀਆਂ ਗ਼ਲਤੀਆਂ ਨੂੰ ਰੋਕਦਾ ਹੈ। ਅਸਲ ਸਮੱਸਿਆ ਲੋਕਤੰਤਰਿਕ ਵਿਚਾਰ-ਵਟਾਂਦਰਾ ਨਹੀਂ, ਸਗੋਂ ਯੋਗ ਪ੍ਰਬੰਧਨ ਅਤੇ ਜਵਾਬਦੇਹੀ ਦੀ ਘਾਟ ਹੈ।

ਲੋਕਤੰਤਰ ਵਿੱਚ ਚੋਣਾਂ ਰਾਹੀਂ ਸਰਕਾਰ ਬਦਲਣ ਦਾ ਅਧਿਕਾਰ ਜਨਤਾ ਕੋਲ ਹੁੰਦਾ ਹੈ। ਇਹ ਇਸ ਦੀ ਤਾਕਤ ਹੈ, ਪਰ ਜਦੋਂ ਸੱਤਾ ਬਦਲਣ ਨਾਲ ਪਹਿਲਾਂ ਸ਼ੁਰੂ ਕੀਤੇ ਵਿਕਾਸ ਕਾਰਜ, ਸਿੱਖਿਆ ਨੀਤੀਆਂ, ਉਦਯੋਗਿਕ ਯੋਜਨਾਵਾਂ ਜਾਂ ਭਲਾਈ ਪ੍ਰੋਗਰਾਮ ਬਿਨਾਂ ਢੁੱਕਵੇਂ ਨਿਚੋੜ ਦੇ ਰੱਦ ਕਰ ਦਿੱਤੇ ਜਾਂਦੇ ਹਨ, ਤਾਂ ਜਨਤਕ ਸਰੋਤਾਂ ਦੀ ਬਰਬਾਦੀ ਹੁੰਦੀ ਹੈ।

ਗੱਠਜੋੜ ਸਰਕਾਰਾਂ ਵਿੱਚ ਸਹਿਯੋਗੀਆਂ ਦੇ ਹਿਤਾਂ ਦਾ ਟਕਰਾਅ, ਪਾਰਟੀ ਅੰਦਰੂਨੀ ਖਿੱਚੋਤਾਣ, ਦਲ-ਬਦਲੀ ਅਤੇ ਵਿਧਾਨ ਸਭਾ ਵਿੱਚ ਬਹੁਮਤ ਗੁਆਉਣ ਦਾ ਡਰ ਵੀ ਫ਼ੈਸਲਿਆਂ ਨੂੰ ਪ੍ਰਭਾਵਿਤ ਕਰਦਾ ਹੈ। ਸਰਕਾਰ ਦਾ ਧਿਆਨ ਲੰਬੇ ਸਮੇਂ ਦੇ ਲੋਕ-ਹਿਤ ਦੀ ਥਾਂ ਆਪਣੀ ਸੱਤਾ ਬਚਾਉਣ ਵੱਲ ਮੁੜ ਜਾਂਦਾ ਹੈ।

ਇਸ ਦਾ ਹੱਲ ਚੋਣਾਂ ਨੂੰ ਸੀਮਤ ਕਰਨਾ ਨਹੀਂ, ਸਗੋਂ ਕੰਮਕਾਜ ਦੀ ਨਿਰੰਤਰਤਾ, ਸਿੱਧ ਪਦਰੀ ਨੀਤੀ-ਮੁਲਾਂਕਣ ਅਤੇ ਅਜਿਹੀਆਂ ਵਿਕਾਸ ਯੋਜਨਾਵਾਂ ਬਣਾਉਣਾ ਹੈ, ਜਿਨ੍ਹਾਂ ਦੀ ਸਫਲਤਾ ਕਿਸੇ ਇੱਕ ਪਾਰਟੀ ਦੀ ਸਿਆਸੀ ਮਲਕੀਅਤ ਨਾ ਬਣੇ।

ਭ੍ਰਿਸ਼ਟਾਚਾਰ ਲੋਕਤੰਤਰ ਦੀ ਪ੍ਰਮਾਣਿਕਤਾ ਲਈ ਸਭ ਤੋਂ ਗੰਭੀਰ ਖ਼ਤਰਿਆਂ ਵਿੱਚੋਂ ਇੱਕ ਹੈ। ਚੋਣੀ ਫੰਡਿੰਗ ਦੀ ਨਿਰਪੱਖਤਾ , ਠੇਕਿਆਂ ਵਿੱਚ ਪੱਖਪਾਤ, ਰਿਸ਼ਵਤਖੋਰੀ, ਅਹੁਦਿਆਂ ਦੀ ਦੁਰਵਰਤੋਂ ਅਤੇ ਸਰਕਾਰੀ ਸਰੋਤਾਂ ਨੂੰ ਨਿੱਜੀ ਜਾਂ ਪਾਰਟੀ ਹਿਤਾਂ ਲਈ ਵਰਤਣਾ ਲੋਕਤੰਤਰਿਕ ਪ੍ਰਣਾਲੀ ਨੂੰ ਅੰਦਰੋਂ ਖੋਖਲਾ ਕਰਦਾ ਹੈ।

ਜਦੋਂ ਕਿਸੇ ਯੋਗ ਵਿਅਕਤੀ ਨੂੰ ਉਸ ਦੀ ਯੋਗਤਾ ਦੀ ਥਾਂ ਸਿਆਸੀ ਪਹੁੰਚ ਦੇ ਆਧਾਰ 'ਤੇ ਲਾਭ ਮਿਲਦਾ ਹੈ, ਤਾਂ ਯੋਗਤਾ ਅਤੇ ਮਿਹਨਤ ਦੀ ਮਹੱਤਤਾ ਘਟਦੀ ਹੈ। ਜਦੋਂ ਸਰਕਾਰੀ ਠੇਕੇ ਜਨਤਕ ਹਿਤ ਦੀ ਥਾਂ ਨਿੱਜੀ ਸਬੰਧਾਂ ਦੇ ਆਧਾਰ 'ਤੇ ਦਿੱਤੇ ਜਾਂਦੇ ਹਨ, ਤਾਂ ਸਰਕਾਰੀ ਪੈਸੇ ਦੀ ਵਰਤੋਂ ਦੀ ਕੁਸ਼ਲਤਾ ਵੀ ਘਟਦੀ ਹੈ।

ਭ੍ਰਿਸ਼ਟਾਚਾਰ ਦਾ ਸਭ ਤੋਂ ਵੱਡਾ ਨੁਕਸਾਨ ਸਿਰਫ਼ ਆਰਥਿਕ ਨਹੀਂ, ਸਗੋਂ ਜ਼ਿੰਮੇਵਾਰੀ ਹੁੰਦਾ ਹੈ। ਇਹ ਨਾਗਰਿਕਾਂ ਨੂੰ ਇਹ ਵਿਸ਼ਵਾਸ ਦਿਵਾਉਣ ਲੱਗਦਾ ਹੈ ਕਿ ਇਮਾਨਦਾਰੀ ਨਾਲੋਂ ਪਹੁੰਚ, ਸਿਫ਼ਾਰਸ਼ ਅਤੇ ਪੈਸੇ ਦੀ ਵਧੇਰੇ ਕਦਰ ਹੈ। ਇਸ ਤਰ੍ਹਾਂ ਲੋਕਤੰਤਰ ਵਿੱਚ ਬਰਾਬਰ ਮੌਕਿਆਂ ਦਾ ਸਿਧਾਂਤ ਕਮਜ਼ੋਰ ਪੈਣ ਲੱਗਦਾ ਹੈ।

ਇਸ ਲਈ ਸੁਤੰਤਰ ਜਾਂਚ, ਸਰਕਾਰੀ ਖ਼ਰਚ ਦਾ ਆਡਿਟ, ਪਾਰਦਰਸ਼ੀ ਟੈਂਡਰ ਪ੍ਰਣਾਲੀ, ਸੂਚਨਾ ਦੇ ਅਧਿਕਾਰ ਦੀ ਪ੍ਰਭਾਵਸ਼ਾਲੀ ਵਰਤੋਂ ਅਤੇ ਭ੍ਰਿਸ਼ਟਾਚਾਰ ਦੇ ਮਾਮਲਿਆਂ ਵਿੱਚ ਨਿਰਪੱਖ ਕਾਨੂੰਨੀ ਕਾਰਵਾਈ ਲਾਜ਼ਮੀ ਹੈ ।

ਲੋਕਤੰਤਰ ਵਿੱਚ ਬਹੁਮਤ ਦਾ ਮਹੱਤਵ ਹੈ, ਪਰ ਬਹੁਮਤ ਨੂੰ ਅਸੀਮਿਤ ਅਧਿਕਾਰ ਦੇਣਾ ਲੋਕਤੰਤਰ ਦੇ ਮੂਲ ਸਿਧਾਂਤਾਂ ਦੇ ਵਿਰੁੱਧ ਹੈ। ਜੇ ਚੋਣਾਂ ਵਿੱਚ ਵੱਧ ਸੀਟਾਂ ਜਿੱਤਣ ਵਾਲੀ ਪਾਰਟੀ ਇਹ ਸਮਝਣ ਲੱਗੇ ਕਿ ਉਸ ਨੂੰ ਹਰ ਫ਼ੈਸਲਾ ਬਿਨਾਂ ਕਿਸੇ ਸੰਵਿਧਾਨਕ ਜਾਂ ਅਧਿਕਾਰਿਤ ਸੀਮਾ ਦੇ ਕਰਨ ਦਾ ਅਧਿਕਾਰ ਮਿਲ ਗਿਆ ਹੈ, ਤਾਂ ਬਹੁਮਤਵਾਦ ਦਾ ਖ਼ਤਰਾ ਪੈਦਾ ਹੁੰਦਾ ਹੈ।

ਅਮਰੀਕੀ ਰਾਜਨੀਤਿਕ ਚਿੰਤਕ ਐਲੈਕਸਿਸ ਦ ਤੋਕਵਿਲ ਨੇ ਬਹੁਮਤ ਦੀ ਤਾਕਤ ਵੱਲੋਂ ਵਿਅਕਤੀਗਤ ਆਜ਼ਾਦੀ ਉੱਤੇ ਪੈ ਸਕਣ ਵਾਲੇ ਦਬਾਅ ਬਾਰੇ ਚੇਤਾਵਨੀ ਦਿੱਤੀ ਸੀ। ਇਹ ਚਿੰਤਾ ਅੱਜ ਵੀ ਮਹੱਤਵਪੂਰਨ ਹੈ। ਕਿਸੇ ਧਰਮ, ਭਾਸ਼ਾ, ਜਾਤੀ, ਖੇਤਰ ਜਾਂ ਵਿਚਾਰਧਾਰਾ ਨਾਲ ਸਬੰਧਤ ਛੋਟੇ ਸਮੂਹਾਂ ਦੇ ਅਧਿਕਾਰ ਕੇਵਲ ਇਸ ਲਈ ਖ਼ਤਮ ਨਹੀਂ ਕੀਤੇ ਜਾ ਸਕਦੇ ਕਿ ਉਹ ਗਿਣਤੀ ਵਿੱਚ ਘੱਟ ਹਨ।

ਭਾਰਤੀ ਸੰਵਿਧਾਨ ਦੇ ਮੂਲ ਅਧਿਕਾਰ, ਕਾਨੂੰਨ ਅੱਗੇ ਸਮਾਨਤਾ, ਧਾਰਮਿਕ ਆਜ਼ਾਦੀ ਅਤੇ ਘੱਟਗਿਣਤੀਆਂ ਦੇ ਸੱਭਿਆਚਾਰਕ ਤੇ ਸਿੱਖਿਆ ਸੰਬੰਧੀ ਅਧਿਕਾਰ ਇਸੇ ਸੰਤੁਲਨ ਨੂੰ ਯਕੀਨੀ ਬਣਾਉਣ ਲਈ ਮਹੱਤਵਪੂਰਨ ਹਨ। ਲੋਕਤੰਤਰ ਦੀ ਅਸਲ ਪਰਖ ਇਹ ਨਹੀਂ ਕਿ ਬਹੁਮਤ ਨੂੰ ਕਿੰਨੀ ਤਾਕਤ ਮਿਲੀ, ਸਗੋਂ ਇਹ ਹੈ ਕਿ ਤਾਕਤਵਰ ਬਹੁਮਤ ਕਮਜ਼ੋਰ ਵਰਗਾਂ ਦੇ ਅਧਿਕਾਰਾਂ ਦੀ ਕਿੰਨੀ ਰੱਖਿਆ ਕਰਦਾ ਹੈ।

ਲੋਕਤੰਤਰ ਵਿੱਚ ਚੋਣ ਜਿੱਤਣ ਅਤੇ ਚੰਗਾ ਪ੍ਰਸ਼ਾਸਕ ਹੋਣ ਵਿਚਕਾਰ ਆਪਣੇ ਆਪ ਕੋਈ ਗਾਰੰਟੀਸ਼ੁਦਾ ਸੰਬੰਧ ਨਹੀਂ ਹੁੰਦਾ। ਕੋਈ ਉਮੀਦਵਾਰ ਪ੍ਰਭਾਵਸ਼ਾਲੀ ਭਾਸ਼ਣ, ਮਨਭਾਉਂਦਾ ਨਾਅਰਿਆਂ, ਜਾਤੀ ਜਾਂ ਧਾਰਮਿਕ ਪਛਾਣ, ਪੈਸੇ ਜਾਂ ਪ੍ਰਚਾਰ ਦੇ ਆਧਾਰ 'ਤੇ ਚੋਣ ਜਿੱਤ ਸਕਦਾ ਹੈ, ਪਰ ਇਸ ਨਾਲ ਉਸ ਦੀ ਪ੍ਰਸ਼ਾਸਕੀ ਯੋਗਤਾ ਸਾਬਤ ਨਹੀਂ ਹੁੰਦੀ।

ਕਈ ਵਾਰ ਨੇਤਾ ਲੰਬੇ ਸਮੇਂ ਦੇ ਸੁਧਾਰਾਂ ਦੀ ਥਾਂ ਅਜਿਹੇ ਐਲਾਨ ਕਰਦੇ ਹਨ, ਜਿਨ੍ਹਾਂ ਦਾ ਤੁਰੰਤ ਚੋਣੀ ਲਾਭ ਮਿਲ ਸਕੇ। ਸਿੱਖਿਆ ਦੀ ਗੁਣਵੱਤਾ, ਸਿਹਤ ਪ੍ਰਣਾਲੀ, ਰੁਜ਼ਗਾਰ ਸਿਰਜਣਾ, ਵਾਤਾਵਰਣ ਅਤੇ ਆਰਥਿਕ ਅਨੁਸ਼ਾਸਨ ਵਰਗੇ ਵਿਸ਼ਿਆਂ ਉੱਤੇ ਔਖੇ ਫ਼ੈਸਲੇ ਲੈਣ ਦੀ ਥਾਂ ਲੋਕਪ੍ਰਿਯ ਵਾਅਦਿਆਂ ਨੂੰ ਤਰਜੀਹ ਦਿੱਤੀ ਜਾਂਦੀ ਹੈ।

ਇਸ ਨੂੰ ਲੋਕਲੁਭਾਵਨ ਰਾਜਨੀਤੀ ਕਿਹਾ ਜਾਂਦਾ ਹੈ। ਹਰ ਹਰਮਨਪਿਆਰੀ ਯੋਜਨਾ ਗ਼ਲਤ ਨਹੀਂ ਹੁੰਦੀ, ਗ਼ਰੀਬਾਂ ਨੂੰ ਸਹਾਇਤਾ ਦੇਣਾ ਅਤੇ ਸਮਾਜਿਕ ਸੁਰੱਖਿਆ ਯਕੀਨੀ ਬਣਾਉਣਾ ਸਰਕਾਰ ਦੀ ਜ਼ਿੰਮੇਵਾਰੀ ਵੀ ਹੁੰਦੀ ਹੈ। ਸਮੱਸਿਆ ਉਦੋਂ ਪੈਦਾ ਹੁੰਦੀ ਹੈ ਜਦੋਂ ਵਾਅਦਿਆਂ ਦੀ ਲਾਗਤ, ਆਰਥਿਕ ਸਰੋਤਾਂ ਅਤੇ ਲੰਬੇ ਸਮੇਂ ਦੇ ਨਤੀਜਿਆਂ ਬਾਰੇ ਸਪਸ਼ਟ ਜਾਣਕਾਰੀ ਨਾ ਦਿੱਤੀ ਜਾਵੇ।

ਲੋਕਤੰਤਰਿਕ ਚੋਣਾਂ ਕਰਵਾਉਣ ਲਈ ਚੋਣ ਪ੍ਰਬੰਧਨ, ਸੁਰੱਖਿਆ, ਕਰਮਚਾਰੀਆਂ, ਆਵਾਜਾਈ, ਵੋਟਿੰਗ ਕੇਂਦਰਾਂ, ਤਕਨੀਕੀ ਪ੍ਰਬੰਧਾਂ ਅਤੇ ਵੋਟਰ ਜਾਗਰੂਕਤਾ ਉੱਤੇ ਜਨਤਕ ਪੈਸਾ ਖ਼ਰਚ ਹੁੰਦਾ ਹੈ। ਇਸ ਤੋਂ ਇਲਾਵਾ ਸਿਆਸੀ ਪਾਰਟੀਆਂ ਅਤੇ ਉਮੀਦਵਾਰ ਪ੍ਰਚਾਰ, ਇਸ਼ਤਿਹਾਰਬਾਜ਼ੀ, ਰੈਲੀਆਂ ਅਤੇ ਡਿਜੀਟਲ ਮੁਹਿੰਮਾਂ ਉੱਤੇ ਵੀ ਵੱਡੀ ਰਕਮ ਖ਼ਰਚ ਕਰਦੇ ਹਨ।

ਜੇ ਚੋਣੀ ਮੁਕਾਬਲੇ ਵਿੱਚ ਪੈਸੇ ਦੀ ਤਾਕਤ ਬਹੁਤ ਵੱਧ ਜਾਵੇ, ਤਾਂ ਆਮ ਨਾਗਰਿਕਾਂ, ਛੋਟੇ ਸੰਗਠਨਾਂ ਅਤੇ ਸੀਮਤ ਸਰੋਤਾਂ ਵਾਲੇ ਯੋਗ ਉਮੀਦਵਾਰਾਂ ਲਈ ਬਰਾਬਰੀ ਨਾਲ ਮੁਕਾਬਲਾ ਕਰਨਾ ਮੁਸ਼ਕਲ ਹੋ ਜਾਂਦਾ ਹੈ। ਪੈਸੇ ਦੀ ਸਹਾਇਤਾ ਦੇਣ ਵਾਲੇ ਹਿਤ-ਸਮੂਹ ਨੀਤੀਆਂ ਉੱਤੇ ਅਸਿੱਧਾ ਪ੍ਰਭਾਵ ਪਾਉਣ ਦੀ ਕੋਸ਼ਿਸ਼ ਵੀ ਕਰਦੇ ਹਨ।

ਇਸ ਦਾ ਮਤਲਬ ਇਹ ਨਹੀਂ ਕਿ ਚੋਣਾਂ ਉੱਤੇ ਖ਼ਰਚ ਬੇਕਾਰ ਹੈ। ਆਜ਼ਾਦ ਅਤੇ ਨਿਰਪੱਖ ਚੋਣਾਂ ਲੋਕਤੰਤਰ ਦੀ ਬੁਨਿਆਦੀ ਲੋੜ ਹਨ। ਅਸਲ ਚੁਣੌਤੀ ਚੋਣੀ ਪ੍ਰਕਿਰਿਆ ਨੂੰ ਘੱਟ ਖ਼ਰਚੀਲਾ, ਵਿੱਤੀ ਤੌਰ 'ਤੇ ਪਾਰਦਰਸ਼ੀ ਅਤੇ ਧਨ-ਬਲ ਦੇ ਅਯੋਗ ਪ੍ਰਭਾਵ ਤੋਂ ਮੁਕਤ ਬਣਾਉਣ ਦੀ ਹੈ।

ਲੋਕਤੰਤਰ ਦੀ ਕਵਾਲਟੀ ਵੋਟਰਾਂ ਦੀ ਗਿਣਤੀ ਨਾਲ ਹੀ ਨਹੀਂ, ਸਗੋਂ ਉਨ੍ਹਾਂ ਦੇ ਫ਼ੈਸਲਿਆਂ ਦੀ ਜਾਣਕਾਰੀ ਅਤੇ ਆਜ਼ਾਦੀ ਨਾਲ ਵੀ ਜੁੜੀ ਹੁੰਦੀ ਹੈ। ਜੇ ਨਾਗਰਿਕ ਉਮੀਦਵਾਰ ਦੇ ਕੰਮ, ਨੀਤੀਆਂ, ਜਨਤਕ ਰਿਕਾਰਡ, ਵਿੱਤੀ ਪਿਛੋਕੜ ਅਤੇ ਵਾਅਦਿਆਂ ਦੀ ਹਕੀਕਤ ਦੀ ਜਾਂਚ ਕੀਤੇ ਬਿਨਾਂ ਵੋਟ ਪਾਉਂਦੇ ਹਨ, ਤਾਂ ਚੋਣੀ ਜਵਾਬਦੇਹੀ ਕਮਜ਼ੋਰ ਹੋ ਜਾਂਦੀ ਹੈ।

ਝੂਠੀਆਂ ਖ਼ਬਰਾਂ, ਅਧੂਰੇ ਵੀਡੀਓ, ਸੋਸ਼ਲ ਮੀਡੀਆ ਉੱਤੇ ਗੁੰਮਰਾਹਕੁੰਨ ਸੁਨੇਹੇ, ਅਫ਼ਵਾਹਾਂ ਅਤੇ ਭਾਵਨਾਤਮਕ ਪ੍ਰਚਾਰ ਵੋਟਰਾਂ ਦੀ ਸੋਚ ਨੂੰ ਪ੍ਰਭਾਵਿਤ ਕਰਦੇ ਹਨ। ਜਾਤੀ, ਧਰਮ, ਡਰ, ਨਿੱਜੀ ਵੈਰ ਜਾਂ ਤੁਰੰਤ ਲਾਭ ਦੇ ਆਧਾਰ 'ਤੇ ਵੋਟ ਮੰਗਣ ਦੀ ਰਾਜਨੀਤੀ ਜਨਤਕ ਮੁੱਦਿਆਂ ਨੂੰ ਪਿੱਛੇ ਧੱਕ ਦਿੰਦੀ ਹੈ।

ਪਰ ਘੱਟ ਰਾਜਨੀਤਿਕ ਜਾਗਰੂਕਤਾ ਲਈ ਸਾਰਾ ਦੋਸ਼ ਵੋਟਰਾਂ ਉੱਤੇ ਮੜ੍ਹਨਾ ਵੀ ਗਲਤ ਹੈ। ਸਿੱਖਿਆ, ਜਾਣਕਾਰੀ ਤੱਕ ਪਹੁੰਚ, ਮੀਡੀਆ ਦੀ ਸੁਤੰਤਰਤਾ ਅਤੇ ਸਿਆਸੀ ਪਾਰਟੀਆਂ ਦੀ ਜਵਾਬਦੇਹੀ ਵੀ ਮਹੱਤਵਪੂਰਨ ਹਨ। ਲੋਕਤੰਤਰ ਨੂੰ ਮਜ਼ਬੂਤ ਕਰਨ ਲਈ ਨਾਗਰਿਕ ਸਿੱਖਿਆ, ਤੱਥਾਂ ਦੀ ਜਾਂਚ ਅਤੇ ਮੀਡੀਆ ਸਾਖਰਤਾ ਨੂੰ ਉਤਸ਼ਾਹਿਤ ਕਰਨਾ ਲਾਜ਼ਮੀ ਹੈ।

ਲੋਕਤੰਤਰ ਵਿੱਚ ਵਿਰੋਧੀ ਧਿਰ ਦਾ ਕੰਮ ਸਿਰਫ਼ ਸਰਕਾਰ ਦੀ ਆਲੋਚਨਾ ਕਰਨਾ ਨਹੀਂ, ਸਗੋਂ ਨੀਤੀਆਂ ਦੀ ਜਾਂਚ ਕਰਨਾ, ਵਿਕਲਪ ਪੇਸ਼ ਕਰਨਾ ਅਤੇ ਜਨਤਾ ਦੇ ਸਵਾਲਾਂ ਨੂੰ ਵਿਧਾਨ ਸਭਾ ਤੱਕ ਪਹੁੰਚਾਉਣਾ ਵੀ ਹੈ। ਜੇ ਵਿਰੋਧੀ ਧਿਰ ਸਿਰਫ਼ ਰਾਜਨੀਤਿਕ ਵਿਰੋਧ ਦਾ ਵਿਰੋਧ ਕਰੇ, ਸੰਸਦ ਜਾਂ ਵਿਧਾਨ ਸਭਾਵਾਂ ਦੀ ਕਾਰਵਾਈ ਵਿੱਚ ਰੁਕਾਵਟ ਪਾਏ ਜਾਂ ਤੱਥਾਂ ਦੀ ਥਾਂ ਨਿੱਜੀ ਦੋਸ਼ਾਂ ਨੂੰ ਤਰਜੀਹ ਦੇਵੇ, ਤਾਂ ਲੋਕਤੰਤਰਿਕ ਵਿਚਾਰ-ਵਟਾਂਦਰਾ ਪ੍ਰਭਾਵਿਤ ਹੁੰਦਾ ਹੈ।

ਇਸ ਦੇ ਉਲਟ, ਜੇ ਸੱਤਾਧਾਰੀ ਧਿਰ ਵਿਰੋਧ ਨੂੰ ਦੁਸ਼ਮਣੀ ਸਮਝੇ, ਸਵਾਲਾਂ ਤੋਂ ਬਚੇ ਜਾਂ ਸੁਤੰਤਰ ਸੰਸਥਾਵਾਂ ਉੱਤੇ ਅਯੋਗ ਦਬਾਅ ਪਾਵੇ, ਤਾਂ ਜਵਾਬਦੇਹੀ ਦਾ ਸੰਤੁਲਨ ਟੁੱਟ ਜਾਂਦਾ ਹੈ। ਨਿਆਂਪਾਲਿਕਾ, ਚੋਣ ਕਮਿਸ਼ਨ, ਆਡਿਟ ਸੰਸਥਾਵਾਂ, ਸੁਤੰਤਰ ਮੀਡੀਆ ਅਤੇ ਜਾਂਚ ਏਜੰਸੀਆਂ ਦੀ ਨਿਰਪੱਖਤਾ ਲੋਕਤੰਤਰਿਕ ਪ੍ਰਣਾਲੀ ਲਈ ਅਤਿ ਮਹੱਤਵਪੂਰਨ ਹੈ।

ਚੋਣੀ ਮੁਕਾਬਲਾ ਜਦੋਂ ਨੀਤੀਆਂ ਅਤੇ ਕਾਰਗੁਜ਼ਾਰੀ ਦੀ ਥਾਂ ਸਮਾਜਿਕ ਵੰਡ ਨੂੰ ਵਧਾਉਣ ਲੱਗਦਾ ਹੈ, ਤਾਂ ਲੋਕਤੰਤਰ ਦਾ ਸਾਂਝਾ ਆਧਾਰ ਕਮਜ਼ੋਰ ਹੋ ਜਾਂਦਾ ਹੈ। ਧਰਮ, ਜਾਤੀ, ਭਾਸ਼ਾ, ਖੇਤਰ ਅਤੇ ਸਮਾਜਿਕ ਪਛਾਣ ਦੇ ਨਾਂ 'ਤੇ ਲੋਕਾਂ ਨੂੰ ਇਕ-ਦੂਜੇ ਦੇ ਵਿਰੁੱਧ ਖੜ੍ਹਾ ਕਰਨਾ ਥੋੜ੍ਹੇ ਸਮੇਂ ਲਈ ਸਿਆਸੀ ਲਾਭ ਦੇ ਸਕਦਾ ਹੈ, ਪਰ ਇਸ ਲੰਬੇ ਸਮੇਂ ਵਿੱਚ ਸਮਾਜਿਕ ਭਰੋਸੇ ਨੂੰ ਨੁਕਸਾਨ ਪਹੁੰਚਾਉਂਦਾ ਹੈ।

ਲੋਕਤੰਤਰ ਵਿੱਚ ਅਸਹਿਮਤੀ ਸੁਭਾਵਿਕ ਹੈ, ਪਰ ਅਸਹਿਮਤ ਵਿਅਕਤੀ ਨੂੰ ਦੇਸ਼-ਵਿਰੋਧੀ, ਦੁਸ਼ਮਣ ਜਾਂ ਸਮਾਜ ਲਈ ਖ਼ਤਰਾ ਕਰਾਰ ਦੇਣਾ ਸਿਹਤਮੰਦ ਰਾਜਨੀਤਿਕ ਸੰਸਕ੍ਰਿਤੀ ਨਹੀਂ। ਸੰਜਮ , ਤੱਥ-ਆਧਾਰਿਤ ਬਹਿਸ ਅਤੇ ਵਿਰੋਧੀ ਵਿਚਾਰਾਂ ਦਾ ਸਤਿਕਾਰ ਲੋਕਤੰਤਰ ਦੀ ਲਾਜ਼ਮੀ ਬੁਨਿਆਦ ਹਨ।

ਲੋਕਤੰਤਰ ਦੀਆਂ ਘਾਟਾ ਨੂੰ ਦੂਰ ਕਰਨ ਲਈ ਸਿਰਫ਼ ਕਾਨੂੰਨ ਬਣਾਉਣਾ ਕਾਫ਼ੀ ਨਹੀਂ, ਸਗੋਂ ਉਨ੍ਹਾਂ ਦੀ ਨਿਰਪੱਖ ਪਾਲਣਾ ਵੀ ਜ਼ਰੂਰੀ ਹੈ। ਇਸ ਲਈ ਕੁਝ ਬੁਨਿਆਦੀ ਸੁਧਾਰ ਮਹੱਤਵਪੂਰਨ ਹਨ:

1. ਪਾਰਦਰਸ਼ੀ ਰਾਜਨੀਤਿਕ ਫੰਡਿੰਗ: ਪਾਰਟੀਆਂ ਅਤੇ ਉਮੀਦਵਾਰਾਂ ਦੇ ਆਮਦਨ-ਖ਼ਰਚ ਦਾ ਪ੍ਰਭਾਵਸ਼ਾਲੀ ਖੁਲਾਸਾ ਅਤੇ ਕਾਨੂੰਨੀ ਜਾਂਚ।
2. ਜਵਾਬਦੇਹ ਪ੍ਰਸ਼ਾਸਨ: ਸਮੇਂ-ਬੱਧ ਸੇਵਾਵਾਂ, ਜਨਤਕ ਸ਼ਿਕਾਇਤਾਂ ਦਾ ਨਿਪਟਾਰਾ ਅਤੇ ਕੰਮ ਦੀ ਮਾਪਯੋਗ ਸਮੀਖਿਆ।
3. ਸੁਤੰਤਰ ਸੰਸਥਾਵਾਂ: ਜਾਂਚ, ਚੋਣ, ਆਡਿਟ ਅਤੇ ਨਿਆਂ ਪ੍ਰਣਾਲੀ ਦੀ ਨਿਰਪੱਖਤਾ ਦੀ ਰੱਖਿਆ।
4. ਮਜ਼ਬੂਤ ਸਥਾਨਕ ਸਰਕਾਰਾਂ: ਪੰਚਾਇਤਾਂ ਅਤੇ ਨਗਰ ਸੰਸਥਾਵਾਂ ਨੂੰ ਅਧਿਕਾਰ, ਸਰੋਤ ਅਤੇ ਜਵਾਬਦੇਹੀ ਦੇਣਾ।
5. ਨਾਗਰਿਕ ਸਿੱਖਿਆ: ਸੰਵਿਧਾਨ, ਅਧਿਕਾਰਾਂ, ਫ਼ਰਜ਼ਾਂ ਅਤੇ ਤੱਥ-ਜਾਂਚ ਬਾਰੇ ਜਾਗਰੂਕਤਾ ਵਧਾਉਣਾ।
6. ਵਿਰੋਧੀ ਧਿਰ ਦੀ ਸਾਰਥਕ ਭੂਮਿਕਾ: ਆਲੋਚਨਾ ਦੇ ਨਾਲ ਵਿਕਲਪੀ ਨੀਤੀਆਂ ਅਤੇ ਰਚਨਾਤਮਕ ਸੁਝਾਅ ਪੇਸ਼ ਕਰਨਾ।
7. ਵਾਅਦਿਆਂ ਦੀ ਜਵਾਬਦੇਹੀ: ਚੋਣੀ ਵਾਅਦਿਆਂ ਦੀ ਵਿੱਤੀ ਸੰਭਾਵਨਾ, ਪ੍ਰਗਤੀ ਅਤੇ ਨਤੀਜਿਆਂ ਬਾਰੇ ਜਨਤਕ ਜਾਣਕਾਰੀ ਦੇਣਾ।
8. ਸੰਵਿਧਾਨਕ ਅਧਿਕਾਰਾਂ ਦੀ ਰੱਖਿਆ: ਬਹੁਮਤ ਦੀ ਇੱਛਾ ਨੂੰ ਵੀ ਕਾਨੂੰਨ, ਨਿਆਂ ਅਤੇ ਮੂਲ ਅਧਿਕਾਰਾਂ ਦੀਆਂ ਹੱਦਾਂ ਅੰਦਰ ਰੱਖਣਾ।

### ਲੋਕਤੰਤਰ ਦੀ ਰੱਖਿਆ ਸਿਰਫ਼ ਵੋਟ ਨਾਲ ਨਹੀਂ, ਸਗੋਂ ਜਾਗਰੂਕਤਾ ਨਾਲ ਹੁੰਦੀ ਹੈ

ਲੋਕਤੰਤਰ ਦੀ ਸਭ ਤੋਂ ਵੱਡੀ ਤਾਕਤ ਇਹ ਹੈ ਕਿ ਇਹ ਜਨਤਾ ਨੂੰ ਸਰਕਾਰ ਚੁਣਨ, ਉਸ ਦੀ ਆਲੋਚਨਾ ਕਰਨ ਅਤੇ ਲੋੜ ਪੈਣ 'ਤੇ ਉਸ ਨੂੰ ਬਦਲਣ ਦਾ ਅਧਿਕਾਰ ਦਿੰਦਾ ਹੈ। ਪਰ ਇਸ ਦੀ ਸਭ ਤੋਂ ਵੱਡੀ ਕਮਜ਼ੋਰੀ ਇਹ ਬਣ ਸਕਦੀ ਹੈ ਕਿ ਜੇ ਨਾਗਰਿਕ, ਸਿਆਸੀ ਪਾਰਟੀਆਂ ਅਤੇ ਸਰਕਾਰੀ ਸੰਸਥਾਵਾਂ ਆਪਣੀਆਂ ਜ਼ਿੰਮੇਵਾਰੀਆਂ ਤੋਂ ਮੁੱਖ ਮੋੜ ਲੈਣ, ਤਾਂ ਲੋਕਤੰਤਰ ਦਾ ਢਾਂਚਾ ਕਾਇਮ ਰਹਿਣ ਦੇ ਬਾਵਜੂਦ ਇਸ ਦੇ ਨਤੀਜੇ ਲੋਕ-ਹਿਤ ਦੇ ਵਿਰੁੱਧ ਜਾ ਸਕਦੇ ਹਨ।

ਵੋਟ ਪਾਉਣਾ ਨਾਗਰਿਕ ਦਾ ਅਧਿਕਾਰ ਹੈ, ਪਰ ਵੋਟ ਪਾਉਣ ਤੋਂ ਪਹਿਲਾਂ ਸਵਾਲ ਕਰਨਾ, ਤੱਥਾਂ ਦੀ ਜਾਂਚ ਕਰਨਾ, ਚੁਣੇ ਹੋਏ ਨੁਮਾਇੰਦੇ ਦੇ ਕੰਮ ਦਾ ਹਿਸਾਬ ਮੰਗਣਾ ਅਤੇ ਸੰਵਿਧਾਨਕ ਮੁੱਲਾਂ ਦੀ ਰੱਖਿਆ ਕਰਨਾ ਵੀ ਜ਼ਿੰਮੇਵਾਰ ਨਾਗਰਿਕਤਾ ਦਾ ਹਿੱਸਾ ਹੈ।

ਯਾਦ ਰੱਖੋ ਲੋਕਤੰਤਰ ਵਿੱਚ ਬਹੁਮਤ ਸਰਕਾਰ ਬਣਾਉਂਦਾ ਹੈ, ਪਰ ਬਹੁਮਤ ਹੋਣਾ ਕਿਸੇ ਨੂੰ ਨਿਰੰਕੁਸ਼ ਹੋਣ ਦਾ ਲਾਇਸੈਂਸ ਨਹੀਂ ਦਿੰਦਾ। ਸਰਕਾਰ ਦੀ ਅਸਲ ਸਫਲਤਾ ਚੋਣ ਜਿੱਤਣ ਵਿੱਚ ਨਹੀਂ, ਸਗੋਂ ਨਿਆਂਪੂਰਨ ਸ਼ਾਸਨ, ਇਮਾਨਦਾਰ ਪ੍ਰਸ਼ਾਸਨ ਅਤੇ ਲੋਕਾਂ ਦੇ ਜੀਵਨ ਵਿੱਚ ਠੋਸ ਸੁਧਾਰ ਲਿਆਉਣ ਵਿੱਚ ਹੈ।

ਇੱਕ ਪਰਪੱਖ ਲੋਕਤੰਤਰ ਉਹ ਨਹੀਂ ਜਿਸ ਵਿੱਚ ਸਰਕਾਰ ਦੀ ਕਦੇ ਵਿਰੋਧ ਨਾ ਹੋਵੇ; ਸਗੋਂ ਉਹ ਹੈ ਜਿਸ ਵਿੱਚ ਸੱਤਾ ਨੂੰ ਸਵਾਲਾਂ ਦਾ ਸਾਹਮਣਾ ਕਰਨਾ ਪਵੇ, ਵਿਰੋਧੀ ਧਿਰ ਨੂੰ ਆਪਣੀ ਗੱਲ ਕਹਿਣ ਦੀ ਆਜ਼ਾਦੀ ਹੋਵੇ, ਘੱਟਗਿਣਤੀਆਂ ਦੇ ਅਧਿਕਾਰ ਸੁਰੱਖਿਅਤ ਰਹਿਣ ਅਤੇ ਹਰ ਨਾਗਰਿਕ ਨੂੰ ਕਾਨੂੰਨ ਅੱਗੇ ਬਰਾਬਰ ਸਮਝਿਆ ਜਾਵੇ। ਲੋਕਤੰਤਰ ਦੀ ਅਸਲ ਜਿੱਤ ਸੱਤਾ ਦੇ ਵਿਸਥਾਰ ਵਿੱਚ ਨਹੀਂ, ਸਗੋਂ ਸੱਤਾ ਉੱਤੇ ਸੰਵਿਧਾਨਕ ਨਿਯੰਤਰਣ ਅਤੇ ਜਨਤਾ ਦੇ ਭਰੋਸੇ ਵਿੱਚ ਹੈ।

# ਜੀਐੱਮਸੀਐੱਚ-32 ਵਿੱਚ ਮੈਡਮੌਰਫੌਸਿਸ ਮੈਡੀਕਲ ਕਾਨਫਰੰਸ ਦੇ ਪਹਿਲੇ ਸੰਸਕਰਣ ਦਾ ਸਮਾਪਨ

**ਚੰਡੀਗੜ੍ਹ**, 13 **ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**
ਗਵਰਨਮੈਂਟ ਮੈਡੀਕਲ ਕਾਲਜ ਐਂਡ ਹੌਸਪਿਟਲ (ਜੀਐੱਮਸੀਐੱਚ),ਸੈਕਟਰ-32, ਚੰਡੀਗੜ੍ਹ ਵਿੱਚ ਕੇਵਲ ਅੰਡਰਗ੍ਰੈਜੂਏਟ ਐੱਮਬੀਬੀਐੱਸ ਵਿਦਿਆਰਥੀਆਂ ਲਈ ਆਯੋਜਿਤ ਦੋ ਦਿਨਾਂ ਦੀ ਮੈਡੀਕਲ ਕਾਨਫਰੰਸ 'ਮੈਡਮੌਰਫੌਸਿਸ' ਦੇ ਪਹਿਲੇ ਸੰਸਕਰਣ ਦਾ ਸਮਾਪਨ 11 ਅਕਤੂਬਰ, 2026 ਨੂੰ ਹੋ ਗਿਆ। ਸੰਸਥਾ ਦੇ ਰਿਸਰਚ ਸੈੱਲ ਦੁਆਰਾ 10 ਅਤੇ 11 ਅਕਤੂਬਰ ਨੂੰ ਆਯੋਜਿਤ ਇਸ ਕਾਨਫਰੰਸ ਵਿੱਚ ਉੱਤਰ ਭਾਰਤ ਦੇ 200 ਤੋਂ ਅਧਿਕ ਪ੍ਰਤੀਨਿਧੀਆਂ ਨੇ ਹਿੱਸਾ ਲਿਆ।

ਇਸ ਕਾਨਫਰੰਸ ਦਾ ਮੁੱਖ ਉਦੇਸ਼ ਅਕਾਦਮਿਕ ਸੈਸ਼ਨਾਂ ਅਤੇ ਵਿਵਹਾਰਿਕ ਟ੍ਰੇਨਿੰਗ ਦੇ ਤਾਲਮੇਲ ਨਾਲ



ਵਿਦਿਆਰਥੀਆਂ ਦੇ ਕਲੀਨਿਕਲ ਕੌਸ਼ਲ, ਖੋਜ ਯੋਗਤਾ ਅਤੇ ਮੈਡੀਕਲ ਸਾਇੰਸ ਦੀ ਵਿਵਹਾਰਿਕ ਸਮਝ ਨੂੰ ਮਜ਼ਬੂਤ ??ਕਰਨਾ ਸੀ। ਕਾਨਫਰੰਸ ਦੇ ਦੌਰਾਨ ਬੇਸਿਕ ਸੂਚਰਿੰਗ (ਟਾਂਕੇ ਲਗਾਉਣ ਦੀਆਂ) ਤਕਨੀਕਾਂ ਅਤੇ 'ਏਅਰਵੇਅ ਮੈਨੇਜਮੈਂਟ' (ਸਾਹ ਨਾਲੀ ਪ੍ਰਬੰਧਨ) 'ਤੇ ਆਯੋਜਿਤ ਵਰਕਸ਼ਾਪਾਂ ਨੇ ਪ੍ਰਤੀਭਾਗੀਆਂ ਨੂੰ ਜ਼ਰੂਰੀ ਕਲੀਨਿਕਲ ਪ੍ਰਕਿਰਿਆਵਾਂ ਦਾ ਵਿਵਹਾਰਿਕ ਅਨੁਭਵ ਪ੍ਰਦਾਨ ਕੀਤਾ।

ਇਸ ਪ੍ਰੋਗਰਾਮ ਵਿੱਚ ਮੈਡੀਕਲ ਕੁਇਜ਼ ਅਤੇ ਕੇਸ ਪ੍ਰੈਜ਼ੈਂਟੇਸ਼ਨ ਮੁਕਾਬਲਿਆਂ ਦਾ ਵੀ ਆਯੋਜਨ ਕੀਤਾ ਗਿਆ, ਜਿਨ੍ਹਾਂ ਨੇ ਵਿਦਿਆਰਥੀਆਂ ਨੂੰ ਆਪਣੇ ਗਿਆਨ ਦਾ ਪ੍ਰਦਰਸ਼ਨ ਕਰਨ,ਆਪਣੇ ਖੋਜ ਕਾਰਜਾਂ ਨੂੰ ਪ੍ਰਸਤੁਤ ਕਰਨ ਅਤੇ ਸਹਿਪਾਠੀਆਂ ਨਾਲ ਵਿਚਾਰਾਂ ਦਾ ਅਦਾਨ-ਪ੍ਰਦਾਨ ਕਰਨ ਦਾ ਅਵਸਰ ਦਿੱਤਾ।

ਫੈਕਲਟੀ ਮੈਂਬਰਾਂ ਨੇ ਪ੍ਰਤੀਭਾਗੀਆਂ ਦਾ ਮਾਰਗਦਰਸ਼ਨ ਕੀਤਾ ਅਤੇ ਉਨ੍ਹਾਂ ਵਿੱਚ ਕਲੀਨਿਕਲ ਨਿਰਣੇ ਲੈਣ ਦੀ ਸਮਰੱਥਾ ਅਤੇ ਵਿਵਹਾਰਿਕ ਕੌਸ਼ਲ ਵਿਕਸਿਤ ਕਰਨ ਵਿੱਚ ਮਦਦ ਕੀਤੀ।

ਡਾਇਰੈਕਟਰ ਪ੍ਰਿੰਸੀਪਲ ਡਾ. ਰਵਨੀਤ ਕੌਰ ਦੀ ਪਰਿਕਲਪਨਾ ਨਾਲ ਤਿਆਰ 'ਮੈਡਮੌਰਫੌਸਿਸ' ਨੂੰ ਸੰਸਥਾਨ ਦੇ ਅਕਾਦਮਿਕ ਕੈਲੰਡਰ ਦਾ ਇੱਕ ਵਾਰਸ਼ਿਕ ਹਿੱਸਾ ਬਣਾਉਣ ਦੀ ਯੋਜਨਾ ਹੈ।

ਇਸ ਪਹਿਲ ਦਾ ਉਦੇਸ਼ ਸਿਧਾਂਤਕ ਲਰਨਿੰਗ ਅਤੇ ਬੈੱਡਸਾਇਡ ਕਲੀਨਿਕਲ ਪ੍ਰੈਕਟਿਸ ਵਿਚਕਾਰ ਪਾੜੇ ਨੂੰ ਘਟਾਉਣਾ ਸੀ, ਅਤੇ ਨਾਲ ਹੀ ਭਵਿੱਖ ਦੇ ਡਾਕਟਰਾਂ ਵਿੱਚ ਵਿਗਿਆਨਿਕ ਉਤਸੁਕਤਾ ਅਤੇ ਪੇਸ਼ੇਵਰ ਉਤਕ੍ਰਿਸ਼ਟਤਾ ਨੂੰ ਉਤਸ਼ਾਹਿਤ ਕਰਨਾ ਸੀ।

ਸਾਰੇ ਪ੍ਰਤੀਨਿਧੀਆਂ ਦਾ ਸੁਆਗਤ ਮੈਡੀਕਲ ਸੁਪਰਡੈਂਟ ਡਾ. ਵਿਸ਼ਾਲ ਗੁਗਲਾਨੀ, ਪ੍ਰੋਫੈਸਰ-ਇਨ-ਚਾਰਜ (ਅਕੈਡਮਿਕਸ) ਡਾ. ਉਮਾ ਹਾਂਡਾ ਅਤੇ ਰਿਸਰਚ ਸੈੱਲ ਦੇ ਕਨਵੀਨਰ ਡਾ. ਸੂਕਸ਼ਮ ਜੈਨ ਨੇ ਕੀਤਾ। ਇਸ ਉਦਘਾਟਨੀ ਸੰਸਕਰਣ ਦਾ ਤਾਲਮੇਲ ਐੱਮਬੀਬੀਐੱਸ ਦੇ ਅੰਤਿਮ ਵਰ੍ਹੇ ਦੇ ਵਿਦਿਆਰਥੀਆਂ ਅਤਿਸ਼ੈ ਜੈਨ ਅਤੇ ਅਰਣਵ ਚੁਘ ਦੁਆਰਾ ਕੀਤਾ ਗਿਆ।

ਆਪਣੇ ਅਕਾਦਮਿਕ ਅਤੇ ਪ੍ਰੈਕਟੀਕਲ ਕੰਪੋਨੈਂਟਸ ਦੇ ਜ਼ਰੀਏ, 'ਮੈਡਮੌਰਫੌਸਿਸ' ਨੇ ਅੰਡਰਗ੍ਰੈਜੂਏਟ ਮੈਡੀਕਲ ਵਿਦਿਆਰਥੀਆਂ ਨੂੰ ਆਪਣੇ ਕਲੀਨੀਕਲ ਕੌਸ਼ਲ ਨੂੰ ਵਧਾਉਣ, ਖੋਜ ਅਨੁਭਵਾਂ ਨੂੰ ਸਾਂਝਾ ਕਰਨ ਅਤੇ ਮਾਹਰ ਫੈਕਲਟੀ ਤੋਂ ਸਿੱਖਣ ਲਈ ਇੱਕ ਬਿਹਤਰੀਨ ਮੰਚ ਪ੍ਰਦਾਨ ਕੀਤਾ।

# ਡੀਸੀ ਵੱਲੋਂ ਅੰਤਿਮ ਵੋਟਰ ਸੂਚੀਆਂ ਦੀਆਂ ਹਾਰਡ ਅਤੇ ਸਾਫ਼ਟ ਕਾਪੀਆਂ ਮੁਹੱਈਆ ਕਰਵਾਈਆਂ



**ਪਟਿਆਲਾ**, 13 **ਅਕਤੂਬਰ**
**-ਛਤਰਪਾਲ ਸਿੰਘ-**
ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ, ਪਟਿਆਲਾ ਡਾ. ਹਿਮਾਂਸ਼ੂ ਅਗਰਵਾਲ ਦੀ ਪ੍ਰਧਾਨਗੀ ਹੇਠ ਅੱਜ ਜ਼ਿਲ੍ਹੇ ਦੀਆਂ ਸਮੂਹ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਜ਼ਿਲ੍ਹਾ ਪ੍ਰਧਾਨਾਂ ਅਤੇ ਅਧਿਕਾਰਤ ਨੁਮਾਇੰਦਿਆਂ ਨਾਲ ਐੱਸ.ਆਈ.ਆਰ.-2026 ਤਹਿਤ ਅੰਤਿਮ ਵੋਟਰ ਸੂਚੀਆਂ ਦੀ ਪ੍ਰਕਾਸ਼ਨਾ ਸਬੰਧੀ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰੀ ਸੁਧਾਈ, ਤਸਦੀਕ ਅਤੇ ਅੰਤਿਮ ਰੂਪ ਦੇਣ ਸਬੰਧੀ ਕੀਤੀ ਗਈ ਕਾਰਵਾਈ ਬਾਰੇ ਜਾਣਕਾਰੀ ਦਿੱਤੀ ਗਈ।

ਜ਼ਿਲ੍ਹਾ ਪਟਿਆਲਾ ਵਿੱਚ ਪਹਿਲਾਂ ਵੋਟਰਾਂ ਦੀ ਕੁੱਲ ਗਿਣਤੀ 13,81,418 ਸੀ, ਜਿਸ ਵਿੱਚ 53,470 ਵੋਟਰਾਂ ਦਾ ਵਾਧਾ ਹੋਇਆ ਹੈ। ਇਸ ਨਾਲ ਹੁਣ ਜ਼ਿਲ੍ਹੇ ਵਿੱਚ ਵੋਟਰਾਂ ਦੀ ਕੁੱਲ ਗਿਣਤੀ ਵੱਧ ਕੇ 14,34,888 ਹੋ ਗਈ ਹੈ।

ਮੀਟਿੰਗ ਦੌਰਾਨ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਅੰਤਿਮ ਵੋਟਰ ਸੂਚੀਆਂ ਦੀ ਪ੍ਰਕਾਸ਼ਨਾ ਅਤੇ ਉਨ੍ਹਾਂ ਦੀ ਉਪਲਬਧਤਾ ਸਬੰਧੀ ਵੀ ਜਾਣੂ ਕਰਵਾਇਆ ਗਿਆ। ਇਸ ਮੌਕੇ ਜ਼ਿਲ੍ਹਾ ਪਟਿਆਲਾ ਦੇ ਹਰੇਕ ਵਿਧਾਨ ਸਭਾ ਚੋਣ ਹਲਕੇ ਦੀ ਫੋਟੋ ਸਮੇਤ ਅੰਤਿਮ ਪ੍ਰਕਾਸ਼ਿਤ ਵੋਟਰ ਸੂਚੀ ਦਾ ਇੱਕ ਸੈੱਟ ਰਾਜਨੀਤਿਕ ਪਾਰਟੀਆਂ ਦੇ ਜ਼ਿਲ੍ਹਾ ਪ੍ਰਧਾਨਾਂ ਅਤੇ ਅਧਿਕਾਰਤ ਨੁਮਾਇੰਦਿਆਂ ਨੂੰ ਮੁਹੱਈਆ ਕਰਵਾਇਆ ਗਿਆ। ਇਸ ਦੇ ਨਾਲ ਹੀ ਹਰੇਕ ਵਿਧਾਨ ਸਭਾ ਹਲਕੇ ਦੀ ਫੋਟੋ ਰਹਿਤ ਅੰਤਿਮ ਵੋਟਰ ਸੂਚੀ ਦੀ ਸਾਫ਼ਟ ਕਾਪੀ ਪੈੱਨ ਡਰਾਈਵ ਰਾਹੀਂ ਵੀ ਦਿੱਤੀ ਗਈ, ਤਾਂ ਜੋ ਰਾਜਨੀਤਿਕ ਪਾਰਟੀਆਂ ਆਪਣੇ ਰਿਕਾਰਡ ਲਈ ਅੰਤਿਮ ਵੋਟਰ ਸੂਚੀਆਂ ਦੀ ਜਾਂਚ ਕਰ ਸਕਣ।

ਜ਼ਿਲ੍ਹਾ ਚੋਣ ਅਫ਼ਸਰ ਵੱਲੋਂ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਦੱਸਿਆ ਗਿਆ ਕਿ ਅੰਤਿਮ ਵੋਟਰ ਸੂਚੀਆਂ ਦੀ ਪ੍ਰਕਾਸ਼ਨਾ ਤੋਂ ਬਾਅਦ ਵੀ ਜੇਕਰ ਕਿਸੇ ਯੋਗ ਵਿਅਕਤੀ ਦਾ ਨਾਮ ਵੋਟਰ ਸੂਚੀ ਵਿੱਚ ਦਰਜ ਹੋਣ ਤੋਂ ਰਹਿ ਗਿਆ ਹੈ, ਤਾਂ ਉਹ ਆਪਣਾ ਨਾਮ ਦਰਜ ਕਰਵਾਉਣ ਲਈ ਫਾਰਮ ਨੰਬਰ 6 ਭਰ ਸਕਦਾ ਹੈ। ਇਸੇ ਤਰ੍ਹਾਂ ਜੇਕਰ ਕਿਸੇ ਮ੍ਰਿਤਕ ਜਾਂ ਸਥਾਈ ਤੌਰ 'ਤੇ ਸ਼ਿਫਟ ਹੋ ਚੁੱਕੇ ਵੋਟਰ ਦਾ ਨਾਮ ਵੋਟਰ ਸੂਚੀ ਵਿੱਚ ਦਰਜ ਹੈ, ਤਾਂ ਨਾਮ ਕਟਵਾਉਣ ਲਈ ਫਾਰਮ ਨੰਬਰ 7 ਭਰਿਆ ਜਾ ਸਕਦਾ ਹੈ। ਵੋਟਰ ਸੂਚੀ ਵਿੱਚ ਦਰਜ ਵੇਰਵਿਆਂ ਦੀ ਸੋਧ ਕਰਵਾਉਣ ਜਾਂ ਇੱਕ ਥਾਂ ਤੋਂ ਦੂਜੀ ਥਾਂ 'ਤੇ ਰਿਹਾਇਸ਼ ਬਦਲਣ ਦੀ ਸੂਰਤ ਵਿੱਚ ਫਾਰਮ ਨੰਬਰ 8 ਭਰਿਆ ਜਾ ਸਕਦਾ ਹੈ।

ਉਨ੍ਹਾਂ ਦੱਸਿਆ ਕਿ ਇਹ ਫਾਰਮ ਲੋੜੀਂਦੇ ਦਸਤਾਵੇਜ਼ਾਂ ਸਮੇਤ ਸਬੰਧਤ ਬੂਥ ਦੇ ਬੂਥ ਲੈਵਲ ਅਫ਼ਸਰ (ਬੀ.ਐਲ.ਓ.) ਜਾਂ ਹਲਕੇ ਦੇ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰ ਕੋਲ ਜਮ੍ਹਾਂ ਕਰਵਾਏ ਜਾ ਸਕਦੇ ਹਨ। ਇਸ ਤੋਂ ਇਲਾਵਾ ਇਹ ਫਾਰਮ ਭਾਰਤ ਚੋਣ ਕਮਿਸ਼ਨ ਦੇ ਵੈੱਬ ਪੋਰਟਲ voter.eci.gov.in ਜਾਂ ਵੋਟਰ ਹੈਲਪਲਾਈਨ ਮੋਬਾਈਲ ਐਪ ਰਾਹੀਂ ਆਨਲਾਈਨ ਵੀ ਜਮ੍ਹਾਂ ਕਰਵਾਏ ਜਾ ਸਕਦੇ ਹਨ।

ਪ੍ਰਾਪਤ ਹੋਣ ਵਾਲੇ ਦਾਅਵਿਆਂ ਅਤੇ ਇਤਰਾਜ਼ਾਂ ਦਾ ਨਿਪਟਾਰਾ ਵੋਟਰ ਸੂਚੀਆਂ ਦੀ ਲਗਾਤਾਰ ਸੁਧਾਈ ਦੌਰਾਨ ਕੀਤਾ ਜਾਵੇਗਾ।

ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਵੋਟਰ ਕਾਰਡ, ਵੋਟਰ ਸੇਵਾਵਾਂ ਅਤੇ ਐੱਸ.ਆਈ.ਆਰ. ਪ੍ਰਕਿਰਿਆ ਨਾਲ ਸਬੰਧਤ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਸਹਾਇਤਾ ਲਈ ਵੋਟਰ ਹੈਲਪਲਾਈਨ ਨੰਬਰ 1950 'ਤੇ ਵੀ ਸੰਪਰਕ ਕੀਤਾ ਜਾ ਸਕਦਾ ਹੈ।






# ਪਬਲਿਕ ਨਸ਼ਾ ਤਸਕਰਾਂ ਵਿਰੁੱਧ ਜਾਣਕਾਰੀ ਦੇਣ ਲਈ ਬਗੈਰ ਕਿਸੇ ਡਰ ਭੈ ਦੇ ਉਹਨਾਂ ਦੀ ਸੂਚਨਾ ਪੁਲਿਸ ਨੂੰ ਦੇਣ ਲਈ ਅੱਗੇ ਆਏ ਸੂਚਨਾ ਦੇਣ ਵਾਲੇ ਦਾ ਨਾਮ ਪੁਲਿਸ ਵੱਲੋਂ ਗੁਪਤ ਰੱਖਿਆ ਜਾਦਾ ਹੈ : ਐਸ ਪੀ ਇੰਨਵੈਸਟੀਗੇਸਨ ਰਾਜੇਸ਼ ਛਿੱਬਰ

ਪਟਿਆਲਾ,13 ਅਕਤੂਬਰ
-ਗੁਰਮੀਤ ਸਿੰਘ ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਪਟਿਆਲਾ ਜ਼ਿਲ੍ਹੇ ਦੀਆਂ ਨਾਮਵਰ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ਼ ਇੰਡੀਆ, ਪਾਵਰ ਹਾਊਸ ਯੂਥ ਕਲੱਬ ਅਤੇ ਯੁਵਕ ਸੇਵਾਵਾਂ ਕਲੱਬ ਦੀਪ ਨਗਰ ਦੇ ਸਰਪ੍ਰਸਤ ਅਤੇ ਚੇਅਰਮੈਨ, ਸਟੇਟ ਐਵਾਰਡੀ ਸ੍ਰੀ ਪਰਮਿੰਦਰ ਭਲਵਾਨ, ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਂਬਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ, ਮੈਂਬਰ ਜ਼ਿਲ੍ਹਾ ਯੁਵਾ ਸਾਂਝ ਕਮੇਟੀ ਪਟਿਆਲਾ ਪੁਲਿਸ, ਮੈਂਬਰ ਵੂਮੈਨ ਕਾਉਂਸਲਿੰਗ ਸੈੱਲ ਪਟਿਆਲਾ ਪੁਲਿਸ ਅਤੇ ਗਵਰਨਰ ਐਵਾਰਡੀ ਸ੍ਰੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਵੱਲੋਂ ਅੱਜ ਐਸ.ਪੀ. ਇਨਵੈਸਟੀਗੇਸ਼ਨ ਪਟਿਆਲਾ ਸ੍ਰੀ ਰਾਜੇਸ਼ ਕੁਮਾਰ ਛਿੱਬਰ ਜੀ ਨਾਲ ਵਿਸ਼ੇਸ਼ ਮੁਲਾਕਾਤ ਕੀਤੀ ਗਈ।

ਮੁਲਾਕਾਤ ਦੌਰਾਨ ਸਮਾਜ ਸੇਵੀ ਸੰਸਥਾਵਾਂ ਵੱਲੋਂ ਜ਼ਿਲ੍ਹਾ ਪਟਿਆਲਾ ਵਿੱਚ ਨਸ਼ਿਆਂ ਦੀ ਰੋਕਥਾਮ ਲਈ ਕੀਤੇ ਜਾ ਰਹੇ ਉਪਰਾਲਿਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਇਸ ਮੌਕੇ ਸਟੇਟ ਐਵਾਰਡੀ



ਪਰਮਿੰਦਰ ਭਲਵਾਨ ਅਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਨੇ ਐਸ ਪੀ ਇੰਨਵੈਸਟੀਗੇਸਨ ਰਾਜੇਸ਼ ਛਿੱਬਰ ਨੂੰ ਦੱਸਿਆ ਕਿ ਉਹਨਾਂ ਦੀਆਂ ਸੰਸਥਾਵਾਂ ਵੱਲੋਂ ਪਿਛਲੇ ਕਈ ਸਾਲਾਂ ਤੋਂ ਪੰਜਾਬ ਪੁਲਿਸ ਦੇ ਸਹਿਯੋਗ ਨਾਲ ਪਿੰਡ-ਪਿੰਡ, ਸਕੂਲਾਂ-ਕਾਲਜਾਂ ਅਤੇ ਸ਼ਹਿਰੀ ਬਸਤੀਆਂ ਵਿੱਚ ਜਾ ਕੇ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਲਈ ਪੁਲਿਸ ਅਤੇ ਸਮਾਜ ਸੇਵੀ ਸੰਸਥਾਵਾਂ ਨੂੰ ਰਲ-ਮਿਲ ਕੇ ਇਸ ਬੁਰਾਈ ਖਿਲਾਫ ਲੜਨਾ ਪਵੇਗਾ।

ਇਸ ਮੌਕੇ ਐਸ ਪੀ ਇੰਨਵੈਸਟੀਗੇਸਨ ਰਾਜੇਸ਼ ਕੁਮਾਰ ਛਿੱਬਰ ਕਿਹਾ ਕਿ ਪਰਮਿੰਦਰ ਭਲਵਾਨ ਅਤੇ ਜਤਵਿੰਦਰ ਗਰੇਵਾਲ ਦੀ ਟੀਮ ਵੱਲੋਂ'ਨਸ਼ਾ ਮੁਕਤ ਭਾਰਤ ਅਭਿਆਨ' ਅਤੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਲਗਾਤਾਰ ਸੈਮੀਨਾਰ, ਰੈਲੀਆਂ, ਨੁੱਕੜ ਨਾਟਕ ਅਤੇ ਕਾਉਂਸਲਿੰਗ ਕੈਂਪ ਲਗਾਏ ਜਾ ਰਹੇ ਹਨ ਜੋਂ ਕਿ ਬਹੁਤ ਹੀ ਸ਼ਲਾਘਾਯੋਗ ਉਪਰਾਲੇ ਹਨ।

ਉਹਨਾਂ ਕਿਹਾ ਕਿ ਬਹੁਤ ਸਾਰੇ ਨੌਜਵਾਨ ਜੋ ਗਲਤ ਸੰਗਤ ਕਾਰਨ ਨਸ਼ਿਆਂ ਦੀ ਦਲਦਲ ਵਿੱਚ ਫਸ ਗਏ ਸਨ, ਉਹਨਾਂ ਨੂੰ ਕਾਉਂਸਲਿੰਗ ਰਾਹੀਂ ਮੁੱਖ ਧਾਰਾ ਵਿੱਚ ਵਾਪਸ ਲਿਆਂਦਾ ਗਿਆ ਹੈ ਅਤੇ ਉਹਨਾਂ ਦਾ ਇਲਾਜ ਕਰਵਾ ਕੇ ਰੁਜ਼ਗਾਰ ਨਾਲ ਵੀ ਜੋੜਿਆ ਗਿਆ ਹੈ।ਉਹਨਾਂ ਕਿਹਾ ਕਿ ਪਟਿਆਲਾ ਪੁਲਿਸ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨਸ਼ਾ ਤਸਕਰਾਂ ਵਿਰੁੱਧ ਸਖ਼ਤ ਕਾਰਵਾਈ ਕਰ ਰਹੀ ਹੈ, ਪਰ ਪੁਲਿਸ ਦੀ ਕਾਰਵਾਈ ਦੇ ਨਾਲ-ਨਾਲ ਸਮਾਜਿਕ ਜਾਗਰੂਕਤਾ ਬਹੁਤ ਜ਼ਰੂਰੀ ਹੈ। ਉਹਨਾਂ ਕਿਹਾ ਕਿ ਜ਼ਿਲ੍ਹਾ ਸਾਂਝ ਕੇਂਦਰ, ਜ਼ਿਲ੍ਹਾ ਯੁਵਾ ਸਾਂਝ ਕਮੇਟੀ ਅਤੇ ਵੂਮੈਨ ਕਾਉਂਸਲਿੰਗ ਸੈੱਲ ਰਾਹੀਂ ਪੁਲਿਸ ਲੋਕਾਂ ਦੇ ਹੋਰ ਨੇੜੇ ਆ ਰਹੀ ਹੈ ਅਤੇ ਅਜਿਹੀਆਂ ਸੰਸਥਾਵਾਂ ਦਾ ਸਹਿਯੋਗ ਪੁਲਿਸ ਲਈ ਬਹੁਤ ਹੀ ਕੀਮਤੀ ਹੈ।

ਉਹਨਾਂ ਨੇ ਭਰੋਸਾ ਦਿੱਤਾ ਕਿ ਪਟਿਆਲਾ ਪੁਲਿਸ ਵੱਲੋਂ ਭਵਿੱਖ ਵਿੱਚ ਵੀ ਯੂਥ ਫੈਡਰੇਸ਼ਨ ਆਫ਼ ਇੰਡੀਆ, ਪਾਵਰ ਹਾਊਸ ਯੂਥ ਕਲੱਬ ਅਤੇ ਯੁਵਕ ਸੇਵਾਵਾਂ ਕਲੱਬ ਦੀਪ ਨਗਰ ਵਰਗੀਆਂ ਸੰਸਥਾਵਾਂ ਨੂੰ ਹਰ ਤਰ੍ਹਾਂ ਦਾ ਸਹਿਯੋਗ ਦਿੱਤਾ ਜਾਵੇਗਾ ਤਾਂ ਜੋ ਜ਼ਿਆਦਾ ਤੋਂ ਜ਼ਿਆਦਾ ਜਾਗਰੂਕਤਾ ਪ੍ਰੋਗਰਾਮ ਲਗਾਏ ਜਾ ਸਕਣ।

ਉਹਨਾਂ ਨੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਤੋਂ ਦੂਰ ਰਹਿਣ, ਖੇਡਾਂ ਨਾਲ ਜੁੜਨ ਅਤੇ ਆਪਣੀ ਊਰਜਾ ਨੂੰ ਦੇਸ਼ ਅਤੇ ਸਮਾਜ ਦੀ ਸੇਵਾ ਵਿੱਚ ਲਗਾਉਣ। ਉਹਨਾਂ ਕਿਹਾ ਕਿ ਜੇਕਰ ਕਿਸੇ ਨੂੰ ਆਪਣੇ ਆਸ-ਪਾਸ ਨਸ਼ਾ ਵਿਕਣ ਦੀ ਸੂਚਨਾ ਮਿਲਦੀ ਹੈ ਤਾਂ ਉਹ ਬਿਨਾਂ ਡਰ ਦੇ ਪੁਲਿਸ ਨੂੰ ਸੂਚਿਤ ਕਰੇ, ਸੂਚਨਾ ਦੇਣ ਵਾਲੇ ਦੀ ਪਛਾਣ ਗੁਪਤ ਰੱਖੀ ਜਾਵੇਗੀ।

ਇਸ ਮੌਕੇ ਪਰਮਿੰਦਰ ਭਲਵਾਨ ਅਤੇ ਜਤਵਿੰਦਰ ਗਰੇਵਾਲ ਨੇ ਐਸ.ਪੀ. ਸਾਹਿਬ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪਟਿਆਲਾ ਪੁਲਿਸ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਪਟਿਆਲਾ ਜ਼ਿਲ੍ਹੇ ਨੂੰ ਨਸ਼ਾ ਮੁਕਤ ਬਣਾਉਣ ਲਈ ਆਪਣਾ ਯੋਗਦਾਨ ਦਿੰਦੇ ਰਹਿਣਗੇ।

# ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵੱਲੋਂ ਜੰਗਲੀ ਜੀਵ ਸਪਤਾਹ ਮਨਾਇਆ ਗਿਆ; ਮਾਹਿਰ ਵਿਕਰਮਜੀਤ ਸਿੰਘ ਨੇ ਪੰਜਾਬ ਦੀ ਕੁਦਰਤੀ ਵਿਰਾਸਤ ਬਾਰੇ ਦਿੱਤੀ ਜਾਣਕਾਰੀ

ਫ਼ਤਹਿਗੜ੍ਹ ਸਾਹਿਬ, 13 ਅਕਤੂਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫ਼ਤਿਹਗੜ੍ਹ ਸਾਹਿਬ ਦੇ ਜੀਵ ਵਿਗਿਆਨ ਵਿਭਾਗ ਵੱਲੋਂ ਜੰਗਲੀ ਜੀਵ ਸਪਤਾਹ ਮਨਾਇਆ ਗਿਆ। ਇਸ ਮੌਕੇ ਜੰਗਲੀ ਜੀਵਾਂ ਦੀ ਸੰਭਾਲ, ਜੀਵ-ਵਿਭਿੰਨਤਾ ਦੀ ਰਾਖੀ ਅਤੇ ਵਾਤਾਵਰਣ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਨ ਲਈ ਵੱਖ-ਵੱਖ ਵਿਦਿਅਕ ਅਤੇ ਜਾਗਰੂਕਤਾ ਗਤੀਵਿਧੀਆਂ ਕਰਵਾਈਆਂ ਗਈਆਂ। ਇਸ ਮੌਕੇ ਵਣਜੀਵ ਮਾਹਿਰ, ਸੰਭਾਲ ਕਾਰਕੁਨ ਅਤੇ ਪੱਤਰਕਾਰ ਸ੍ਰੀ ਵਿਕਰਮਜੀਤ ਸਿੰਘ ਨੇ 'ਪੰਜਾਬ ਦੇ ਜੰਗਲੀ ਜੀਵਾਂ ਦੇ ਅਨਮੋਲ ਖ਼ਜ਼ਾਨੇ: ਅਣਗੌਲੀ ਕੁਦਰਤੀ ਵਿਰਾਸਤ ਦੀ ਪੜਚੋਲ' ਵਿਸ਼ੇ 'ਤੇ ਵਿਸ਼ੇਸ਼ ਭਾਸ਼ਣ ਦਿੱਤਾ। ਉਨ੍ਹਾਂ ਨੇ ਪੰਜਾਬ ਦੇ ਰਾਜ ਪੰਛੀ ਬਾਜ਼ ਦੇ ਇਤਿਹਾਸ ਅਤੇ ਸੰਭਾਲ ਪੱਖੋਂ ਇਸ ਦੀ ਮਹੱਤਤਾ, ਪੰਜਾਬ ਦੇ ਪੰਛੀ-



ਜਗਤ ਦੀਆਂ ਵਿਸ਼ੇਸ਼ਤਾਵਾਂ ਅਤੇ ਵੱਖ-ਵੱਖ ਪੰਛੀਆਂ ਦੇ ਵਿਹਾਰ ਬਾਰੇ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਨੇ ਪੰਜਾਬ ਵਿੱਚ ਪਾਈਆਂ ਜਾਣ ਵਾਲੀਆਂ ਸੱਪਾਂ ਦੀਆਂ ਆਮ ਕਿਸਮਾਂ ਬਾਰੇ ਵੀ ਜਾਣਕਾਰੀ ਦਿੱਤੀ, ਉਨ੍ਹਾਂ ਨਾਲ ਜੁੜੀਆਂ ਗ਼ਲਤ ਧਾਰਨਾਵਾਂ ਦੂਰ ਕੀਤੀਆਂ ਅਤੇ ਉਨ੍ਹਾਂ ਦੀ ਸੰਭਾਲ ਤੇ ਮਨੁੱਖਾਂ ਨਾਲ ਸਹਿ-ਹੋਂਦ ਦੀ ਮਹੱਤਤਾ ਉਜਾਗਰ ਕੀਤੀ।

ਵਿਭਾਗ ਵੱਲੋਂ ਡਾ. ਚਰਨ ਕਮਲ ਸੇਖੋਂ ਦੀ ਅਗਵਾਈ ਹੇਠ ਚੰਡੀਗੜ੍ਹ ਸਥਿਤ ਪੰਛੀ ਪਾਰਕ ਦਾ ਵਿਦਿਅਕ ਦੌਰਾ ਕਰਵਾਇਆ ਗਿਆ। ਇਸ ਦੌਰਾਨ ਵਿਦਿਆਰਥੀਆਂ ਨੂੰ ਪੰਛੀਆਂ ਦੀਆਂ ਵੱਖ-ਵੱਖ ਕਿਸਮਾਂ ਅਤੇ ਉਨ੍ਹਾਂ ਦੇ ਵਿਹਾਰ ਨੂੰ ਨੇੜਿਓਂ ਦੇਖਣ ਦਾ ਮੌਕਾ ਮਿਲਿਆ। ਇਸ ਤੋਂ ਇਲਾਵਾ, ਤਸਵੀਰਾਂ ਖਿੱਚਣ ਦਾ ਮੁਕਾਬਲਾ, 'ਜੀਵ-ਜੰਤੂਆਂ ਬਾਰੇ ਦਿਲਚਸਪ ਤੱਥ ਅਤੇ ਉਨ੍ਹਾਂ ਦਾ ਅਦਭੁੱਤ ਵਿਹਾਰ' ਵਿਸ਼ੇ 'ਤੇ ਗਿਆਨ-ਪਰਖ ਮੁਕਾਬਲਾ ਅਤੇ ਪੰਜਾਬ ਦੇ ਜੰਗਲੀ ਜੀਵਾਂ ਤੇ ਵਿਦਿਆਰਥੀਆਂ ਵੱਲੋਂ ਖਿੱਚੀਆਂ ਤਸਵੀਰਾਂ ਦੀ ਪ੍ਰਦਰਸ਼ਨੀ ਵੀ ਲਗਾਈ ਗਈ। ਪ੍ਰੋ. (ਡਾ.) ਪਰਿਤ ਪਾਲ ਸਿੰਘ, ਉਪ-ਕੁਲਪਤੀ ਨੇ ਵਿਭਾਗ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਵਿਦਿਆਰਥੀਆਂ ਨੂੰ ਕੁਦਰਤ ਦੀ ਸੰਭਾਲ ਲਈ ਆਪਣੀ ਜ਼ਿੰਮੇਵਾਰੀ ਨਿਭਾਉਣ ਵਾਸਤੇ ਪ੍ਰੇਰਿਤ ਕੀਤਾ। ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ, ਡੀਨ ਅਕਾਦਮਿਕ ਮਾਮਲੇ ਨੇ ਇਸ ਪਹਿਲਕਦਮੀ ਦੀ ਸ਼ਲਾਘਾ ਕੀਤੀ ਅਤੇ ਤਜਰਬੇ ਰਾਹੀਂ ਸਿੱਖਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਜੀਵ ਵਿਗਿਆਨ ਵਿਭਾਗ ਦੀ ਮੁਖੀ ਡਾ. ਮੋਨਿਕਾ ਐਰੀ ਨੇ ਕਿਹਾ ਕਿ ਇਨ੍ਹਾਂ ਗਤੀਵਿਧੀਆਂ ਦਾ ਉਦੇਸ਼ ਵਿਦਿਆਰਥੀਆਂ ਦੀ ਜਮਾਤੀ ਸਿੱਖਿਆ ਨੂੰ ਮੈਦਾਨੀ ਤਜਰਬਿਆਂ ਅਤੇ ਮਾਹਿਰਾਂ ਦੇ ਗਿਆਨ ਨਾਲ ਜੋੜਨਾ ਸੀ। ਇਹ ਸਮਾਗਮ ਵਿਦਿਆਰਥੀਆਂ ਵਿੱਚ ਵਿਗਿਆਨਕ ਜਿਗਿਆਸਾ, ਵਾਤਾਵਰਣ ਪ੍ਰਤੀ ਜ਼ਿੰਮੇਵਾਰੀ ਅਤੇ ਪੰਜਾਬ ਦੀ ਕੁਦਰਤੀ ਵਿਰਾਸਤ ਦੀ ਸੰਭਾਲ ਬਾਰੇ ਜਾਗਰੂਕਤਾ ਵਧਾਉਣ ਲਈ ਯੂਨੀਵਰਸਿਟੀ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ।

# ਪੰਜਾਬ ਸਰਕਾਰ ਵੱਲੋਂ ਪੱਛੜੀਆਂ ਸ਼੍ਰੇਣੀਆਂ ਦੇ 139 ਲਾਭਪਾਤਰੀਆਂ ਨੂੰ ਸਵੈ-ਰੋਜ਼ਗਾਰ ਲਈ 4.82 ਕਰੋੜ ਰੁਪਏ ਦੇ ਕਰਜ਼ੇ ਵੰਡੇ: ਡਾ. ਬਲਜੀਤ ਕੌਰ

ਚੰਡੀਗੜ੍ਹ 13 ਅਕਤੂਬਰ
-ਛਤਰਪਾਲ ਸਿੰਘ-

ਪੰਜਾਬ ਦੇ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਚਾਲੂ ਵਿੱਤੀ ਸਾਲ ਦੌਰਾਨ ਪੱਛੜੀਆਂ ਸ਼੍ਰੇਣੀਆਂ ਦੇ 139 ਲਾਭਪਾਤਰੀਆਂ ਨੂੰ ਸਵੈ-ਰੋਜ਼ਗਾਰ ਸਥਾਪਤ ਕਰਨ ਲਈ 4.82 ਕਰੋੜ ਰੁਪਏ ਦੇ ਕਰਜ਼ੇ ਮੁਹੱਈਆ ਕਰਵਾਏ ਗਏ ਹਨ, ਤਾਂ ਜੋ ਉਹ ਆਪਣੇ ਪੈਰਾਂ 'ਤੇ ਖੜ੍ਹੇ ਹੋ ਕੇ ਆਰਥਿਕ ਤੌਰ 'ਤੇ ਮਜ਼ਬੂਤ ਬਣ ਸਕਣ।

ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਮਾਜ ਦੇ ਹਰ ਵਰਗ ਨੂੰ ਤਰੱਕੀ ਦੇ ਬਰਾਬਰ ਮੌਕੇ ਪ੍ਰਦਾਨ ਕਰਨ ਲਈ ਨਤੀਜਾ-ਮੁਖੀ ਭਲਾਈ ਨੀਤੀਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸਵੈ-ਰੋਜ਼ਗਾਰ ਨੂੰ ਉਤਸ਼ਾਹਿਤ ਕਰਕੇ ਲੋੜਵੰਦ ਪਰਿਵਾਰਾਂ ਨੂੰ ਆਪਣੇ ਪੈਰਾਂ 'ਤੇ ਖੜ੍ਹਾ ਕਰਨ ਲਈ ਸਰਕਾਰ ਵੱਲੋਂ



ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।

ਡਾ. ਬਲਜੀਤ ਕੌਰ ਨੇ ਕਿਹਾ ਕਿ ਸਵੈ-ਰੋਜ਼ਗਾਰ ਯੋਜਨਾਵਾਂ ਰਾਹੀਂ ਲਾਭਪਾਤਰੀਆਂ ਨੂੰ ਆਪਣੀ ਯੋਗਤਾ ਅਤੇ ਹੁਨਰ ਅਨੁਸਾਰ ਕਾਰੋਬਾਰ ਸ਼ੁਰੂ ਕਰਨ ਲਈ ਹੌਸਲਾ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦਾ ਉਦੇਸ਼ ਸਿਰਫ਼ ਆਰਥਿਕ ਸਹਾਇਤਾ ਮੁਹੱਈਆ ਕਰਵਾਉਣਾ ਨਹੀਂ, ਸਗੋਂ ਲੋਕਾਂ ਨੂੰ ਅਜਿਹੇ ਮੌਕੇ ਪ੍ਰਦਾਨ ਕਰਨਾ ਹੈ, ਜਿਨ੍ਹਾਂ ਨਾਲ ਉਹ ਆਪਣੇ ਪਰਿਵਾਰਾਂ ਦੀ ਆਮਦਨ ਵਿੱਚ ਵਾਧਾ ਕਰ ਸਕਣ ਅਤੇ ਸੂਬੇ ਦੇ ਆਰਥਿਕ ਵਿਕਾਸ ਵਿੱਚ ਆਪਣਾ ਯੋਗਦਾਨ ਪਾ ਸਕਣ।

ਕੈਬਨਿਟ ਮੰਤਰੀ ਨੇ ਕਿਹਾ ਕਿ ਅਜਿਹੀਆਂ ਯੋਜਨਾਵਾਂ ਲਾਭਪਾਤਰੀਆਂ ਦੇ ਸੁਪਨਿਆਂ ਨੂੰ ਨਵੀਂ ਦਿਸ਼ਾ ਦੇਣ ਦੇ ਨਾਲ-ਨਾਲ ਉਨ੍ਹਾਂ ਦੇ ਜੀਵਨ ਪੱਧਰ ਨੂੰ ਬਿਹਤਰ ਬਣਾਉਣ ਵਿੱਚ ਵੀ ਸਹਾਈ ਹੋ ਰਹੀਆਂ ਹਨ। ਉਨ੍ਹਾਂ ਕਿਹਾ ਕਿ ਵਿੱਤੀ ਸਹਾਇਤਾ ਨਾਲ ਲੋਕਾਂ ਨੂੰ ਆਪਣੇ ਹੁਨਰ ਨੂੰ ਰੋਜ਼ਗਾਰ ਦੇ ਸਾਧਨ ਵਿੱਚ ਬਦਲਣ ਦਾ ਮੌਕਾ ਮਿਲ ਰਿਹਾ ਹੈ।

ਡਾ. ਬਲਜੀਤ ਕੌਰ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਸਵੈ-ਰੋਜ਼ਗਾਰ ਅਤੇ ਹੋਰ ਭਲਾਈ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਅਤੇ ਆਪਣੇ ਭਵਿੱਖ ਨੂੰ ਹੋਰ ਮਜ਼ਬੂਤ ਬਣਾਉਣ। ਉਨ੍ਹਾਂ ਕਿਹਾ ਕਿ ਲੋਕਾਂ ਦੀ ਸਰਗਰਮ ਭਾਗੀਦਾਰੀ ਨਾਲ ਵੱਧ ਤੋਂ ਵੱਧ ਯੋਗ ਪਰਿਵਾਰਾਂ ਤੱਕ ਸਰਕਾਰੀ ਯੋਜਨਾਵਾਂ ਦਾ ਲਾਭ ਪਹੁੰਚੇਗਾ ਅਤੇ ਖੁਸ਼ਹਾਲ ਤੇ ਆਤਮ-ਨਿਰਭਰ ਰੰਗਲਾ ਪੰਜਾਬ ਸਿਰਜਣ ਦੇ ਟੀਚੇ ਨੂੰ ਹੋਰ ਮਜ਼ਬੂਤੀ ਮਿਲੇਗੀ।

# ਜਿਲ੍ਹਾ ਪਟਿਆਲਾ ਵਿਖੇ ਜਨਗਣਨਾ-2027 ਦੇ ਦੂਜੇ ਪੜਾਅ (ਆਬਾਦੀ ਗਣਨਾ) ਸਬੰਧੀ ਗਿਣਤੀਕਾਰਾਂ ਅਤੇ ਸੁਪਰਵਾਈਜਰਾਂ ਦੀ ਟ੍ਰੇਨਿੰਗ ਵਰਕਸ਼ਾਪ

ਪਟਿਆਲਾ, 13 ਅਕਤੂਬਰ
-ਛਤਰਪਾਲ ਸਿੰਘ-

ਜਿਲ੍ਹਾ ਪਟਿਆਲਾ ਵਿਖੇ ਜਨਗਣਨਾ 2027 ਸਬੰਧੀ ਗਿਣਤੀਕਾਰਾਂ ਅਤੇ ਸੁਪਰਵਾਈਜਰਾਂ ਦੀ ਚਾਰਜ ਪੱਧਰ ਤੇ ( 6 ਤਹਿਸੀਲਾਂ ਅਤੇ 5 ਨਗਰ ਕੌਂਸ਼ਲਾਂ ਅਤੇ 4 ਨਗਰ ਪੰਚਾਇਤਾਂ) ਜਨਗਣਨਾ-2027 ਦੇ ਦੂਜੇ ਪੜਾਅ (ਆਬਾਦੀ ਗਣਨਾ) ਸਬੰਧੀ ਟ੍ਰੇਨਿੰਗਾਂ ਸ਼ੁਰੂ ਹੋ ਗਈਆਂ ਹਨ ਇਹ ਟ੍ਰੇਨਿੰਗਾਂ ਸੈਂਸਜ ਸਰਕੂਲਰ ਨੰ. 27 ਅਨੁਸਾਰ ਮਿਤੀ 05.10.2026 ਤੋਂ ਮਿਤੀ 10.11.2026 ਤੱਕ ਕਰਵਾਈ ਜਾਣੀਆਂ ਹਨ।

ਇਹ ਟ੍ਰੇਨਿੰਗਾਂ ਡਿਪਟੀ ਕਮਿਸ਼ਨਰ-ਕਮ-ਪ੍ਰਿੰਸੀਪਲ ਸੈਂਸੰਜ ਅਫਸਰ, ਪਟਿਆਲਾ ਡਾ. ਹਿਮਾਂਸ਼ੂ ਅਗਰਵਾਲ (ਆਈ.ਏ.ਐਸ) ਜੀ ਦੀ ਅਗਵਾਈ ਹੇਠ ਸ਼ੁਰੂ ਹੋਈ ਹੈ। ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ)-ਕਮ-ਜਿਲ੍ਹਾ ਸੈਂਸਜ ਅਫਸਰ ਦਮਨਜੀਤ ਸਿੰਘ ਮਾਨ (ਪੀ.ਸੀ.ਐਸ) ਜਿਲ੍ਹਾ ਪਟਿਆਲਾ ਵਿਖੇ ਬਤੌਰ ਸੈਂਸਜ ਨੋਡਲ ਅਫਸਰ ਹਨ।

ਜਿਲ੍ਹਾ ਪੱਧਰ ਤੇ ਟ੍ਰੇਨਿੰਗ ਪ੍ਰਾਪਤ 58 ਫੀਲਡ ਟ੍ਰੇਨਰਾਂ ਵੱਲੋਂ 6 ਤਹਿਸੀਲਾਂ, 5 ਨਗਰ ਕੌਂਸ਼ਲਾਂ ਅਤੇ 4 ਨਗਰ ਪੰਚਾਇਤਾਂ ਵਿਖੇ ਲਗਭਗ 3300 ਗਿਣਤੀਕਾਰਾਂ ਅਤੇ



ਸੁਪਰਵਾਈਜਰਾਂ ਸਮੇਤ ਰਿਜ਼ਰਵ ਸਟਾਫ ਨੂੰ ਟ੍ਰੇਨਿੰਗਾਂ ਦਿੱਤੀਆਂ ਜਾ ਰਹੀਆਂ ਹਨ। ਇਨ੍ਹਾਂ ਟ੍ਰੇਨਿੰਗਾਂ ਦੀ ਮੋਨੀਟਰਿੰਗ ਅਮਨ ਕੁਮਾਰ ਬਲਿਹਾਰ, ਜਿਲ੍ਹਾ ਕੁਆਡੀਨੇਟਰ, ਸੈਂਸਜ ਓਪਰੇਸ਼ਨ ਵਿਭਾਗ ਪੰਜਾਬ ਚੰਡੀਗੜ੍ਹ, ਨਿਸ਼ੂ ਸ਼ਰਮਾ, ਮਾਸਟਰ ਟ੍ਰੇਨਰ ਪਟਿਆਲਾ ਅਤੇ ਸਹਾਇਕ ਖੋਜ ਅਫਸਰ-ਕਮ-ਵਧੀਕ ਜਿਲ੍ਹਾ ਸੈਂਸਜ ਅਫਸਰ, ਪਟਿਆਲਾ ਜਸਵਿੰਦਰ ਕੌਰ ਅਤੇ ਸੈਂਸਜ ਸੈੱਲ ਟੀਮ ਵੱਲੋਂ ਚਾਰਜ ਪੱਧਰ ਤੇ ਜਾ ਕੇ ਕੀਤੀ ਜਾ ਰਹੀ ਹੈ।

ਸੈਂਸਜ-2027 ਦੇ ਦੂਜੇ ਫੇਸ ਵਿੱਚ ਇਨਾਂ ਗਿਣਤੀਕਾਰਾਂ ਵੱਲੋਂ ਮਿਤੀ 01 ਦਸੰਬਰ 2026 ਤੋ 4 ਜਨਵਰੀ 2027 ਤੱਕ ਲੋਕਾਂ ਦੇ ਘਰ-ਘਰ ਜਾ ਕੇ ਆਬਾਦੀ ਗਣਨਾ ਦਾ ਕੰਮ ਕੀਤਾ ਜਾਵੇਗਾ ਅਤੇ ਨਾਗਰਿਕਾਂ ਨੂੰ 40 ਸਵਾਲ ਪੁੱਛੇ ਜਾਣਗੇ। ਇਨ੍ਹਾਂ ਸੁਪਰਵਾਈਜ਼ਰ ਅਤੇ ਗਿਣਤੀਕਾਰਾਂ ਨੂੰ ਤਹਿਸੀਲ/ਚਾਰਜ ਪੱਧਰ ਤੇ ਸਿਖਲਾਈ ਪ੍ਰੋਗਰਾਮ ਦੌਰਾਨ ਜਨਗਣਨਾ-2027 ਦੇ ਦੂਜੇ ਪੜਾਅ ਨਾਲ ਸਬੰਧਤ ਵੱਖ-ਵੱਖ ਮਹੱਤਵਪੂਰਨ ਵਿਸ਼ਿਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ, ਪ੍ਰੈਕਟੀਕਲ ਡੈਮੋ ਅਤੇ ਅਭਿਆਸ ਕਰਵਾਇਆ ਜਾ ਰਿਹਾ ਹੈ।ਜਿਲ੍ਹਾ ਪਟਿਆਲਾ ਵਿਖੇ ਸੈਂਸਜ-2027 ਦੇ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ)-ਕਮ-ਜਿਲ੍ਹਾ ਸੈਂਸਜ ਅਫਸਰ ਵੱਲੋਂ ਦੱਸਿਆ ਗਿਆ ਕਿ ਇਸ ਜਨਗਣਨਾ ਵਿੱਚ 'ਸੈਲਫ ਇਨੁਮੀਰੇਸ਼ਨ' ਦੇ ਕੰਮ ਵਜੋਂ ਪਹਿਲ ਕੀਤੀ ਗਈ ਹੈ। ਜਿਸ ਵਿੱਚ ਕੋਈ ਵੀ ਨਾਗਰਿਕ ਆਪਣੇ ਘਰ ਦੀ ਗਿਣਤੀ ਮਿਤੀ 16 ਨਵੰਬਰ 2026 ਤੋਂ 30 ਨਵੰਬਰ 2026 ਤੱਕ ਆਪ ਕਰ ਸਕਦਾ ਹੈ ਅਤੇ ਜਿਲ੍ਹਾ ਪਟਿਆਲਾ ਦੇ ਵਾਸੀਆ ਨੂੰ ਅਪੀਲ ਕੀਤੀ 'ਸੈਲਫ ਇਨੁਮੀਰੇਸ਼ਨ' ਦੇ ਕੰਮ ਵਿੱਚ ਵੱਧ ਤੋਂ ਵੱਧ ਯੋਗਦਾਨ ਪਾਇਆ ਜਾਵੇ। ਜਨਗਣਨਾ ਦਾ ਦੂਜਾ ਫੇਸ 01 ਦਸੰਬਰ 2026 ਤੋਂ 04 ਜਨਵਰੀ 2027 ਤੱਕ ਆਬਾਦੀ ਗਣਨਾ ਵਜੋਂ ਸ਼ੁਰੂ ਕੀਤਾ ਜਾਵੇਗਾ, ਜਿਸ ਵਿੱਚ ਇਨੁਮੀਰੇਟਰ ਲੋਕਾਂ ਦੇ ਘਰ-ਘਰ ਜਾ ਕੇ ਆਬਾਦੀ ਗਣਨਾ ਦਾ ਕੰਮ ਕਰਨਗੇ ਅਤੇ ਨਾਗਰਿਕਾਂ ਨੂੰ 40 ਸਵਾਲ ਪੁੱਛੇ ਜਾਣਗੇ। ਮਾਨਯੋਗ ਡਿਪਟੀ ਕਮਿਸ਼ਨਰ ਜੀ ਅਤੇ ਮਾਨਯੋਗ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ), ਪਟਿਆਲਾ ਜੀ ਵੱਲੋਂ ਜਿਲ੍ਹੇ ਦੇ ਸਮੂਹ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਭਾਰਤ ਸਰਕਾਰ ਵੱਲੋਂ ਕਰਵਾਏ ਜਾ ਰਹੇ ਜਨਗਣਨਾ ਦੇ ਇਸ ਕੰਮ ਵਿਚ ਪੂਰਨ ਸਹਿਯੋਗ ਕਰਨ। ਸੈਂਸਜ ਟ੍ਰੇਨਿੰਗ ਦੀ ਮੋਨੀਟਰਿੰਗ ਦੌਰਾਨ ਤਹਿਸੀਲ ਪਟਿਆਲਾ ਵਿਖੇ ਉਪ ਅਰਥ ਅਤੇ ਅੰਕੜਾ ਸਲਾਹਕਾਰ ਸ੍ਰੀਮਤੀ ਜਸਵਿੰਦਰ ਕੌਰ, ਅਮਨ ਕੁਮਾਰ ਬਲਿਹਾਰ, ਜਿਲ੍ਹਾ ਕੁਆਡੀਨੇਟਰ, ਸੈਂਸਜ ਸੈੱਲ ਟੀਮ ਨਰਿੰਦਰ ਕੁਮਾਰ, ਕਲਰਕ (ਲੇਖਾ), ਬਿਕਰਮਜੀਤ ਸਿੰਘ ਇੰਨਵੈਸਟੀਗੇਟਰ, ਕੁਲਇੰਦਰਜੀਤ ਸਿੰਘ, ਹੇਮੰਤ ਕੁਮਾਰ ਇੰਨਵੈਸਟੀਗੇਟਰ ਮੌਜੂਦ ਰਹੇ।

# ਕੱਲਰ ਭੈਣੀ ਵਿਖੇ ਆਜੀਵਿਕਾ ਮਿਸ਼ਨ ਤਹਿਤ ਮਹਿਲਾਵਾਂ ਨੂੰ ਆਤਮਨਿਰਭਰ ਬਣਾਉਣ 'ਤੇ ਜ਼ੋਰ



ਪਟਿਆਲਾ, 13 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਰਾਜ ਦਿਹਾਤੀ ਆਜੀਵਿਕਾ ਮਿਸ਼ਨ, ਪਟਿਆਲਾ ਦੇ ਜਿਲ੍ਹਾ ਮਿਸ਼ਨ ਡਾਇਰੈਕਟਰ ਸ. ਦਮਨਜੀਤ ਸਿੰਘ ਮਾਨ, ਪੀ.ਸੀ.ਐਸ.,ਏ.ਡੀ.ਸੀ.(ਪੇਂਡੂ ਵਿਕਾਸ),ਪਟਿਆਲਾ ਜੀ ਰਹਿਨੁਮਾਈ ਹੇਠ ਬਲਾਕ ਮਿਸ਼ਨ ਡਾਇਰੈਕਟਰ ਸ. ਹਰਮਿੰਦਰ ਸਿੰਘ (ਰੁੜਕੀ ਵਾਲੇ), ਬੀ.ਡੀ.ਪੀ.ਓ. ਪਟਿਆਲਾ ਜੀ ਦੇ ਸਹਿਯੋਗ ਸਦਕਾ ਬਲਾਕ ਪਟਿਆਲਾ ਵਿੱਚ ਪੈਂਦੇ ਪਿੰਡ ਕੱਲਰ ਭੈਣੀ ਵਿੱਖੇ ਮਿਲਾਪ ਕਲੱਸਟਰ ਲੈਵਲ ਫੈਡਰੇਸ਼ਨ ਦੀ ਜਰਨਲ ਬਾਡੀ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਸੀ.ਐਲ.ਐਫ. ਅਧੀਨ ਆਉਂਦੇ 27 ਗ੍ਰਾਮ ਸੰਗਠਨਾਂ ਦੇ ਮੈਂਬਰ ਹਾਜ਼ਰ ਆਏ। ਇਸ ਮੀਟਿੰਗ ਦਾ ਮੁੱਖ ਉੱਦੇਸ਼ ਮੈਂਬਰਾਂ ਨਾਲ ਸੀ.ਐਲ.ਐਫ. ਤਹਿਤ ਗ੍ਰਾਮ ਸੰਗਠਨ ਪੱਧਰ ਤੇ ਚੱਲ ਰਹੇ ਕੰਮਾਂ ਅਤੇ ਭਵਿੱਖ ਵਿੱਚ ਹੋਣ ਵਾਲੇ ਕੰਮਾਂ ਦੀ ਰਣਨੀਤੀ ਤਿਆਰ ਕਰਨੀ ਸੀ। ਇਸ ਮੀਟਿੰਗ ਦਾ ਆਯੋਜਨ ਸ਼੍ਰੀ ਵਰੁਨ ਪ੍ਰਾਸ਼ਰ ਬੀ.ਪੀ.ਐਮ. ਦੀ ਅਗਵਾਈ ਹੇਠ ਕੀਤਾ ਗਿਆ। ਉਹਨਾਂ ਵੱਲੋਂ ਇਸ ਮਿਸ਼ਨ ਤਹਿਤ ਬਣੀਆਂ ਸਬ-ਕਮੇਟੀਆਂ ਦੀ ਕਾਰਜਪ੍ਰਣਾਲੀ ਸਬੰਧੀ ਚਰਚਾ ਕੀਤੀ ਅਤੇ ਹਾਜ਼ਰ ਆਏ ਮੈਂਬਰਾਂ ਨੂੰ ਬੈਂਕ ਲੋਨ ਸਬੰਧੀ, ਆਈਡਲ ਫੰਡ ਅਤੇ ਵੀ.ਜੀ.ਐਫ. ਤਹਿਤ ਕੀਤੇ ਖ਼ਰਚ ਅਤੇ ਸੀ.ਐਲ.ਐਫ. ਦੇ ਲੇਖਾ-ਜੋਖਾ, ਆਰ.ਐਫ./ਸੀ.ਆਈ.ਐਫ. ਅਤੇ ਗਰੁੱਪਾਂ ਵੱਲੋਂ ਪਿਛਲੇ ਸਾਲ ਦੌਰਾਨ ਪ੍ਰਾਪਤ ਕੀਤੇ ਟੀਚੇ ਬਾਰੇ ਵਿਸਥਾਰਪੂਰਵਕ ਜਾਣੂ ਕਰਵਾਇਆ ਗਿਆ। ਇਸ ਮੀਟਿੰਗ ਵਿੱਚ ਬਲਾਕ ਮਿਸ਼ਨ ਡਾਇਰੈਕਟਰ ਸ. ਹਰਮਿੰਦਰ ਸਿੰਘ (ਰੁੜਕੀ ਵਾਲੇ), ਬੀ.ਡੀ.ਪੀ.ਓ. ਪਟਿਆਲਾ ਜੀ ਅਤੇ ਸੁਪਰਡੈਂਟ ਸ਼੍ਰੀ ਨਵਨੀਤ ਕੁਮਾਰ ਪੁਰੀ ਜੀ ਵੱਲੋਂ ਹਾਜ਼ਰ ਹੋ ਕੇ ਸਮੂਹ ਮੈਂਬਰਾਂ ਨੂੰ ਪਿਛਲੇ ਸਾਲ ਦੇ ਪ੍ਰਾਪਤ ਕੀਤੇ ਗਏ ਟੀਚਿਆਂ ਦੀ ਸਲਾਘਾ ਕਰਦੇ ਹੋਏ ਵਧਾਈ ਦਿੱਤੀ ਅਤੇ ਮਿਸਨ ਤਹਿਤ ਹੋਰ ਵੱਧ-ਚੜ ਕੇ ਆਪਣਾ ਯੋਗਦਾਨ ਦੇਣ ਬਾਰੇ ਕਿਹਾ ਤਾਂ ਜੋ ਮੈਂਬਰ ਸਰਕਾਰ ਵੱਲੋਂ ਚਲਾਈਆਂ ਗਈਆਂ ਸਕੀਮਾਂ ਦਾ ਵੱਧ ਤੋਂ ਵੱਧ ਫਾਇਦਾ ਲੈ ਕੇ ਆਤਮਨਿਰਭਰ ਹੋਣ ਦੇ ਨਾਲ ਨਾਲ ਆਪਣਾ ਜੀਵਨ ਪੱਧਰ ਉੱਚਾ ਕਰ ਸਕਨ। ਇਸ ਮੌਕੇ ਸਰਪੰਚ ਗ੍ਰਾਮ ਪੰਚਾਇਤ ਕੱਲਰ ਭੈਣੀ, ਸ.ਹਰਪ੍ਰੀਤ ਸਿੰਘ (ਗੋਸ਼ਾ) ਅਤੇ ਪਿੰਡ ਦੇ ਹੋਰ ਮੋਹਤਵਾਰ ਵਿਅਕਤੀਆਂ ਵੱਲੋਂ ਸ਼ਮੂਲਿਅਤ ਕੀਤੀ ਗਈ।

# ਮਾਛੀਵਾੜਾ ਵਿਖੇ ਜਥੇਦਾਰ ਖੇੜਾ ਦੇ ਘਰ ਬਬਲੂ ਲੋਪੋਂ ਨਾਲ ਪਹੁੰਚੇ ਮਨਪ੍ਰੀਤ ਇਆਲੀ, ਵਾਰਿਸ ਪੰਜਾਬ ਪਾਰਟੀ ਕਰੇਗੀ ਸ਼ਾਨਦਾਰ ਜਿੱਤ ਪ੍ਰਾਪਤ: ਇਆਲੀ

ਮਾਛੀਵਾੜਾ ਸਾਹਿਬ, 13 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਅਕਾਲੀ ਦਲ ਵਾਰਿਸ ਪੰਜਾਬ ਪਾਰਟੀ ਦੇ ਸੀਨੀਅਰ ਆਗੂ ਮਨਪ੍ਰੀਤ ਸਿੰਘ ਇਆਲੀ ਅੱਜ ਵਿਸ਼ੇਸ਼ ਤੌਰ ਦੇ ਮਾਛੀਵਾੜਾ ਸਾਹਿਬ ਜਥੇਦਾਰ ਮਨਮੋਹਨ ਸਿੰਘ ਖੇੜਾ ਦੇ ਘਰ ਪੁੱਜੇ,ਜਿੱਥੇ ਉਹਨਾਂ ਹਲਕਾ ਸਮਰਾਲਾ ਤੋਂ ਨਵ ਨਿਯੁਕਤ ਇੰਚਾਰਜ ਬਰਜਿੰਦਰ ਸਿੰਘ ਬਬਲੂ ਲੋਪੋਂ ਦੀ ਚੋਣ ਸੰਬੰਧੀ ਵਿਚਾਰ ਵਟਾਂਦਰਾ ਕੀਤਾ।



ਉਹਨਾਂ ਸੰਬੋਧਨ ਕਰਦਿਆਂ ਕਿਹਾ ਕਿ ਭਾਈ ਅੰਮ੍ਰਿਤ ਪਾਲ ਸਿੰਘ ਦੀ ਸੋਚ ਨੂੰ ਪੂਰੇ ਪੰਜਾਬ ਵਿੱਚ ਹੀ ਨਹੀਂ ਦੁਨੀਆਂ ਭਰ ਵਿੱਚ ਵੱਡਾ ਹੁੰਗਾਰਾ ਮਿਲ ਰਿਹਾ ਹੈ ਤੇ ਬਹੁਤ ਥੋੜੇ ਸਮੇਂ ਵਿੱਚ ਹੀ ਵਾਰਿਸ ਪੰਜਾਬ ਪਾਰਟੀ ਦਾ ਗਰਾਫ ਬਹੁਤ ਤੇਜ਼ੀ ਨਾਲ ਅੱਗੇ ਵੱਧ ਰਿਹਾ ਹੈ ਇਹ ਅੱਜ ਦੇ ਪੰਜਾਬ ਦੇ ਨੌਜਵਾਨਾਂ ਦੇ ਵਡਮੁੱਲੇ ਸਹਿਯੋਗ ਸਦਕਾ ਹੈ ,ਜੋ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਨੂੰ ਬਚਾਉਣ ਦਾ ਅਹਿਦ ਲੈ ਚੁੱਕੇ ਹਨ। ਉਹਨਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਬਾਦਲ ਪਾਰਟੀ ਆਪਣੇ ਸਿਧਾਂਤਾਂ ਤੋਂ ਭਟਕ ਕੇ ਇੱਕ ਪਰਿਵਾਰ ਦੀ ਪਾਰਟੀ ਹੋ ਕੇ ਰਹਿ ਗਈ ਹੈ ,ਜਿਸ ਕਾਰਨ ਸਿੱਖ ਸੰਗਤਾਂ ਨੇ ਉਸ ਪਾਰਟੀ ਤੋਂ ਕਿਨਾਰਾ ਕਰ ਭਾਈ ਅੰਮ੍ਰਿਤਪਾਲ ਸਿੰਘ ਦੀ ਪਾਰਟੀ ਵਾਰਿਸ ਪੰਜਾਬ ਨਾਲ ਜੁੜਨ ਦਾ ਫੈਸਲਾ ਲਿਆ। ਉਹਨਾਂ ਕਿਹਾ ਕਿ ਬਰਜਿੰਦਰ ਸਿੰਘ ਬਬਲੂ ਲੋਪੋਂ ਇੱਕ ਨੌਜਵਾਨ ਆਗੂ ਹੈ ਜੋ ਪੂਰੀ ਇਮਾਨਦਾਰੀ ਵਫਾਦਾਰੀ ਅਤੇ ਤਨਦੇਹੀ ਨਾਲ ਪਾਰਟੀ ਦੀ ਸੇਵਾ ਕਰ ਰਿਹਾ ਹੈ। ਇਸ ਲਈ ਪਾਰਟੀ ਨੇ ਪਹਿਲੇ ਐਲਾਨ ਕੀਤੇ ਚਾਰ ਉਮੀਦਵਾਰਾਂ ਵਿੱਚ ਬਬਲੂ ਲੋਪੋਂ ਨੂੰ ਤਰਜੀਹ ਦਿੱਤੀ ਹੈ। ਤੇ ਉਹਨਾਂ ਉਮੀਦ ਜਾਹਿਰ ਕੀਤੀ ਕਿ ਆਉਣ ਵਾਲੀ ਚੋਣਾਂ ਵਿੱਚ ਹਲਕਾ ਸਮਰਾਲਾ ਦੇ ਸੂਝਵਾਨ ਤੇ ਸਿਆਣੇ ਵੋਟਰ ਬਬਲੂ ਲੋਪੋਂ ਨੂੰ ਭਾਰੀ ਬਹੁਮਤ ਨਾਲ ਜਿਤਾਉਣਗੇ।ਜਥੇਦਾਰ ਮਨਮੋਹਨ ਸਿੰਘ ਖੇੜਾ ਨੇ ਆਪਣੇ ਗ੍ਰਹਿ ਵਿਖੇ ਪੁੱਜੇ ਮਨਪ੍ਰੀਤ ਸਿੰਘ ਸਿੰਘ ਇਆਲੀ , ਬਰਜਿੰਦਰ ਸਿੰਘ ਬਬਲੂ ਅਤੇ ਸਾਥੀਆਂ ਦਾ ਤਹਿ ਦਿਲੋਂ ਧੰਨਵਾਦ ਕਰਦੇ ਹੋਏ ਮਾਛੀਵਾੜਾ ਸਾਹਿਬ ਦੀ ਪਾਵਨ ਤੇ ਪਵਿੱਤਰ ਧਰਤੀ ਤੇ ਪੁੱਜਣ ਤੇ ਹਾਰਦਿਕ ਸਵਾਗਤ ਕੀਤਾ। ਉਹਨਾਂ ਕਿਹਾ ਕਿ ਲੰਬਾ ਸਮਾਂ ਸ਼੍ਰੋਮਣੀ ਅਕਾਲੀ ਦਲ ਵਿੱਚ ਸੇਵਾਵਾਂ ਦੇਣ ਤੋਂ ਬਾਅਦ ਉਹਨਾਂ ਨੂੰ ਜਦੋਂ ਮਹਿਸੂਸ ਹੋਇਆ ਕਿ ਇਹ ਪਾਰਟੀ ਸਿਰਫ ਪਰਿਵਾਰ ਬਾਅਦ ਵਿੱਚ ਉਲਝ ਕੇ ਰਹਿ ਗਈ ਹੈ ਤਾਂ ਉਹਨਾਂ ਸਹਿਸ ਤੋਂ ਕਿਨਾਰਾ ਕਰ ਲਿਆ ਸੀ ਪਰ ਅੱਜ ਜਦੋਂ ਭਾਈ ਅੰਮ੍ਰਿਤਪਾਲ ਸਿੰਘ ਦੀ ਸੋਚ ਨੇ ਵਾਰਿਸ ਪੰਜਾਬ ਪਾਰਟੀ ਨੂੰ ਮੂਹਰੇ ਲਿਆਂਦਾ ਹੈ ਤਾਂ ਉਹ ਮੁੜ ਰਾਜਨੀਤੀ ਵਿੱਚ ਸਰਗਰਮ ਹੋਏ ਹਨ ਤੇ ਇਸ ਪਾਰਟੀ ਦੀ ਸੋਚ ਨੂੰ ਘਰ ਘਰ ਪਹੁੰਚਾਉਣ ਵਿੱਚ ਪੂਰਾ ਜ਼ੋਰ ਲਾਉਣਗੇ ਅਤੇ ਇਲਾਕੇ ਵਿੱਚੋਂ ਵੱਡੀ ਗਿਣਤੀ ਵਿੱਚ ਬਰਜਿੰਦਰ ਸਿੰਘ ਬਬਲੂ ਨੂੰ ਬਹੁਮਤ ਦਵਾਉਣਗੇ ਕਿਉਂਕਿ ਅੱਜ ਵਾਰਿਸ ਪੰਜਾਬ ਪਾਰਟੀ ਹੀ ਇੱਕੋ ਇੱਕ ਅਜਿਹੀ ਪਾਰਟੀ ਨਜ਼ਰ ਆ ਰਹੀ ਹੈ ਜੋ ਪੰਜਾਬ ਅਤੇ ਪੰਜਾਬੀਅਤ ਦੇ ਹਿੱਤਾਂ ਦੇ ਲਈ ਅੱਗੇ ਹੋ ਕੇ ਲੜਾਈ ਲੜ ਸਕਦੀ ਹੈ। ਨਵ ਨਿਯੁਕਤ ਹਲਕਾ ਇੰਚਾਰਜ ਬਰਜਿੰਦਰ ਸਿੰਘ ਬਬਲੂ ਲੋਪੋਂ ਨੇ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਪਰਿਵਾਰ ਦਾ, ਮਨਪ੍ਰੀਤ ਸਿੰਘ ਇਆਲੀ ਅਤੇ ਸਮੁੱਚੀ ਹਾਈ ਕਮਾਂਡ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਵੱਲੋਂ ਉਸ ਨੂੰ ਵੱਡਾ ਮਾਣ ਦਿੰਦਿਆਂ ਜੋ ਹਲਕਾ ਇੰਚਾਰਜ ਦੀ ਨਵੀਂ ਜ਼ਿਮੇਵਾਰੀ ਸੌਂਪੀ ਹੈ ਉਸ ਲਈ ਉਹ ਸਮੁੱਚੀ ਵਾਰਿਸ ਪੰਜਾਬ ਪਾਰਟੀ ਦੇ ਅਹੁਦੇਦਾਰਾਂ ,ਆਗੂਆਂ ਤੇ ਵਰਕਰਾਂ ਦੇ ਦਿਲੋਂ ਧੰਨਵਾਦੀ ਹਨ ਜਿਨਾਂ ਇਸ ਨਿਮਾਣੇ ਜਥੇਦਾਰ ਨੂੰ ਵੱਡੀ ਜ਼ਿਮੇਵਾਰੀ ਦੇ ਕੇ ਭਰੋਸਾ ਜਤਾਇਆ ਹੈ॥ ਉਨਾ ਵਾਅਦਾ ਕਰਦਿਆਂ ਕਿਹਾ ਕਿ ਪਾਰਟੀ ਵੱਲੋਂ ਦਿੱਤੀ ਗਈ ਜ਼ਿੰਮੇਵਾਰੀ ਨੂੰ ਉਹ ਪੂਰੀ ਤਨਦੇਹੀ, ਇਮਾਨਦਾਰੀ ਅਤੇ ਵਫਾਦਾਰੀ ਨਾਲ ਨਿਭਾਉਂਦੇ ਹੋਏ ਵੱਡੀ ਗਿਣਤੀ ਵਿੱਚ ਨੌਜਵਾਨਾਂ ਨੂੰ ਪਾਰਟੀ ਦੀਆਂ ਨੀਤੀਆਂ ਤੋਂ ਜਾਣੂ ਕਰਵਾਉਣਗੇ ਤਾਂ ਜੋ 2027 ਦੀਆਂ ਚੋਣਾਂ ਵਿੱਚ ਪਾਰਟੀ ਦੀ ਝੋਲੀ ਵੱਡੀ ਜਿੱਤ ਪ੍ਰਾਪਤ ਕਰਕੇ ਪਾਉਣ।

ਉਹਨਾਂ ਕਿਹਾ ਕਿ ਹਲਕਾ ਸਮਰਾਲਾ ਵਿੱਚ ਪਾਰਟੀ ਇੱਕਜੁੱਟ ਅਤੇ ਇੱਕਮੁੱਠ ਹੋ ਕੇ ਚੋਣਾਂ ਲੜੇਗੀ ਅਤੇ ਭਾਈ ਅੰਮ੍ਰਿਤ ਪਾਲ ਸਿੰਘ ਖਾਲਸਾ ਦੀ ਸੋਚ ਤੇ ਪਹਿਰਾ ਦਿੰਦੇ ਹੋਏ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਲਈ ਲੜ ਰਹੀ ਵਾਰਿਸ

ਪੰਜਾਬ ਪਾਰਟੀ ਲਈ ਦਿਨ ਰਾਤ ਸਖਤ ਮਿਹਨਤ ਕਰਨਗੇ।ਯੂਥ ਆਗੂ ਮਨਰਾਜ ਸਿੰਘ ਲੁਬਾਣਗੜ੍ਹ ਨੇ ਸਟੇਜ ਸੈਕਟਰੀ ਦੀ ਸੇਵਾ ਕਰਦਿਆਂ ਕਿਹਾ ਕਿ ਹਲਕਾ ਸਮਰਾਲਾ ਤੋਂ ਵੱਡੀ ਗਿਣਤੀ ਵਿੱਚ ਨੌਜਵਾਨ ਵਾਰਿਸ ਪੰਜਾਬ ਪਾਰਟੀ ਨਾਲ ਜੁੜੇ ਰਹੇ ਹਨ,ਤੇ ਪੰਜਾਬ ਦੀ ਨੌਜਵਾਨੀ ਪੰਜਾਬ ਦੀ ਸਿਆਸਤ ਵਿੱਚ ਇੱਕ ਵੱਡਾ ਬਦਲਾਅ ਲੈ ਕੇ ਆਵੇਗੀ।

ਇਸ ਮੌਕੇ ਮਨਰਾਜ ਸਿੰਘ ਲੁਬਾਣਗੜ੍ਹ, ਪਰਮਜੀਤ ਸਿੰਘ ਚੀਮਾ ਸੰਦੀਪ ਸਿੰਘ ਰੁਪਾਲੋਂ ਪ੍ਰਭਜੋਤ ਸਿੰਘ,ਹਰਜੀਤ ਸਿੰਘ ਝੱਜ,ਰਣਜੋਧ ਸਿੰਘ ਝੱਜ,ਦਰਸ਼ਨ ਸਿੰਘ ਬੁੱਲੇਵਾਲ,ਲੈਕਚਰਾਰ ਸਵਰਨ ਸਿੰਘ ਛੌੜੀਆਂ,ਬਹਾਦਰ ਸਿੰਘ ਪੰਮਿਆਂ ਵਾਲੇ, ਜਗਜੀਤ ਸਿੰਘ ਝੱਜ,ਨਿਰਮਲ ਸਿੰਘ ਬੈਨੀਪਾਲ, ਭੁਪਿੰਦਰ ਸਿੰਘ ਹਿਆਤਪੁਰ, ਬਲਜੋਤ ਸਿੰਘ ਬਲਜੋਤ ਸਿੰਘ ਮਾਛੀਵਾੜਾ ਸਾਹਿਬ ਬਲਜੋਤ , ਅਤਿੰਦਰਪਾਲ ਸਿੰਘ, ਜਥੇਦਾਰ ਜਗਰੂਪ ਸਿੰਘ ਝੱਜ, ਰਣਧੀਰ ਸਿੰਘ ਸੈਣੀ, ਗੁਰਦੀਪ ਸਿੰਘ ਲੁਵਾਣਗੜ੍ਹ, ਪ੍ਰਦੀਪ ਸਿੰਘ ਜੌਹਲ , ਗੁਰਵਿੰਦਰ ਸਿੰਘ, ਸਰਬਜੀਤ ਸਿੰਘ ਪੱਪੀ ਪ੍ਰਧਾਨ ਸਮਰਾਲਾ, ਕਿਰਪਾਲ ਸਿੰਘ ਨਾਗਰਾ, ਅਵੀ ਬੈਨੀਪਾਲ, ਹਿੰਮਤ ਸਿੰਘ,ਹਰਮੀਤ ਸਿੰਘ ਨਾਗਰਾ, ਸੁਰੇਸ਼ ਪਾਲ ਸਿੰਘ ਵੀ ਮੌਜੂਦ ਸਨ।

SEA DESIGN COMPANY
Customized and Designer



- Wedding Invitations
- Shagan Envelop
- Wedding Boxes & Cards
- Sahi Chithi

(MDF/Acrylic/Foldable Boxes)

98881-88887, 93577-77786

Shaheed-e-Azam
PRINTING PRESS

WORLDWIDE SHIPPING SERVICE

★ Business Cards
★ Books & Note Books
★ Flyers & Broucher
★ Diaries
★ Poster
★ Carry Bags

Opp. Gurudwara Dukhniwaran Sahib Srihind Road, Patiala

# ਇਆਲੀ ਦਿੱਲੀ ਪੁਲਿਸ ਵਲੋਂ ਕੀਤੀ ਮਰਿਯਾਦਾ ਦੀ ਉਲੰਘਣਾ ਦਾ ਸਖ਼ਤ ਸ਼ਬਦਾਂ ਵਿੱਚ ਨਿੰਦਾ

**ਮੁੱਲਾਂਪੁਰ ਦਾਖਾ, 13 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਅਕਾਲੀ ਦਲ ਵਾਰਿਸ ਪੰਜਾਬ ਦੇ ਸੀਨੀਅਰ ਆਗੂ ਅਤੇ ਹਲਕਾ ਦਾਖਾ ਤੋਂ ਵਿਧਾਇਕ ਸਰਦਾਰ ਮਨਪ੍ਰੀਤ ਸਿੰਘ ਇਯਾਲੀ ਵੱਲੋਂ ਗੁਰਦੁਆਰਾ ਬੰਗਲਾ ਸਾਹਿਬ ਦੀ ਹਦੂਦ ਅੰਦਰ ਦਿੱਲੀ ਪੁਲਿਸ ਕੀਤੀ ਗਈ ਮਰਿਯਾਦਾ ਦੀ ਉਲੰਘਣਾ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਸਰਦਾਰ ਇਯਾਲੀ ਨੇ ਕਿਹਾ ਕਿ, ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੇ ਅਸਤੀਫ਼ੇ ਨੂੰ ਲੈਕੇ ਦੇਸ਼ ਦੇ ਨੌਜਵਾਨਾਂ ਵਲੋਂ ਜੰਤਰ ਮੰਤਰ ਉਪਰ ਕੀਤੇ ਪ੍ਰਦਰਸ਼ਨ ਨੂੰ ਰੋਕਣ ਲਈ ਅਤੇ ਨੌਜਵਾਨਾਂ ਗ੍ਰਿਫਤਾਰ ਕਰਨ ਲਈ ਦਿੱਲੀ ਪੁਲਿਸ ਦੇ ਜਵਾਨਾਂ ਦਾ ਨੰਗੇ ਸਿਰ ਅਤੇ ਜੋੜਿਆਂ ਸਮੇਤ ਗੁਰਦੁਆਰਾ ਬੰਗਲਾ ਸਾਹਿਬ ਵਿੱਚ ਜਾਣਾ ਸਿੱਖ ਮਰਿਯਾਦਾ ਦੀ ਵੱਡੀ ਉਲੰਘਣਾ ਹੈ, ਦੇਸ਼ ਵਿਦੇਸ਼ ਵਿੱਚ ਵਸਦਾ ਅੱਜ ਹਰ ਸਿੱਖ ਦਿੱਲੀ ਪੁਲਿਸ ਦੀ ਇਸ ਗੈਰ ਜ਼ਿਮੇਵਾਰਨਾ ਕਰਵਾਈ ਤੋ ਪੂਰੀ ਤਰਾਂ ਹਤਾਸ਼ ਹੈ।

ਸਰਦਾਰ ਇਯਾਲੀ ਨੇ ਕਿਹਾ ਕਿ, ਪਿਛਲੇ ਦੋ ਦਿਨ ਤੋਂ ਸੋਸ਼ਲ ਮੀਡੀਆ ਦੇ ਵੱਖ ਵੱਖ ਪਲੇਟਫਾਰਮ ਉਪਰ ਦਿੱਲੀ ਪੁਲਿਸ ਦੇ ਜਵਾਨਾਂ ਦੀਆਂ ਗੁਰੂ ਘਰ ਵੜਨ ਦੀਆਂ ਜਿਸ ਤਰਾਂ ਦੀਆਂ ਤਸਵੀਰਾਂ ਸਾਹਮਣੇ ਆਈਆਂ ਹਨ, ਉਸ ਦੇ ਲਈ ਕੇਂਦਰੀ ਗ੍ਰਹਿ ਮੰਤਰਾਲੇ ਦੀ ਚੁੱਪੀ ਬੜਾ ਕੁਝ ਬਿਆਨ ਕਰਦੀ ਹੈ।

ਅੱਜ ਸਮੁੱਚੀ ਸਿੱਖ ਕੌਮ ਦਿੱਲੀ ਪੁਲਿਸ ਦੀ ਇਸ ਕਾਰਵਾਈ ਦੀ ਸਖ਼ਤ ਨਿੰਦਾ ਕਰ ਰਹੀ ਹੈ ਜਦੋਂ ਕਿ ਕੇਂਦਰੀ ਗ੍ਰਹਿ ਮੰਤਰਾਲਾ, ਜਿਸ ਦੇ ਅਧੀਨ ਦਿੱਲੀ ਪੁਲਿਸ ਹੈ, ਉਸ ਦਾ ਬਿਆਨ ਤੱਕ ਨਾ ਆਉਣਾ, ਸਮਝ ਆਉਂਦੀ ਹੈ ਕਿ, ਮਰਿਯਾਦਾ ਦੇ ਘਾਣ ਤੇ ਵੀ ਕੇਂਦਰ ਸਰਕਾਰ ਜਾਣਬੁੱਝ ਕੇ ਅਜਿਹੇ ਹਾਲਾਤ ਪੈਦਾ ਕਰ ਰਹੀ ਹੈ

ਇਸ ਦੇ ਨਾਲ ਹੀ ਸਰਦਾਰ ਇਯਾਲੀ ਨੇ ਬੜੀ ਸਪੱਸ਼ਟਤਾ ਨਾਲ ਕਿਹਾ ਕਿ,ਸਾਡੇ ਗੁਰੂ ਘਰ ਮਜ਼ਲੂਮਾਂ ਦੀ ਹਮੇਸ਼ਾ ਰੱਖਿਆ ਕਰਦੇ ਆਏ ਹਨ, ਹਮੇਸ਼ਾ ਹੀ ਮਜ਼ਲੂਮ ਗੁਰੂ ਘਰ ਦੀ ਸ਼ਰਨ ਵਿੱਚ ਆਉਂਦੇ ਰਹੇ ਹਨ। ਗੁਰੂ ਘਰਾਂ ਦੀ ਆਪਣੀ ਮਰਿਯਾਦਾ ਹੈ। ਕੋਈ ਵੀ ਮਜ਼ਲੂਮ ਲੋੜਵੰਦ ਜੇਕਰ ਗੁਰੂ ਘਰਾਂ ਦੀ ਮਰਿਯਾਦਾ ਵਿੱਚ ਰਹਿ ਕੇ ਸ਼ਰਨ ਵਿੱਚ ਆਉਂਦਾ ਹੈ ਤਾਂ ਸਿੱਖ ਕੌਮ ਦਾ ਫਰਜ਼ ਬਣਦਾ ਹੈ ਕਿ ਉਸ ਦੇ ਜਾਨ ਮਾਲ ਦੀ ਪੂਰੀ ਤਰਾਂ ਹਿਫ਼ਾਜ਼ਤ ਕੀਤੀ ਜਾਵੇ। ਜ਼ਰੂਰਤਮੰਦ ਅਤੇ ਮਜ਼ਲੂਮ ਦੀ ਦੇ ਰਹਿਣ ਤੋਂ ਲੈਕੇ ਲੰਗਰ ਪ੍ਰਸ਼ਾਦੇ ਦਾ ਪ੍ਰਬੰਧ ਕਰਨਾ ਸਿੱਖੀ ਰਿਵਾਇਤਾਂ ਅਨੁਸਾਰ ਫਰਜ਼ ਅਤੇ ਜ਼ਿੰਮੇਵਾਰੀ ਹੈ।

ਸਰਦਾਰ ਇਯਾਲੀ ਨੇ ਕਿਹਾ ਕਿ, ਗੁਰੂ ਘਰ ਦੀ ਹਦੂਦ ਅੰਦਰ ਕਿਸੇ ਵੀ ਤਰਾਂ ਦੀ ਨਾਅਰੇਬਾਜ਼ੀ ਕਰਨਾ ਵੀ ਸਿੱਖ ਪਰੰਪਰਾ ਅਤੇ ਮਰਿਯਾਦਾ ਦੀ ਉਲੰਘਣਾ ਹੈ। ਸਰਦਾਰ ਇਯਾਲੀ ਨੇ ਪ੍ਰਦਰਸ਼ਨਕਾਰੀ ਨੌਜਵਾਨਾਂ ਨੂੰ ਅਪੀਲ ਕੀਤੀ ਕਿ, ਓਹ ਜਜ਼ਬਾਤ ਵਿੱਚ ਆ ਕੇ ਕਿਸੇ ਤਰਾਂ ਗੁਰੂ ਘਰਾਂ ਦੀ ਮਰਿਯਾਦਾ ਦੀ ਉਲੰਘਣਾ ਵਿੱਚ ਨਾ ਪੈਣ, ਅੱਜ ਪੂਰਾ ਪੰਜਾਬ ਅਤੇ ਸਿੱਖ ਕੌਮ ਆਪਣੇ ਹੱਕਾਂ ਅਤੇ ਅਧਿਕਾਰਾਂ ਦੀ ਰਾਖੀ ਕਰਨ ਲਈ ਲੜਨ ਵਾਲੇ ਨੌਜਵਾਨਾਂ ਦੇ ਨਾਲ ਖੜੀ ਹੈ।

# ਸ਼ਹੀਦ ਊਧਮ ਸਿੰਘ ਸਪੋਰਟਸ ਕਲੱਬ ਜਸੋਵਾਲ ਵੱਲੋਂ ਕਰਵਾਇਆ ਕ੍ਰਿਕਟ ਤੇ ਵਾਲੀਬਾਲ ਟੂਰਨਾਮੈਂਟ ਸ਼ਲਾਘਾਯੋਗ ਉਪਰਾਲਾ: ਮੋਹਿਤ ਮੋਹਿੰਦਰਾ

## ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਖੇਡਾਂ ਸਭ ਤੋਂ ਕਾਰਗਰ ਹਥਿਆਰ; ਸਹਿਜ ਢਿੱਲੋਂ ਨੂੰ ਬੁਲੇਟ ਮੋਟਰਸਾਈਕਲ ਦੇ ਕੇ ਕੀਤਾ ਵਿਸ਼ੇਸ਼ ਸਨਮਾਨ

**ਪਟਿਆਲਾ, 13 ਅਕਤੂਬਰ**
**-ਛਤਰਪਾਲ ਸਿੰਘ-**



ਪੰਜਾਬ ਯੂਥ ਕਾਂਗਰਸ ਦੇ ਸਾਬਕਾ ਪ੍ਰਧਾਨ ਅਤੇ ਹਲਕਾ ਪਟਿਆਲਾ ਦਿਹਾਤੀ ਦੇ ਇੰਚਾਰਜ ਸ਼੍ਰੀ ਮੋਹਿਤ ਮੋਹਿੰਦਰਾ ਨੇ ਸ਼ਹੀਦ ਊਧਮ ਸਿੰਘ ਸਪੋਰਟਸ ਕਲੱਬ, ਪਿੰਡ ਜਸੋਵਾਲ ਵੱਲੋਂ ਆਯੋਜਿਤ ਸ਼ਾਨਦਾਰ ਕ੍ਰਿਕਟ ਅਤੇ ਵਾਲੀਬਾਲ ਟੂਰਨਾਮੈਂਟ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਕਲੱਬ ਵੱਲੋਂ ਕੀਤੇ ਗਏ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਅਜੋਕੇ ਦੌਰ ਵਿੱਚ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਦੀ ਲਾਹਣਤ ਤੋਂ ਦੂਰ ਰੱਖ ਕੇ ਖੇਡ ਮੈਦਾਨਾਂ ਨਾਲ ਜੋੜਨਾ ਸਮੇਂ ਦੀ ਮੁੱਖ ਲੋੜ ਹੈ।

ਮੋਹਿਤ ਮੋਹਿੰਦਰਾ ਨੇ ਕਿਹਾ ਕਿ ਖੇਡਾਂ ਨੌਜਵਾਨਾਂ ਦੇ ਸਰੀਰਕ ਅਤੇ ਮਾਨਸਿਕ ਵਿਕਾਸ ਲਈ ਬੇਹੱਦ ਜ਼ਰੂਰੀ ਹਨ। ਖੇਡਾਂ ਨਾਲ ਨੌਜਵਾਨਾਂ ਵਿੱਚ ਅਨੁਸ਼ਾਸਨ, ਮਿਹਨਤ, ਆਪਸੀ ਸਹਿਯੋਗ ਅਤੇ ਟੀਮ ਭਾਵਨਾ ਵਰਗੇ ਉੱਤਮ ਗੁਣ ਪੈਦਾ ਹੁੰਦੇ ਹਨ। ਉਨ੍ਹਾਂ ਕਿਹਾ ਕਿ ਪਿੰਡ ਪੱਧਰ 'ਤੇ ਅਜਿਹੇ ਖੇਡ ਮੇਲੇ ਕਰਵਾਉਣਾ ਸ਼ਲਾਘਾਯੋਗ ਕਦਮ ਹੈ, ਜਿਸ ਨਾਲ ਪੇਂਡੂ ਖੇਤਰ ਦੇ ਉੱਭਰਦੇ ਖਿਡਾਰੀਆਂ ਨੂੰ ਆਪਣੀ ਪ੍ਰਤਿਭਾ ਨਿਖਾਰਨ ਅਤੇ ਸਕਾਰਾਤਮਕ ਦਿਸ਼ਾ ਵਿੱਚ ਅੱਗੇ ਵਧਣ ਦਾ ਮੌਕਾ ਮਿਲਦਾ ਹੈ। ਉਨ੍ਹਾਂ ਕਿਹਾ ਕਿ ਖੇਡ ਮੈਦਾਨ ਆਪਸੀ ਭਾਈਚਾਰਕ ਸਾਂਝ, ਏਕਤਾ ਅਤੇ ਜਿੱਤ-ਹਾਰ ਨੂੰ ਖਿੜੇ ਮੱਥੇ ਸਵੀਕਾਰ ਕਰਨ ਦਾ ਜਜ਼ਬਾ ਸਿਖਾਉਂਦੇ ਹਨ।

ਇਸ ਟੂਰਨਾਮੈਂਟ ਦੌਰਾਨ ਹੋਏ ਕ੍ਰਿਕਟ ਅਤੇ ਵਾਲੀਬਾਲ ਦੇ ਦਿਲਚਸਪ ਮੁਕਾਬਲਿਆਂ ਵਿੱਚ ਵੱਖ-ਵੱਖ ਟੀਮਾਂ ਨੇ ਪੂਰੇ ਉਤਸ਼ਾਹ ਨਾਲ ਹਿੱਸਾ ਲਿਆ। ਸਮਾਗਮ ਦਾ ਮੁੱਖ ਆਕਰਸ਼ਣ ਖਿਡਾਰੀ ਸਹਿਜ ਢਿੱਲੋਂ ਦਾ ਵਿਸ਼ੇਸ਼ ਸਨਮਾਨ ਰਿਹਾ, ਜਿਨ੍ਹਾਂ ਨੂੰ ਕਲੱਬ ਵੱਲੋਂ ਬੁਲੇਟ ਮੋਟਰਸਾਈਕਲ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਮੋਹਿਤ ਮੋਹਿੰਦਰਾ ਨੇ ਕਿਹਾ ਕਿ ਖਿਡਾਰੀਆਂ ਦੀ ਅਜਿਹੀ ਹੌਸਲਾ ਅਫ਼ਜ਼ਾਈ ਨਾਲ ਦੂਜੇ ਨੌਜਵਾਨਾਂ ਨੂੰ ਵੀ ਖੇਡਾਂ ਦੇ ਖੇਤਰ ਵਿੱਚ ਮੱਲਾਂ ਮਾਰਨ ਦੀ ਪ੍ਰੇਰਨਾ ਮਿਲਦੀ ਹੈ।

ਇਸ ਮੌਕੇ ਕਲੱਬ ਦੇ ਮੈਂਬਰ ਪਰਮਵੀਰ ਸਿੰਘ, ਹੇਮੰਤ ਸਿੰਘ, ਅਮਰਿੰਦਰ ਸਿੰਘ, ਗੁਰਵਿੰਦਰ ਸਿੰਘ, ਗੁਰਪ੍ਰੀਤ ਸਿੰਘ, ਬਹਾਦਰ ਸਿੰਘ, ਨਰਿੰਦਰ ਸਿੰਘ, ਜਤਿੰਦਰ ਸਿੰਘ, ਕਰਵਿੰਦਰ ਸਿੰਘ, ਕਰਨ ਖਰੋੜ, ਸਾਹਿਲ ਖਰੋੜ, ਗੁਰਿੰਦਰ ਸਿੰਘ, ਹਰਸ਼ਦੀਪ ਸਿੰਘ, ਸੇਵਕ ਸਿੰਘ, ਅਮਨਦੀਪ ਸਿੰਘ, ਮਨਿੰਦਰ ਸਿੰਘ, ਲਖਵਿੰਦਰ ਸਿੰਘ, ਜਗਵਿੰਦਰ ਸਿੰਘ ਅਤੇ ਰਾਜਵਿੰਦਰ ਸਿੰਘ ਹਾਜ਼ਰ ਸਨ।

ਇਸ ਤੋਂ ਇਲਾਵਾ ਸੁਖਪਾਲ ਸਿੰਘ ਚੇਅਰਮੈਨ, ਹਰਵੀਰ ਸਿੰਘ ਢੀਂਡਸਾ, ਮਲਕੀਤ ਸਿੰਘ ਭਾਈਆ, ਕੇਵਲ ਸਿੰਘ, ਗੁਰਜੀਤ ਸਿੰਘ, ਗੁਰਤੇਜ ਸਿੰਘ, ਰਮਨਦੀਪ ਸਿੰਘ, ਭੁਪਿੰਦਰ ਪਾਲ ਸਿੰਘ, ਇੰਦਰਜੀਤ ਸਿੰਘ, ਚੰਨਪ੍ਰੀਤ ਸਿੰਘ ਟਿਵਾਣਾ, ਗੁਰਦੀਪ ਸਿਉਣਾ, ਭਗਵੰਤ ਸਿੰਘ, ਬਲਕਾਰ ਸਿੰਘ (ਫੌਜੀ), ਪ੍ਰਿੰਸ, ਬਹਾਦਰੀ, ਲਾਲੀ ਖਰੋੜ, ਮਨਿੰਦਰ (ਸੋਨੀ), ਸ਼ਮਸ਼ਾਦ ਅਲੀ, ਗੁਰਮੀਤ ਸਿੰਘ, ਪ੍ਰੇਮ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਅਤੇ ਖੇਡ ਪ੍ਰੇਮੀ ਮੌਜੂਦ ਰਹੇ।

# ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਹਿਲਾਂ ਦਾ ਅਚਨਚੇਤ ਨਿਰੀਖਣ; ਤਸੱਲੀ ਦਾ ਪ੍ਰਗਟਾਵਾ



**ਦਿੜ੍ਹਬਾ, 13 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ ਸਵੇਰੇ ਸਕੂਲ ਲੱਗਣ ਸਮੇਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਹਿਲਾਂ ਵਿਖੇ ਅਚਨਚੇਤ ਪਹੁੰਚ ਕੇ ਸਕੂਲ ਦਾ ਨਿਰੀਖਣ ਕੀਤਾ। ਉਨ੍ਹਾਂ ਵੱਖ-ਵੱਖ ਜਮਾਤਾਂ ਵਿੱਚ ਜਾ ਕੇ ਵਿਦਿਆਰਥੀਆਂ ਨਾਲ ਖੁੱਲ੍ਹ ਕੇ ਗੱਲਬਾਤ ਕੀਤੀ ਅਤੇ ਪੜ੍ਹਾਈ, ਸਕੂਲ ਵਿੱਚ ਉਪਲਬਧ ਸਹੂਲਤਾਂ ਅਤੇ ਉਨ੍ਹਾਂ ਦੀਆਂ ਲੋੜਾਂ ਬਾਰੇ ਜਾਣਕਾਰੀ ਹਾਸਲ ਕੀਤੀ। ਇਸ ਮੌਕੇ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸਰਕਾਰੀ ਸਕੂਲਾਂ ਵਿੱਚ ਮਿਆਰੀ ਸਿੱਖਿਆ ਅਤੇ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਉਪਰਾਲੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਕੀਤੇ ਜਾ ਰਹੇ ਕੰਮਾਂ ਦੇ ਨਤੀਜੇ ਹੁਣ ਸਕੂਲਾਂ ਵਿੱਚ ਸਪੱਸ਼ਟ ਤੌਰ 'ਤੇ ਨਜ਼ਰ ਆਉਣ ਲੱਗੇ ਹਨ ਅਤੇ ਸਕੂਲਾਂ ਦਾ ਸੁਧਰ ਰਿਹਾ ਵਾਤਾਵਰਨ ਸਿੱਖਿਆ ਕ੍ਰਾਂਤੀ ਦੇ ਸੁਪਨੇ ਨੂੰ ਸਾਕਾਰ ਕਰਨ ਵੱਲ ਅਹਿਮ ਕਦਮ ਹੈ।

ਵਿੱਤ ਮੰਤਰੀ ਨੇ ਸਕੂਲ ਵਿੱਚ ਬਣ ਰਹੀਆਂ ਤਿੰਨ ਵਿਗਿਆਨ ਲੈਬੋਰਟਰੀਆਂ ਦੇ ਨਿਰਮਾਣ ਕਾਰਜਾਂ ਦਾ ਵੀ ਜਾਇਜ਼ਾ ਲਿਆ। ਉਨ੍ਹਾਂ ਕਿਹਾ ਕਿ ਇਹ ਲੈਬੋਰਟਰੀਆਂ ਜਲਦੀ ਤਿਆਰ ਕਰਕੇ ਸਕੂਲ ਦੇ ਹਵਾਲੇ ਕੀਤੀਆਂ ਜਾਣਗੀਆਂ ਅਤੇ ਇਨ੍ਹਾਂ ਦਾ ਉਦਘਾਟਨ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਵਿਗਿਆਨ ਦੀ ਸਿੱਖਿਆ ਵਿੱਚ ਪ੍ਰਯੋਗਾਤਮਕ ਗਿਆਨ ਦੀ ਵਿਸ਼ੇਸ਼ ਮਹੱਤਤਾ ਹੈ ਅਤੇ ਇਨ੍ਹਾਂ ਲੈਬੋਰਟਰੀਆਂ ਨਾਲ ਵਿਦਿਆਰਥੀਆਂ ਨੂੰ ਵਿਗਿਆਨਕ ਧਾਰਨਾਵਾਂ ਸਮਝਣ ਅਤੇ ਆਪਣੇ ਗਿਆਨ ਨੂੰ ਅਮਲੀ ਰੂਪ ਦੇਣ ਲਈ ਬਿਹਤਰ ਸਹੂਲਤ ਮਿਲੇਗੀ।

ਸਕੂਲ ਦੇ ਸਟਾਫ ਨਾਲ ਗੱਲਬਾਤ ਦੌਰਾਨ ਹਰਪਾਲ ਸਿੰਘ ਚੀਮਾ ਨੇ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੀਆਂ ਗਰਾਂਟਾਂ ਅਤੇ ਉਨ੍ਹਾਂ ਦੀ ਵਰਤੋਂ ਬਾਰੇ ਵਿਚਾਰ-ਚਰਚਾ ਕੀਤੀ।

ਉਨ੍ਹਾਂ ਸਕੂਲ ਦੀਆਂ ਹੋਰ ਲੋੜਾਂ ਬਾਰੇ ਵੀ ਜਾਣਕਾਰੀ ਲਈ ਅਤੇ ਭਰੋਸਾ ਦਿੱਤਾ ਕਿ ਸਕੂਲ ਨੂੰ ਹੋਰ ਬਿਹਤਰ ਬਣਾਉਣ ਲਈ ਲੋੜ ਅਨੁਸਾਰ ਵਾਧੂ ਗਰਾਂਟਾਂ ਮੁਹੱਈਆ ਕਰਵਾਈਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਬੁਨਿਆਦੀ ਢਾਂਚੇ ਦੀ ਘਾਟ ਨਹੀਂ ਆਉਣ ਦਿੱਤੀ ਜਾਵੇਗੀ।

ਸਕੂਲ ਦੇ ਵਿਦਿਅਕ ਵਾਤਾਵਰਨ ਦੀ ਸ਼ਲਾਘਾ ਕਰਦਿਆਂ ਵਿੱਤ ਮੰਤਰੀ ਨੇ ਕਿਹਾ ਕਿ ਸਕੂਲ ਵਿੱਚ ਪੰਜਾਬੀ ਭਾਸ਼ਾ, ਵਿਗਿਆਨ ਅਤੇ ਗਣਿਤ ਨਾਲ ਸਬੰਧਤ ਲਗਾਏ ਗਏ ਸਿੱਖਣ ਸਮੱਗਰੀ ਦੇ ਮਾਡਲ ਵਿਦਿਆਰਥੀਆਂ ਦੀ ਰੁਚੀ ਵਧਾਉਣ ਦਾ ਵਧੀਆ ਉਪਰਾਲਾ ਹਨ। ਉਨ੍ਹਾਂ ਕਿਹਾ ਕਿ ਸਕੂਲ ਵਿੱਚ ਦਾਖਲ ਹੁੰਦਿਆਂ ਹੀ ਨਜ਼ਰ ਆਉਂਦੀ ਸਿੱਖਿਆ ਨਾਲ ਜੁੜੀ ਸਮੱਗਰੀ ਅਤੇ ਸੁਚੱਜਾ ਵਾਤਾਵਰਨ ਮਨ ਨੂੰ ਖੁਸ਼ੀ ਦਿੰਦਾ ਹੈ। ਉਨ੍ਹਾਂ ਕਿਹਾ ਕਿ ਸਹੂਲਤਾਂ ਅਤੇ ਸਿੱਖਣ ਦੇ ਮਾਹੌਲ ਪੱਖੋਂ ਸਾਡੇ ਸਰਕਾਰੀ ਸਕੂਲ ਕਿਸੇ ਵੀ ਨਿੱਜੀ ਸਕੂਲ ਤੋਂ ਘੱਟ ਨਹੀਂ ਹਨ।

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਅੱਜ ਦੇ ਅਚਨਚੇਤ ਨਿਰੀਖਣ ਦੌਰਾਨ ਸਕੂਲ ਵਿੱਚ ਹੋਏ ਸੁਧਾਰ ਦੇਖ ਕੇ ਉਨ੍ਹਾਂ ਨੂੰ ਤਸੱਲੀ ਹੋਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਉਦੇਸ਼ ਹਰ ਬੱਚੇ ਨੂੰ ਅਜਿਹੀ ਸਿੱਖਿਆ ਪ੍ਰਦਾਨ ਕਰਨਾ ਹੈ, ਜਿਸ ਨਾਲ ਉਹ ਆਪਣੀ ਸਮਰੱਥਾ ਨੂੰ ਪਛਾਣ ਕੇ ਭਵਿੱਖ ਵਿੱਚ ਅੱਗੇ ਵਧ ਸਕੇ।

ਵਿੱਤ ਮੰਤਰੀ ਨੇ ਸਕੂਲ ਦੇ ਸਟਾਫ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਵਿਦਿਆਰਥੀਆਂ ਨੂੰ ਪਾਠਕ੍ਰਮ ਦੀ ਪੜ੍ਹਾਈ ਦੇ ਨਾਲ-ਨਾਲ ਆਮ ਗਿਆਨ ਅਤੇ ਵੱਖ-ਵੱਖ ਖੇਤਰਾਂ ਵਿੱਚ ਹੋਣ ਵਾਲੇ ਮੁਕਾਬਲਿਆਂ ਲਈ ਵੀ ਤਿਆਰ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਬੱਚਿਆਂ ਵਿੱਚ ਆਤਮਵਿਸ਼ਵਾਸ, ਤਰਕਸ਼ੀਲ ਸੋਚ ਅਤੇ ਸਿੱਖਣ ਦੀ ਰੁਚੀ ਪੈਦਾ ਕਰਨ ਵਿੱਚ ਅਧਿਆਪਕਾਂ ਦੀ ਅਹਿਮ ਭੂਮਿਕਾ ਹੈ।

ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਇੰਚਾਰਜ ਪਰਮਿੰਦਰ ਕੁਮਾਰ ਲੌਂਗੋਵਾਲ, ਮੈਡਮ ਨਵਰਾਜ ਕੌਰ ਅਤੇ ਸਮੂਹ ਸਟਾਫ ਨੇ ਵਿੱਤ ਮੰਤਰੀ ਦਾ ਸਵਾਗਤ ਕੀਤਾ ਅਤੇ ਸਕੂਲ ਦੇ ਵਿਕਾਸ ਲਈ ਪਹਿਲਾਂ ਦਿੱਤੀਆਂ ਗਰਾਂਟਾਂ ਲਈ ਧੰਨਵਾਦ ਕੀਤਾ। ਇਸ ਮੌਕੇ ਵਿੱਤ ਮੰਤਰੀ ਦੇ ਓ.ਐਸ.ਡੀ. ਤਪਿੰਦਰ ਸਿੰਘ ਸੋਹੀ ਅਤੇ ਪਿੰਡ ਦੇ ਸਰਪੰਚ ਰਵਿੰਦਰ ਸਿੰਘ ਮਾਨ ਵੀ ਹਾਜ਼ਰ ਸਨ।

# ਆਪਣੀ ਆਮਦਨ ਵਧਾਉਣ ਲਈ ਕਿਸਾਨ ਖੇਤੀ ਮਾਹਿਰਾਂ ਦੀ ਰਾਏ ਅਨੁਸਾਰ ਫਸਲੀ ਵਿਭਿੰਨਤਾ ਤੇ ਸਹਾਇਕ ਧੰਦੇ ਅਪਣਾਉਣ : ਚੇਤਨ ਸਿੰਘ ਜੌੜਾਮਾਜਰਾ

**ਡਕਾਲਾ, 13 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪਟਿਆਲਾ ਨੇ ਕੇ.ਐਸ. ਫਾਰਮ ਹਾਊਸ, ਡਕਾਲਾ ਵਿਖੇ ਹਾੜੀ ਦੀਆਂ ਫਸਲਾਂ ਸਬੰਧੀ ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ ਲਗਾਇਆ। ਇਸ ਦੌਰਾਨ ਪਰਾਲੀ ਨੂੰ ਅੱਗ ਨਾ ਲਗਾਉਣ ਵਾਲੇ 30 ਕਿਸਾਨਾਂ ਨੂੰ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਮੁੱਖ ਮਹਿਮਾਨ ਵਜੋਂ ਪਹੁੰਚੇ ਸਮਾਣਾ ਦੇ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਨੇ ਕੈਂਪ ਦਾ ਉਦਘਾਟਨ ਕਰਦੇ ਹੋਏ ਕਿਸਾਨਾਂ ਨੂੰ ਆਪਣੀ ਖੇਤੀ ਆਮਦਨ ਵਧਾਉਣ ਲਈ ਸਲਾਹ ਦਿੱਤੀ ਕਿ ਉਹ ਖੇਤੀਬਾੜੀ ਮਾਹਿਰਾਂ ਦੀ ਰਾਏ ਅਨੁਸਾਰ ਫ਼ਸਲਾਂ ਦੀ ਦੇਖ-ਰੇਖ ਕਰਨ, ਸਹਾਇਕ ਧੰਦੇ ਅਪਣਾਉਣ ਅਤੇ ਫਸਲੀ ਵਿਭਿੰਨਤਾ ਹੇਠ ਰਕਬਾ ਵਧਾਉਣ। ਵਿਧਾਇਕ ਨੇ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਉਣ ਲਈ ਵੀ ਪ੍ਰੇਰਿਤ ਕੀਤਾ।

ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦੇ ਦਿਸ਼ਾ ਨਿਰਦੇਸ਼ਾਂ ਅਤੇ ਡਾਇਰੈਕਟਰ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਡਾ. ਗੁਰਜੀਤ ਸਿੰਘ ਬਰਾੜ ਦੀ ਪ੍ਰਧਾਨਗੀ ਹੇਠ ਪਟਿਆਲਾ ਦੇ ਮੁੱਖ ਖੇਤੀਬਾੜੀ ਅਫ਼ਸਰ ਡਾ. ਦਾਰਾ ਸਿੰਘ ਦੀ ਅਗਵਾਈ ਹੇਠ ਲੱਗੇ ਇਸ ਕਿਸਾਨ ਮੇਲੇ ਵਿੱਚ ਕਿਸਾਨਾਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ।

ਇਸ ਕੈਂਪ ਦੇ ਤਕਨੀਕੀ ਸੈਸ਼ਨ ਦੀ ਅਗਵਾਈ ਕਰਦੇ ਹੋਏ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਦਮਨਜੀਤ ਸਿੰਘ ਮਾਨ ਨੇ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਨਾ ਲਗਾਉਣ ਲਈ ਆਉਣ ਵਾਲੇ ਸਾਲਾਂ ਵਿਚ ਵੀ ਜ਼ਿਲ੍ਹਾ ਪ੍ਰਸ਼ਾਸਨ ਨੂੰ ਸਹਿਯੋਗ ਦੇਣ ਲਈ ਅਪੀਲ ਕੀਤੀ। ਏਡੀਸੀ ਮਾਨ ਨੇ ਦੱਸਿਆ ਕਿ ਪਿਛਲੇ ਸਾਲਾਂ ਦੇ ਮੁਕਾਬਲੇ ਜ਼ਿਲ੍ਹੇ ਵਿਚ ਅੱਗ ਲੱਗਣ ਦੀਆਂ ਘਟਨਾਵਾਂ ਲਗਾਤਾਰ ਘਟ ਰਹੀਆਂ ਹਨ ਅਤੇ ਆਉਣ ਵਾਲੇ ਸਾਲਾਂ ਵਿਚ ਵੱਧ ਤੋਂ ਵੱਧ ਪਰਾਲੀ ਪ੍ਰਬੰਧਨ ਸਬੰਧੀ ਖੇਤੀ ਮਸ਼ੀਨਰੀ ਕੋਆਪ੍ਰੇਟਿਵ ਸੋਸਾਇਟੀਆਂ, ਗਰੁੱਪਾਂ, ਐਫ.ਪੀ.ਓ. ਅਤੇ ਵਿਅਕਤੀਗਤ ਕਿਸਾਨਾਂ ਰਾਹੀਂ ਉਪਲੱਬਧ ਕਰਵਾਉਣ ਲਈ ਹੋਰ ਵਧੀਆ ਉਪਰਾਲੇ ਖੇਤੀਬਾੜੀ ਵਿਭਾਗ ਵੱਲੋਂ ਕੀਤੇ ਜਾਣਗੇ।

ਮੁੱਖ ਖੇਤੀਬਾੜੀ ਅਫ਼ਸਰ ਡਾ. ਦਾਰਾ ਸਿੰਘ ਨੇ ਸਮੂਹ ਕਿਸਾਨਾਂ ਨੂੰ ਫਾਰਮਰ ਆਈ.ਡੀ. ਬਣਾਉਣ, ਖੇਤੀਬਾੜੀ ਇਨਪੁਟਸ ਦੇ ਡੀਲਰਾਂ ਤੋਂ ਬਿੱਲ ਲੈਣ ਅਤੇ ਪਾਣੀ ਦੀ ਬੱਚਤ ਸਬੰਧੀ ਕਦਮ ਚੁੱਕਣ ਲਈ ਪ੍ਰੇਰਿਤ ਕੀਤਾ। ਇਸ ਕੈਂਪ ਦੇ ਵਿਸ਼ੇਸ਼ ਮਹਿਮਾਨ ਸੰਯੁਕਤ ਡਾਇਰੈਕਟਰ ਖੇਤੀਬਾੜੀ (ਘਣੀ ਖੇਤੀ) ਡਾ. ਜੰਗੀਰ ਸਿੰਘ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਵਿਭਾਗ ਵੱਲੋਂ ਪਿੰਡ ਪੱਧਰੀ, ਬਲਾਕ ਪੱਧਰੀ ਅਤੇ ਜ਼ਿਲ੍ਹਾ ਪੱਧਰੀ ਕੈਂਪਾਂ ਵਿਚ ਭਾਗ ਲੈ ਕੇ ਨਵੀਨਤਮ ਖੇਤੀ ਸਬੰਧੀ ਜਾਣਕਾਰੀ ਪ੍ਰਾਪਤ ਕਰਨ ਅਤੇ ਉਹਨਾਂ ਨੇ ਖੇਤੀਬਾੜੀ ਵਿਭਾਗ ਦੀਆਂ ਵੱਖ-ਵੱਖ ਸਕੀਮਾਂ ਸਬੰਧੀ ਵਿਸਥਾਰ ਪੂਰਵਕ ਜਾਣਕਾਰੀ ਹਾਜਰ ਕਿਸਾਨਾਂ ਨਾਲ ਸਾਂਝੀ ਕੀਤੀ।

ਇਸ ਕੈਂਪ ਵਿੱਚ ਖੇਤੀਬਾੜੀ, ਪਸ਼ੂ ਪਾਲਣ, ਡੇਅਰੀ, ਮੱਛੀ ਪਾਲਣ, ਬਾਗਬਾਨੀ ਅਤੇ ਭੂਮੀ ਅਤੇ ਜਲ ਸੰਭਾਲ ਵਿਭਾਗ ਸਮੇਤ ਪ੍ਰਾਈਵੇਟ ਕੰਪਨੀਆਂ ਅਤੇ ਅਗਾਂਹਵਧੂ ਕਿਸਾਨਾਂ ਨੇ ਆਪਣੇ ਕੰਮ ਨਾਲ ਸਬੰਧਿਤ ਪ੍ਰਦਰਸ਼ਨੀ ਲਗਾਈ ਜਿਸ ਦਾ ਹਾਜਰ ਕਿਸਾਨਾਂ ਨੇ ਲਾਹਾ ਲਿਆ। ਕੈਂਪ ਦੌਰਾਨ ਕਿਸਾਨਾਂ ਨੂੰ ਹਾੜੀ ਦੀਆਂ ਫਸਲਾਂ, ਫਸਲੀ ਵਿਭਿੰਨਤਾ, ਫ਼ਸਲਾਂ ਦੀ ਰਹਿੰਦ ਖੂੰਹਦ ਦੀ ਸੁੱਚਜੀ ਵਰਤੋ ਕਰਨ ਸਬੰਧੀ ਕੇਵੀਕੇ ਰੌਣੀ ਅਤੇ ਫਾਰਮਰ ਸਲਾਹਕਾਰ ਕੇਂਦਰ ਦੇ ਸਾਇੰਸਦਾਨ ਡਿਪਟੀ ਡਾਇਰੈਕਟਰ ਡਾ. ਹਰਦੀਪ ਸਿੰਘ ਸਭੀਖੀ, ਡਾ. ਰਜਨੀ ਗੋਇਲ, ਡਾ. ਗੁਰਪ੍ਰੀਤ ਸਿੰਘ ਅਤੇ ਡਾ. ਗੁਰਪ੍ਰੀਤ ਕੌਰ ਨੇ ਤਕਨੀਕੀ ਜਾਣਕਾਰੀ ਦਿੱਤੀ। ਇਸ ਕੈਂਪ ਵਿਚ ਲਗਭਗ 1000 ਕਿਸਾਨਾਂ ਵੱਲੋਂ ਭਾਗ ਲਿਆ ਤੇ ਬਲਾਕ ਖੇਤੀਬਾੜੀ ਅਫ਼ਸਰ ਭੁਨਰਹੇੜੀ ਡਾ. ਮਨਦੀਪ ਸਿੰਘ ਅਤੇ ਸਮੂਹ ਸਟਾਫ ਨੇ ਹਾਜਰ ਕਿਸਾਨਾਂ, ਖੇਤੀਬਾੜੀ ਅਤੇ ਹੋਰ ਵਿਭਾਗਾਂ ਦੇ ਅਧਿਕਾਰੀਆਂ-ਕਰਮਚਾਰੀਆਂ ਦਾ ਧੰਨਵਾਦ ਕੀਤਾ।

# ਪੰਜਾਬ ਦੇ ਹਰ ਜ਼ਿਲ੍ਹੇ ਵਿੱਚ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮਾ ਦਾ ਆਯੋਜਨ ਕਰਨਾ ਸ਼ਲਾਘਾਯੋਗ ਉਪਰਾਲਾ : ਐਸ.ਐਸ.ਪੀ ਵੈਭਵ ਚੌਧਰੀ

**ਪਟਿਆਲਾ, 13 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਪੰਜਾਬ ਅਤੇ ਪਟਿਆਲਾ ਜ਼ਿਲ੍ਹੇ ਦੀਆਂ ਨਾਮਵਰ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ ਅਤੇ ਯੁਵਕ ਸੇਵਾਵਾਂ ਕਲੱਬ ਦੀਪ ਨਗਰ ਦੀ ਟੀਮ ਦੇ ਸਰਪ੍ਰਸਤ ਸਟੇਟ ਐਵਾਰਡੀ ਪਰਮਿੰਦਰ ਭਲਵਾਨ (ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਂਬਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ, ਮੈਂਬਰ ਯੁਵਾ ਸਾਂਝ ਕਮੇਟੀ ਪਟਿਆਲਾ ਪੁਲਿਸ, ਮੈਂਬਰ ਵੂਮੈਨ ਕੌਂਸਲਿੰਗ ਸੈੱਲ ਪਟਿਆਲਾ ਪੁਲਿਸ) ਅਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ (ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ) ਅਤੇ ਸਤਨਾਮ ਸਿੰਘ ਸਰਪੰਚ ਮੈਦੇਵਾਸ ਨੇ ਐਸ.ਐਸ.ਪੀ ਮਾਨਸਾ ਵੈਭਵ ਚੌਧਰੀ ਜੀ ਨਾਲ ਮੁਲਾਕਾਤ ਕੀਤੀ।

ਇਸ ਮੌਕੇ ਟੀਮ ਵੱਲੋਂ ਨਸ਼ਿਆਂ ਵਿਰੁੱਧ ਕੀਤੇ ਜਾ ਰਹੇ ਜਾਗਰੂਕਤਾ ਪ੍ਰੋਗਰਾਮਾਂ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।

ਇਸ ਮੌਕੇ ਐਸ.ਐਸ.ਪੀ ਮਾਨਸਾ ਵੈਭਵ ਚੌਧਰੀ ਨੇ ਕਿਹਾ ਕਿ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਅਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਅਤੇ ਉਹਨਾਂ ਦੀਆਂ ਸਮਾਜ ਸੇਵੀ ਸੰਸਥਾਵਾਂ ਪੰਜਾਬ ਪੁਲਿਸ ਵੱਲੋਂ ਨਸ਼ਿਆਂ ਵਿਰੁੱਧ ਸ਼ੁਰੂ ਕੀਤੀ ਲੜਾਈ ਵਿੱਚ ਵੱਧ-ਚੜ੍ਹ ਕੇ ਵਲੰਟੀਅਰ ਵਜੋਂ ਸਹਿਯੋਗ ਦੇ ਰਹੀਆਂ ਹਨ, ਜੋ ਕਿ ਬਹੁਤ ਹੀ ਪ੍ਰਸੰਸਾਯੋਗ ਕਦਮ ਹੈ।

ਉਹਨਾਂ ਦੱਸਿਆ ਕਿ ਇਸ ਟੀਮ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ ਮੁਹਿੰਮ' ਅਤੇ 'ਨਸ਼ਾ ਮੁਕਤ ਭਾਰਤ ਅਭਿਆਨ' ਤਹਿਤ ਪਿਛਲੇ ਦੋ ਸਾਲਾਂ ਵਿੱਚ ਪੰਜਾਬ ਦੇ ਵੱਖ-ਵੱਖ ਸ਼ਹਿਰਾਂ ਵਿੱਚ ਪੁਲਿਸ ਪ੍ਰਸ਼ਾਸਨ ਦੇ ਸਹਿਯੋਗ ਨਾਲ ਤਕਰੀਬਨ 525 ਤੋਂ ਵੱਧ ਸੈਮੀਨਾਰ, ਰੈਲੀਆਂ ਅਤੇ ਨੁੱਕੜ ਨਾਟਕਾਂ ਦਾ ਆਯੋਜਨ ਕੀਤਾ ਗਿਆ ਹੈ। ਇਸ ਟੀਮ ਨੇ ਪਿਛਲੇ 15 ਸਾਲਾਂ ਤੋਂ ਨਸ਼ਿਆਂ ਵਿਰੁੱਧ ਤਕਰੀਬਨ 4500 ਤੋਂ ਵੱਧ ਜਾਗਰੂਕਤਾ ਪ੍ਰੋਗਰਾਮ ਕਰਕੇ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਬਾਹਰ ਕੱਢਣ ਲਈ ਸ਼ਲਾਘਾਯੋਗ ਉਪਰਾਲੇ ਕੀਤੇ ਹਨ।

ਉਹਨਾਂ ਕਿਹਾ ਕਿ ਡਾਇਰੈਕਟਰ ਜਨਰਲ ਆਫ ਪੁਲਿਸ ਗੌਰਵ ਯਾਦਵ ਜੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਪੁਲਿਸ ਨਸ਼ਿਆਂ ਦੇ ਵੱਡੇ ਮਗਰਮੱਛਾਂ ਨੂੰ ਨਕੇਲ ਪਾ ਰਹੀ ਹੈ। ਨਸ਼ਾ ਤਸਕਰਾਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ, ਉਹਨਾਂ ਦੀਆਂ ਜਾਇਦਾਦਾਂ ਕੁਰਕ ਕੀਤੀਆਂ ਜਾ ਰਹੀਆਂ ਹਨ ਅਤੇ ਉਹਨਾਂ ਦੀਆਂ ਜਾਇਦਾਦਾਂ 'ਤੇ ਬੁਲਡੋਜ਼ਰ ਚਲਾਏ ਜਾ ਰਹੇ ਹਨ। ਅੱਗੇ ਤੋਂ ਵੀ ਇਹ ਕਾਰਵਾਈ ਜਾਰੀ ਰਹੇਗੀ।

ਉਹਨਾਂ ਕਿਹਾ ਕਿ ਪੰਜਾਬ ਪੁਲਿਸ ਨਸ਼ਿਆਂ ਦੇ ਖਾਤਮੇ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਨਸ਼ਾ ਤਸਕਰਾਂ ਦੀ ਸੂਚਨਾ ਦੇਣ ਵਾਲੇ ਵਿਅਕਤੀ ਦਾ ਨਾਮ ਪੁਲਿਸ ਵੱਲੋਂ ਗੁਪਤ ਰੱਖਿਆ ਜਾਂਦਾ ਹੈ, ਇਸ ਲਈ ਪਬਲਿਕ ਨੂੰ ਬਿਨਾਂ ਕਿਸੇ ਡਰ-ਭੈਅ ਤੋਂ ਅੱਗੇ ਆ ਕੇ ਸੂਚਨਾ ਦੇਣੀ ਚਾਹੀਦੀ ਹੈ।

ਇਸ ਮੌਕੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਨੇ ਐਸ.ਐਸ.ਪੀ ਵੈਭਵ ਚੌਧਰੀ ਨੂੰ ਭਰੋਸਾ ਦਿਵਾਇਆ ਕਿ ਉਹਨਾਂ ਦੀ ਟੀਮ ਹਮੇਸ਼ਾ ਪੰਜਾਬ ਪੁਲਿਸ ਨਾਲ ਮਿਲ ਕੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਜਾਗਰੂਕਤਾ ਪ੍ਰੋਗਰਾਮਾਂ ਦਾ ਆਯੋਜਨ ਕਰਦੀ ਰਹੇਗੀ ਅਤੇ ਅੱਗੇ ਤੋਂ ਵੀ ਇਹ ਪ੍ਰੋਗਰਾਮ ਲਗਾਤਾਰ ਜਾਰੀ ਰਹਿਣਗੇ।

# ਇਤਿਹਾਸਕ ਪ੍ਰਾਪਤੀ: ਮਾਈ ਭਾਗੋ ਏ.ਐਫ.ਪੀ.ਆਈ. ਦੀਆਂ 17 ਮਹਿਲਾ ਕੈਡਿਟਾਂ ਵੱਲੋਂ ਐਨ.ਡੀ.ਏ. ਪ੍ਰੀਖਿਆ ਪਾਸ; ਭਾਰਤ ਦੇ ਕਿਸੇ ਵੀ ਸਰਕਾਰੀ ਅਦਾਰੇ 'ਚੋਂ ਪਾਸ ਹੋਣ ਵਾਲੀਆਂ ਮਹਿਲਾਂ ਕੈਡਿਟਾਂ ਦੀ ਸਭ ਤੋਂ ਵੱਡੀ ਗਿਣਤੀ

**ਚੰਡੀਗੜ੍ਹ, 13 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮਾਈ ਭਾਗੋ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ' (ਏਐਫਪੀਆਈ) ਮੋਹਾਲੀ ਦੀਆਂ 17 ਮਹਿਲਾ ਕੈਡਿਟਾਂ ਨੇ ਐਨਡੀਏ ਦੀ ਲਿਖਤੀ ਪ੍ਰੀਖਿਆ ਪਾਸ ਕਰਕੇ ਰਾਸ਼ਟਰੀ ਪੱਧਰ 'ਤੇ ਇਤਿਹਾਸ ਰਚ ਦਿੱਤਾ ਹੈ। ਇਹ ਦੇਸ਼ ਦੀ ਕਿਸੇ ਵੀ ਸਰਕਾਰੀ ਸੰਸਥਾ, ਜਿਸ ਵਿੱਚ ਸੈਨਿਕ ਸਕੂਲ ਅਤੇ ਰਾਸ਼ਟਰੀ ਮਿਲਟਰੀ ਸਕੂਲ ਵੀ ਸ਼ਾਮਲ ਹੈ, ਵੱਲੋਂ ਐਨਡੀਏ ਪ੍ਰੀਖਿਆ ਪਾਸ ਕਰਨ ਵਾਲੀਆਂ ਮਹਿਲਾ ਕੈਡਿਟਾਂ ਦੀ ਹੁਣ ਤੱਕ ਦੀ ਸਭ ਤੋਂ ਵੱਡੀ ਗਿਣਤੀ ਹੈ।

ਵੱਡੀਆਂ ਚੁਣੌਤੀਆਂ ਦੇ ਬਾਵਜੂਦ ਇਹ ਸਫਲਤਾ ਹਾਸਲ ਕਰਨ ਵਾਲੀਆਂ 17 ਮਹਿਲਾ ਕੈਡਿਟਾਂ ਵਿੱਚ ਤਨਵੀ, ਉਰਵੀ, ਸਿਮਰਨਪ੍ਰੀਤ ਕੌਰ, ਕੋਮਲਪ੍ਰੀਤ ਕੌਰ, ਪਹੁਲਜੀਤ ਕੌਰ, ਜਸਮੀਤ ਕੌਰ, ਮੁਸਕਾਨਪ੍ਰੀਤ ਕੌਰ, ਗਰਿਮਾ, ਅਨੀਸ਼ਾ, ਪ੍ਰਨਯਾ ਕਾਰਗਵਾਲ, ਜਸ਼ਨਦੀਪ ਕੌਰ, ਸਮ੍ਰਿਧੀ, ਅਰਸ਼ਕਿਰਨ ਕੌਰ, ਸਹਿਜਪ੍ਰੀਤ ਕੌਰ, ਜਪਨੀਤ ਕੌਰ, ਖੁਸ਼ੀ ਅਤੇ ਜਸਲੀਨ ਕੌਰ ਸ਼ਾਮਲ ਹਨ। ਉਨ੍ਹਾਂ ਨੇ ਇਹ ਪ੍ਰੀਖਿਆ ਅਜਿਹੀ ਪ੍ਰਣਾਲੀ ਵਿੱਚ ਪਾਸ ਕੀਤੀ ਹੈ ਜਿੱਥੇ ਐਨਡੀਏ ਦੀਆਂ ਕੁੱਲ ਸੀਟਾਂ ਵਿੱਚੋਂ ਸਿਰਫ਼ 6 ਫ਼ੀਸਦ ਸੀਟਾਂ ਹੀ ਲੜਕੀਆਂ ਲਈ ਰਾਖਵੀਆਂ ਹਨ, ਜਦਕਿ 94 ਫ਼ੀਸਦ ਸੀਟਾਂ ਲੜਕਿਆਂ ਲਈ ਰਾਖਵੀਆਂ ਹਨ।

ਇਸ ਨੂੰ ਇੱਕ ਇਤਿਹਾਸਕ ਪ੍ਰਾਪਤੀ ਦੱਸਦਿਆਂ, ਪੰਜਾਬ ਦੇ ਰੁਜ਼ਗਾਰ ਉੱਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਮੰਤਰੀ ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਇਹਨਾਂ ਨਤੀਜਿਆਂ ਨੇ ਲੜਕੀਆਂ ਨੂੰ ਹਥਿਆਰਬੰਦ ਬਲਾਂ ਵਿੱਚ ਕਰੀਅਰ ਬਣਾਉਣ ਦੇ ਸਮਰੱਥ ਬਣਾਉਣ ਵਿੱਚ ਦੇਸ਼ ਦੇ ਮੋਹਰੀ ਸੂਬੇ ਵਜੋਂ ਪੰਜਾਬ ਦੀ ਪਛਾਣ ਨੂੰ ਹੋਰ ਮਜ਼ਬੂਤ ਕੀਤਾ ਹੈ। ਉਨ੍ਹਾਂ ਅੱਗੇ ਕਿਹਾ ਕਿ ਇਹ ਜਿੱਤ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਉਸ ਦੂਰਅੰਦੇਸ਼ੀ ਫੈਸਲੇ 'ਤੇ ਮੋਹਰ ਲਗਾਉਂਦੀ ਹੈ ਜਿਸ ਤਹਿਤ ਮਾਈ ਭਾਗੋ ਏ.ਐਫ.ਪੀ.ਆਈ. ਵਿਖੇ ਲੜਕੀਆਂ ਲਈ ਐਨ.ਡੀ.ਏ. ਦੀ ਤਿਆਰੀ ਸਬੰਧੀ ਵਿੰਗ ਸ਼ੁਰੂ ਕੀਤਾ ਗਿਆ ਸੀ। ਉਨ੍ਹਾਂ ਕਿਹਾ ਕਿ ਇਹ ਤਾਂ ਸਿਰਫ਼ ਸ਼ੁਰੂਆਤ ਹੈ ਅਤੇ ਆਉਣ ਵਾਲੇ ਸਾਲਾਂ ਵਿੱਚ ਨਤੀਜੇ ਹੋਰ ਵੀ ਬਿਹਤਰ ਹੋਣਗੇ।

ਸ੍ਰੀ ਅਮਨ ਅਰੋੜਾ ਨੇ ਕੈਡਿਟਾਂ, ਉਨ੍ਹਾਂ ਦੇ ਪਰਿਵਾਰਾਂ ਅਤੇ ਫੈਕਲਟੀ ਨੂੰ ਵਧਾਈ ਦਿੰਦਿਆਂ ਕਿਹਾ, ਮੈਨੂੰ ਮਾਈ ਭਾਗੋ ਏ.ਐਫ.ਪੀ.ਆਈ. ਦੀਆਂ 17 ਮਹਿਲਾ ਕੈਡਿਟਾਂ 'ਤੇ ਬਹੁਤ ਮਾਣ ਹੈ। ਇਹ ਸਿਰਫ਼ ਇਨ੍ਹਾਂ ਨੌਜਵਾਨ ਲੜਕੀਆਂ ਦੀ ਜਿੱਤ ਨਹੀਂ, ਸਗੋਂ ਪੰਜਾਬ ਲਈ ਇੱਕ ਇਤਿਹਾਸਕ ਪਲ ਹੈ। ਅਜਿਹੀ ਪ੍ਰਣਾਲੀ ਵਿੱਚ ਸਫਲਤਾ ਹਾਸਲ ਕਰਨ ਲਈ, ਜਿੱਥੇ 94 ਫ਼ੀਸਦ ਸੀਟਾਂ ਲੜਕਿਆਂ ਲਈ ਰਾਖ਼ਵੀਆਂ ਹਨ, ਅਸਾਧਾਰਨ ਹਿੰਮਤ ਅਤੇ ਪ੍ਰਤਿਭਾ ਦੀ ਲੋੜ ਹੁੰਦੀ ਹੈ ਅਤੇ ਸਾਡੀਆਂ ਧੀਆਂ ਨੇ ਆਪਣੀ ਹਿੰਮਤ ਅਤੇ ਹੁਨਰ ਦਾ ਬਾਖੂਬੀ ਪ੍ਰਦਰਸ਼ਨ ਕੀਤਾ ਹੈ। ਉਨ੍ਹਾਂ ਕਿਹਾ, ਇਹ ਨਤੀਜਾ ਸਾਡੀਆਂ ਧੀਆਂ ਨੂੰ ਵਿਸ਼ਵ-ਪੱਧਰੀ ਸਿਖਲਾਈ ਨਾਲ ਸਮਰੱਥ ਬਣਾਉਣ ਪ੍ਰਤੀ ਸਾਡੀ ਸਰਕਾਰ ਦੇ ਦ੍ਰਿਸ਼ਟੀਕੋਣ ਦਾ ਪ੍ਰਤੱਖ ਪ੍ਰਮਾਣ ਹੈ। ਮਾਈ ਭਾਗੋ ਏ.ਐਫ.ਪੀ.ਆਈ. ਅੱਜ ਉੱਤਮਤਾ ਦੀ ਇੱਕ ਮਿਸਾਲ ਵਜੋਂ ਖੜ੍ਹੀ ਹੈ ਅਤੇ ਮੈਨੂੰ ਪੂਰਾ ਭਰੋਸਾ ਹੈ ਕਿ ਇਹ ਕੈਡਿਟ ਐਸ.ਐਸ.ਬੀ. ਅਤੇ ਇਸ ਤੋਂ ਅੱਗੇ ਵੀ ਦੇਸ਼ ਦਾ ਨਾਂ ਰੌਸ਼ਨ ਕਰਨਗੇ।

# ਚੰਡੀਗੜ੍ਹ ਦੇ ਪੀਐੱਮ ਸ਼੍ਰੀ ਗਵਰਨਮੈਂਟ ਗਰਲਜ਼ ਮਾਡਲ ਸੀਨੀਅਰ ਸੈਕੰਡਰੀ ਸਕੂਲ, ਸੈਕਟਰ 18 ਵਿੱਚ ਨੈਸ਼ਨਲ ਇਨਕਲੂਸਿਵ ਥੀਏਟਰ ਫੈਸਟੀਵਲ(ਐੱਨਆਈਟੀਐੱਫ) ਦੀ ਸ਼ੁਰੂਆਤ

**ਚੰਡੀਗੜ੍ਹ, 13 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਸਟੇਟ ਲੈਵਲ ਨੈਸ਼ਨਲ ਇਨਕਲੂਸਿਵ ਥੀਏਟਰ ਫੈਸਟੀਵਲ (ਐੱਨਆਈਟੀਐੱਫ) 2026 ਦੀ ਅੱਜ ਪੀਐੱਮ ਸ਼੍ਰੀ ਗਵਰਨਮੈਂਟ ਗਰਲਸ ਮਾਡਲ ਸੀਨੀਅਰ ਸੈਕੰਡਰੀ ਸਕੂਲ, ਸੈਕਟਰ 18, ਚੰਡੀਗੜ੍ਹ ਵਿੱਚ ਉਤਸ਼ਾਹ ਅਤੇ ਸਮਾਵੇਸ਼ਤਾ ਦੀ ਭਾਵਨਾ ਨਾਲ ਸ਼ੁਰੂਆਤ ਹੋਈ। ਭਾਰਤ ਸਰਕਾਰ ਦੇ ਸਿੱਖਿਆ ਮੰਤਰਾਲੇ ਦੇ ਸਕੂਲ ਸਿੱਖਿਆ ਅਤੇ ਸਾਖਰਤਾ ਵਿਭਾਗ ਦੀ ਸਰਪ੍ਰਸਤੀ ਵਿੱਚ ਆਯੋਜਿਤ ਇਹ ਫੈਸਟੀਵਲ ਦਿੱਵਯਾਂਗ ਅਤੇ ਹੋਰ ਬੱਚਿਆਂ ਨੂੰ ਥੀਏਟਰ ਦੇ ਜ਼ਰੀਏ ਆਪਣੀਆਂ ਭਾਵਨਾਵਾਂ ਵਿਅਕਤ ਕਰਨ, ਵਿਵਿਧਤਾ ਦਾ ਉਤਸਵ ਮਨਾਉਣ ਅਤੇ ਸਮਾਨ ਭਾਗੀਦਾਰੀ ਨੂੰ ਹੁਲਾਰਾ ਦੇਣ ਲਈ ਵਿਸ਼ੇਸ਼ ਮੰਚ ਪ੍ਰਦਾਨ ਕਰਦਾ ਹੈ। ਉਦਘਾਟਨੀ ਸਮਾਰੋਹ ਵਿੱਚ ਚੰਡੀਗੜ੍ਹ ਪ੍ਰਸ਼ਾਸਨ ਦੇ ਸਕੂਲ ਸਿੱਖਿਆ ਡਾਇਰੈਕਟਰ, ਸ਼੍ਰੀ ਨਿਤੀਸ਼ ਸਿੰਗਲਾ ਮੁੱਖ ਮਹਿਮਾਨ ਦੇ ਰੂਪ ਵਿੱਚ ਉਪਸਥਿਤ ਰਹੇ। ਇਸ ਅਵਸਰ 'ਤੇ ਡਿਪਟੀ ਡਾਇਰੈਕਟਰ ਸਕੂਲ ਐਜੂਕੇਸ਼ਨ ਸੁਸ਼੍ਰੀ ਬਿੰਦੂ ਅਰੋੜਾ; ਡਿਪਟੀ ਡਾਇਰੈਕਟਰ ਸਕੂਲ ਐਜੂਕੇਸ਼ਨ-IV ਸੁਸ਼੍ਰੀ ਨਿਰਮਲ ਸ਼ਰਮਾ; ਅਤੇ ਜ਼ਿਲ੍ਹਾ ਸਿੱਖਿਆ ਅਧਿਕਾਰੀ ਸ਼੍ਰੀ ਸੰਜੀਵ ਸਿੰਗਲਾ ਵੀ ਉਪਸਥਿਤ ਰਹੇ। ਆਯੋਜਿਤ ਇਸ ਚਾਰ ਦਿਨਾਂ ਦੇ ਸਟੇਟ ਲੈਵਲ ਫੈਸਟੀਵਲ ਵਿੱਚ ਵਿਸ਼ੇਸ਼ ਜ਼ਰੂਰਤ ਵਾਲੇ ਬੱਚਿਆਂ (ਸੀਡਬਲਿਊਐੱਸਐੱਨ) ਸਹਿਤ ਲਗਭਗ 400 ਵਿਦਿਆਰਥੀ ਹਿੱਸਾ ਲੈ ਰਹੇ ਹਨ। ਹਰ ਰੋਜ਼ ਪੰਜ ਟੀਮਾਂ ਆਪਣੀਆਂ ਪ੍ਰਸਤੁਤੀਆਂ ਦੇ ਜ਼ਰੀਏ ਰਚਨਾਤਮਕਤਾ, ਪ੍ਰਤਿਭਾ, ਆਤਮਵਿਸ਼ਵਾਸ ਅਤੇ ਮਿਲ ਕੇ ਕਾਰਜ ਕਰਨ ਦੀ ਭਾਵਨਾ ਦਾ ਪ੍ਰਦਰਸ਼ਨ ਕਰਨਗੀਆਂ। ਇਸ ਫੈਸਟੀਵਲ ਦੀ ਵਿਸ਼ੇਸ਼ਤਾ ਇਹ ਹੈ ਕਿ ਹਰੇਕ ਟੀਮ ਵਿੱਚ ਵਿਸ਼ੇਸ਼ ਜ਼ਰੂਰਤ ਵਾਲੇ ਅਤੇ ਹੋਰ ਬੱਚੇ ਮਿਲ ਕੇ ਹਿੱਸਾ ਲੈ ਰਹੇ ਹਨ। ਇਸ ਨਾਲ ਬੱਚਿਆਂ ਦੇ ਦਰਮਿਆਨ ਸਾਰਥਕ ਸੰਵਾਦ, ਆਪਸੀ ਸਮਝ ਅਤੇ ਅਪਣੱਤ ਦੀ ਭਾਵਨਾ ਨੂੰ ਹੁਲਾਰਾ ਮਿਲਦਾ ਹੈ। ਪ੍ਰਤੀਭਾਗੀਆਂ ਨੂੰ ਸੰਬੋਧਨ ਕਰਦੇ ਹੋਏ ਸਕੂਲ ਸਿੱਖਿਆ ਡਾਇਰੈਕਟਰ ਸ਼੍ਰੀ ਨਿਤੀਸ਼ ਸਿੰਗਲਾ ਨੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਨੂੰ ਆਤਮਵਿਸ਼ਵਾਸ ਅਤੇ ਉਤਸ਼ਾਹ ਨਾਲ ਪ੍ਰਸਤੁਤੀ ਦੇਣ ਲਈ ਪ੍ਰੋਤਸਾਹਿਤ ਕੀਤਾ। ਮੁਕਾਬਲੇ ਨਾਲੋਂ ਭਾਗੀਦਾਰੀ ਦੇ ਮਹੱਤਵ 'ਤੇ ਜ਼ੋਰ ਦਿੰਦੇ ਹੋਏ ਉਨ੍ਹਾਂ ਨੇ ਕਿਹਾ ਕਿ ਹਿੱਸਾ ਲੈਣਾ ਹੀ ਆਪਣੇ ਆਪ ਵਿੱਚ ਜਿੱਤ ਹੈ। ਉਨ੍ਹਾਂ ਨੇ ਸਾਰੇ ਸਕੂਲਾਂ ਨੂੰ ਅਜਿਹੇ ਪ੍ਰੋਗਰਾਮਾਂ ਵਿੱਚ ਅਧਿਕ ਤੋਂ ਅਧਿਕ ਵਿਦਿਆਰਥੀਆਂ ਦੀ ਭਾਗੀਦਾਰੀ ਨੂੰ ਸੁਨਿਸ਼ਚਿਤ ਕਰਨ ਦੀ ਤਾਕੀਦ ਕੀਤੀ। ਉਨ੍ਹਾਂ ਨੇ ਕਿਹਾ ਕਿ ਅਜਿਹੀਆਂ ਪਹਿਲਾਂ ਬੱਚਿਆਂ ਨੂੰ ਆਪਣੀਆਂ ਸਮਰੱਥਾਵਾਂ ਨੂੰ ਪਹਿਚਾਣਨ ਅਤੇ ਜ਼ਰੂਰੀ ਜੀਵਨ ਕੌਸ਼ਲ ਵਿਕਸਿਤ ਕਰਨ ਦੇ ਮਹੱਤਵਪੂਰਨ ਅਵਸਰ ਪ੍ਰਦਾਨ ਕਰਦੀਆਂ ਹਨ। ਡਾਇਰੈਕਟਰ ਨੇ ਕਿਹਾ ਕਿ ਐੱਨਆਈਟੀਐੱਫ ਜਿਹੇ ਸਮਾਵੇਸ਼ੀ ਪ੍ਰੋਗਰਾਮ ਕਲਾਤਮਕ ਅਭਿਵਿਅਕਤੀ ਦੇ ਨਾਲ-ਨਾਲ ਵਿਦਿਆਰਥੀਆਂ ਵਿੱਚ ਸਹਿਯੋਗ, ਮਿਲ ਕੇ ਕਾਰਜ ਕਰਨ ਦੀ ਸਮਰੱਥਾ, ਸੰਵੇਦਨਸ਼ੀਲਤਾ, ਲੀਡਰਸ਼ਿਪ ਅਤੇ ਸਮਾਜਿਕ ਜ਼ਿੰਮੇਦਾਰੀ ਦੀ ਭਾਵਨਾ ਵਿਕਸਿਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਨੇ ਅਜਿਹੇ ਅਕਾਦਮਿਕ ਵਾਤਾਵਰਣ ਦੇ ਨਿਰਮਾਣ 'ਤੇ ਜ਼ੋਰ ਦਿੱਤਾ, ਜਿੱਥੇ ਹਰੇਕ ਬੱਚਾ ਖ਼ੁਦ ਨੂੰ ਮਹੱਤਵਪੂਰਨ ਅਤੇ ਸਨਮਾਨਿਤ ਮਹਿਸੂਸ ਕਰੇ ਅਤੇ ਯੋਗਦਾਨ ਦੇਣ ਲਈ ਸਸ਼ਕਤ ਬਣੇ। ਇਸ ਫੈਸਟੀਵਲ ਦਾ ਪ੍ਰੇਰਨਾਦਾਇਕ ਥੀਮ, ਮੰਚ 'ਤੇ ਇਕੱਠੇ, ਸਮਾਨਤਾ ਦੀ ਭਾਵਨਾ ਦੇ ਨਾਲ ਹੈ। ਇਹ ਇਸ ਵਿਸ਼ਵਾਸ ਨੂੰ ਦਰਸਾਉਂਦਾ ਹੈ ਕਿ ਸਮਰੱਥਾਵਾਂ ਵਿੱਚ ਅੰਤਰ ਸਾਂਝੇ ਸੁਪਨਿਆਂ ਅਤੇ ਉਪਲਬਧੀਆਂ ਦੇ ਰਸਤੇ ਵਿੱਚ ਕਦੇ ਰੁਕਾਵਟ ਨਹੀਂ ਬਣਨਾ ਚਾਹੀਦਾ। ਥੀਏਟਰ ਅਤੇ ਪ੍ਰਦਰਸ਼ਨ ਕਲਾਵਾਂ ਦੇ ਜ਼ਰੀਏ ਵਿਦਿਆਰਥੀਆਂ ਨੂੰ ਮਿੱਤਰਤਾ ਵਧਾਉਣ, ਰੂੜ੍ਹੀਵਾਦੀ ਧਾਰਨਾਵਾਂ ਨੂੰ ਚੁਣੌਤੀ ਦੇਣ ਅਤੇ ਵਿਵਿਧਤਾ ਦਾ ਸਨਮਾਨ ਕਰਨ ਲਈ ਪ੍ਰੋਤਸਾਹਿਤ ਕੀਤਾ ਜਾ ਰਿਹਾ ਹੈ। ਇਸ ਫੈਸਟੀਵਲ ਦਾ ਸਮਾਪਨ 15 ਅਕਤੂਬਰ 2026 ਨੂੰ ਹੋਵੇਗਾ। ਇਸ ਅਵਸਰ 'ਤੇ ਬਿਹਤਰੀਨ ਪ੍ਰਦਰਸ਼ਨ ਕਰਨ ਵਾਲੀ ਟੀਮ ਦੀ ਸਿਲੈਕਸ਼ਨ ਕੀਤੀ ਜਾਵੇਗੀ, ਜਿਸ ਨੂੰ ਚੰਡੀਗੜ੍ਹ ਵਿੱਚ ਆਯੋਜਿਤ ਹੋਣ ਵਾਲੀ ਰਾਸ਼ਟਰੀ ਪੱਧਰ ਦੀ ਥੀਏਟਰ ਵਰਕਸ਼ਾਪ ਵਿੱਚ ਚੰਡੀਗੜ੍ਹ ਦੀ ਪ੍ਰਤੀਨਿਧਤਾ ਕਰਨ ਦੇ ਅਵਸਰ ਮਿਲੇਗਾ। ਇਸ ਨਾਲ ਚੁਣੇ ਗਏ ਵਿਦਿਆਰਥੀਆਂ ਨੂੰ ਆਪਣੀ ਪ੍ਰਤਿਭਾ ਪ੍ਰਦਰਸ਼ਿਤ ਕਰਨ ਅਤੇ ਰਾਸ਼ਟਰੀ ਪੱਧਰ 'ਤੇ ਸਮਾਵੇਸ਼ੀ ਥੀਏਟਰ ਨਾਲ ਜੁੜਨ ਦਾ ਮਹੱਤਵਪੂਰਨ ਮੰਚ ਪ੍ਰਾਪਤ ਹੋਵੇਗਾ। ਨੈਸ਼ਨਲ ਇਨਕਲੂਸਿਵ ਥੀਏਟਰ ਫੈਸਟੀਵਲ 2026 ਸਮਾਵੇਸ਼ੀ ਸਿੱਖਿਆ ਨੂੰ ਮਜ਼ਬੂਤ ??ਕਰਨ ਅਤੇ ਹਰੇਕ ਬੱਚੇ ਨੂੰ ਹਿੱਸਾ ਲੈਣ, ਪ੍ਰਸਤੁਤੀ ਦੇਣ ਅਤੇ ਆਪਣੀ ਪ੍ਰਤਿਭਾ ਨਿਖਾਰਨ ਦਾ ਅਵਸਰ ਸੁਨਿਸ਼ਚਿਤ ਕਰਨ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਹੈ। ਇਹ ਪਹਿਲ ਸੰਦੇਸ਼ ਦਿੰਦੀ ਹੈ ਕਿ ਜਦੋਂ ਬੱਚੇ ਇਕੱਠੇ ਸਿੱਖਦੇ ਅਤੇ ਪ੍ਰਸਤੁਤੀ ਦਿੰਦੇ ਹਨ, ਤਾਂ ਉਹ ਕਲਾਤਮਕ ਕੌਸ਼ਲ ਦੇ ਨਾਲ-ਨਾਲ ਇੱਕ ਸੰਵੇਦਨਸ਼ੀਲ, ਨਿਆਂਸੰਗਤ ਅਤੇ ਸਮਾਵੇਸ਼ੀ ਸਮਾਜ ਲਈ ਜ਼ਰੂਰੀ ਕਦਰਾਂ-ਕੀਮਤਾਂ ਨੂੰ ਵੀ ਵਿਕਸਿਤ ਕਰਦੇ ਹਨ।

# ਐਲੂਮਨੀ ਐਸੋਸੀਏਸ਼ਨ ਕਾਲਜ ਆਫ਼ ਐਗਰੀਕਲਚਰ ਇੰਜੀਨੀਅਰਿੰਗ ਐਂਡ ਟੈਕਨਾਲੋਜੀ ਪੀਏਯੂ ਲੁਧਿਆਣਾ, ਵੱਲੋਂ ਚੰਡੀਗੜ੍ਹ ਵਿੱਚ ਪਰਿਵਾਰਕ ਇਕੱਠ ਦਾ ਆਯੋਜਨ



**ਚੰਡੀਗੜ੍ਹ, 13 ਅਕਤੂਬਰ**
**-ਜੀ. ਐਸ. ਤੁੰਗ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਚੈਪਟਰ ਨੇ ਇੰਸਟੀਚਿਊਸ਼ਨ ਆਫ਼ ਇੰਜੀਨੀਅਰਜ਼ ਸੈਕਟਰ 19 ਏ, ਚੰਡੀਗੜ੍ਹ ਵਿਖੇ ਪਰਿਵਾਰਕ ਇਕੱਠ ਦਾ ਆਯੋਜਨ ਕੀਤਾ।

ਇਸ ਮੀਟਿੰਗ ਵਿੱਚ ਵੱਖ-ਵੱਖ ਖੇਤਰਾਂ ਦੇ 36 ਖੇਤੀਬਾੜੀ ਇੰਜੀਨੀਅਰਾਂ ਸਮੇਤ 50 ਤੋਂ ਵੱਧ ਵਿਅਕਤੀਆਂ ਨੇ ਸ਼ਿਰਕਤ ਕੀਤੀ। ਇੰਜੀਨੀਅਰ ਸੁਰਿੰਦਰ ਮੋਹਨ ਸ਼ਰਮਾ ਆਈ ਪੀ ਐਸ, ਡੀਜੀਪੀ (ਸੇਵਾਮੁਕਤ) ਇਸ ਮੀਟਿੰਗ ਦੇ ਮੁੱਖ ਮਹਿਮਾਨ ਦੇ ਤੌਰ ਤੇ ਹਾਜਰ ਰਹੇ। ਪਰਿਵਾਰ 'ਗੇਟ ਟੂਗੇਦਰ' ਦਾ ਥੀਮ ਝੋਨੇ ਅਤੇ ਕਣਕ ਦੀ ਪਰਾਲੀ ਨੂੰ ਨਾ ਸਾੜ ਕੇ ਪੰਜਾਬ ਵਿੱਚ ਪ੍ਰਦੂਸ਼ਣ ਮੁਕਤ ਵਾਤਾਵਰਣ ਨੂੰ ਉਤਸ਼ਾਹਿਤ ਕਰਨਾ ਸੀ, ਕਿਉਂਕਿ ਕਾਲਜ ਨੇ ਪੀਏਯੂ ਸਟਰਾਅ ਮੈਨੇਜਮੈਂਟ ਸਿਸਟਮ, ਹੈਪੀ ਸੀਡਰ ਅਤੇ ਜ਼ੀਰੋ ਡਰਿੱਲ ਮਸ਼ੀਨਾਂ ਆਦਿ ਵਰਗੀਆਂ ਪਰਾਲੀ ਪ੍ਰਬੰਧਨ ਮਸ਼ੀਨਾਂ ਨੂੰ ਵਿਕਸਤ ਕਰਨ ਵਿੱਚ ਮੋਹਰੀ ਭੂਮਿਕਾ ਨਿਭਾਈ ਹੈ।

ਹੋਰ ਪਤਵੰਤੇ ਸੱਜਣ ਇੰਜੀਨੀਅਰ ਰਤਨ ਸਿੰਘ ਪ੍ਰਧਾਨ ਐਸੋਸੀਏਸ਼ਨ ,ਇੰਜੀਨੀਅਰ ਹਰਿੰਦਰ ਪਾਲ ਸਿੰਘ ਚੀਫ ਪੈਟਰਨ, ਇੰਜੀਨੀਅਰ ਐਮ ਐਸ ਛਿੱਬਰ ਆਈ ਐਫ ਐਸ ਸੇਵਾਮੁਕਤ , ਇੰਜੀਨੀਅਰ ਮਹਿੰਦਰ ਕੰਵਲ ਕੰਜ਼ਰਵੇਟਰ ਆਫ ਸੋਇਲਜ਼ ਪੰਜਾਬ, ਰਿਟਾ, ਇੰਜੀਨੀਅਰ ਐਚ ਐਸ ਲੋਹਾਨ, ਕੇ.ਕੇ. ਸੇਠ, ਇੰਜੀਨੀਅਰ ਐਸ.ਸੀ. ਗਾਂਧੀ, ਇੰਜੀਨੀਅਰ ਮਨਮੋਹਨ ਕਾਲੀਆ ਸੰਯੁਕਤ ਨਿਰਦੇਸ਼ਕ ਖੇਤੀਬਾੜੀ ਸੇਵਾ ਮੁਕਤ , ਇੰਜੀਨੀਅਰ ਰਮੇਸ਼ ਸਾਤੀਜਾ ਡੀ.ਜੀ.ਐਮ. ਐਸ.ਬੀ.ਆਈ ਸੇਵਾ ਮੁਕਤ ,ਇੰਜੀਨੀਅਰ ਉਮਾ ਕਾਂਤ ਸ਼ਰਮਾ, ਅਤੇ ਇੰਜੀਨੀਅਰ ਕੇਸ਼ਵ ਕੁਮਾਰ ਡਿਵੀਜ਼ਨ ਸੋਇਲ ਕੰਜ਼ਰਵੇਟਰ ਵੀ ਪਰਿਵਾਰ ਸਮੇਤ ਹਾਜ਼ਰ ਸਨ।

# ਭਗਵੰਤ ਮਾਨ ਸਰਕਾਰ ਬੰਦੀ ਸਿੰਘਾਂ ਦੀ ਰਿਹਾਈ ਲਈ ਕੋਈ ਕਸਰ ਬਾਕੀ ਨਹੀਂ ਛੱਡੇਗੀ

**ਚੰਡੀਗੜ੍ਹ, 13 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਵੱਲੋਂ ਬੰਦੀ ਸਿੰਘਾਂ ਦੀ ਰਿਹਾਈ ਲਈ ਹਰ ਕਾਨੂੰਨੀ ਅਤੇ ਸੰਵਿਧਾਨਕ ਰਾਹ ਅਪਣਾਇਆ ਜਾਵੇਗਾ ਕਿਉਂਕਿ ਲੰਬੇ ਸਮੇਂ ਤੋਂ ਲਟਕਦੇ ਆ ਰਹੇ ਇਸ ਮਾਮਲੇ ਨੂੰ ਅਣਮਿੱਥੇ ਸਮੇਂ ਲਈ ਅਣ-ਸੁਲਝਿਆ ਨਹੀਂ ਰਹਿਣ ਦਿੱਤਾ ਜਾ ਸਕਦਾ। ਉਨ੍ਹਾਂ ਦੱਸਿਆ ਕਿ ਸਰਕਾਰ ਨੇ ਕੇਂਦਰ ਅਤੇ ਰਾਜਪਾਲ ਨੂੰ ਭਰੋਸਾ ਦਿਵਾਇਆ ਸੀ ਕਿ ਜੇਕਰ ਜਗਤਾਰ ਸਿੰਘ ਹਵਾਰਾ ਨੂੰ ਆਪਣੀ ਬਿਮਾਰ ਮਾਂ ਨੂੰ ਮਿਲਣ ਲਈ ਪੈਰੋਲ ਦਿੱਤੀ ਜਾਂਦੀ ਹੈ ਤਾਂ ਅਮਨ-ਕਾਨੂੰਨ ਦੀ ਸਥਿਤੀ ਪੂਰੀ ਤਰ੍ਹਾਂ ਬਰਕਰਾਰ ਰੱਖੀ ਜਾਵੇਗੀ ਪਰ ਕੇਂਦਰ ਨੇ ਅਜੇ ਤੱਕ ਇਸ ਨੂੰ ਮਨਜ਼ੂਰੀ ਨਹੀਂ ਦਿੱਤੀ। ਮੁੱਖ ਮੰਤਰੀ ਨੇ ਇਹ ਵੀ ਦੱਸਿਆ ਕਿ ਉਹ ਪਰਮਜੀਤ ਸਿੰਘ ਭਿਓਰਾ ਅਤੇ ਜਗਤਾਰ ਸਿੰਘ ਤਾਰਾ ਦੀ ਪੈਰੋਲ ਦੇ ਮੁੱਦੇ ਨੂੰ ਪੰਜਾਬ ਦੇ ਰਾਜਪਾਲ ਜੋ ਚੰਡੀਗੜ੍ਹ ਦੇ ਪ੍ਰਸ਼ਾਸਕ ਵੀ ਹਨ, ਕੋਲ ਉਠਾਉਣਗੇ। ਉਨ੍ਹਾਂ ਨੇ ਸਿੱਖ ਜਥੇਬੰਦੀਆਂ ਨੂੰ ਆਪਣਾ ਸੰਘਰਸ਼ ਸ਼ਾਂਤਮਈ ਅਤੇ ਕਾਨੂੰਨ ਦੇ ਦਾਇਰੇ ਵਿੱਚ ਰਹਿ ਕੇ ਜਾਰੀ ਰੱਖਣ ਦੀ ਅਪੀਲ ਵੀ ਕੀਤੀ। ਆਪਣੇ 'ਐਕਸ' ਅਕਾਊਂਟ 'ਤੇ ਜਾਣਕਾਰੀ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਅੱਜ ਕੌਮੀ ਇਨਸਾਫ਼ ਮੋਰਚੇ ਦੇ ਨੁਮਾਇੰਦਿਆਂ ਨਾਲ ਇੱਕ ਅਹਿਮ ਮੀਟਿੰਗ ਹੋਈ। ਮੀਟਿੰਗ ਦੌਰਾਨ ਅਸੀਂ ਉਨ੍ਹਾਂ ਦੀਆਂ ਮੰਗਾਂ 'ਤੇ ਵਿਆਪਕ ਚਰਚਾ ਕੀਤੀ ਅਤੇ ਉਨ੍ਹਾਂ ਨੂੰ ਭਰੋਸਾ ਦਿਵਾਇਆ ਕਿ ਸਾਡੀ ਸਰਕਾਰ ਬੰਦੀ ਸਿੰਘਾਂ ਦੀ ਜਲਦ ਰਿਹਾਈ ਲਈ ਲਗਾਤਾਰ ਅਤੇ ਸੁਹਿਰਦ ਯਤਨ ਕਰ ਰਹੀ ਹੈ। ਅਸੀਂ ਇਸ ਮਸਲੇ ਦੇ ਅਰਥਪੂਰਨ ਹੱਲ ਲਈ ਪੂਰੀ ਗੰਭੀਰਤਾ ਨਾਲ ਕੰਮ ਕਰ ਰਹੇ ਹਾਂ ਅਤੇ ਸਾਨੂੰ ਉਮੀਦ ਹੈ ਕਿ ਜਲਦ ਹੀ ਸਕਾਰਾਤਮਕ ਨਤੀਜੇ ਸਾਹਮਣੇ ਆਉਣਗੇ।



ਸਿੱਖ ਜਥੇਬੰਦੀਆਂ, ਕਿਸਾਨ ਯੂਨੀਅਨਾਂ ਅਤੇ ਹੋਰ ਸਮੂਹਾਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸਰਕਾਰ ਕਾਨੂੰਨ ਦੇ ਦਾਇਰੇ ਵਿੱਚ ਰਹਿੰਦਿਆਂ ਇਸ ਮਾਮਲੇ ਵਿੱਚ ਹਰ ਸੰਭਵ ਮਦਦ ਕਰਨ ਲਈ ਤਿਆਰ ਹੈ। ਬੰਦੀ ਸਿੰਘਾਂ ਨਾਲ ਜੁੜੇ ਲੰਬੇ ਸਮੇਂ ਤੋਂ ਲਟਕਦੇ ਆ ਰਹੇ ਮਾਮਲੇ ਨੂੰ ਅਣਮਿੱਥੇ ਸਮੇਂ ਲਈ ਅਣ-ਸੁਲਝਿਆ ਨਹੀਂ ਰਹਿਣ ਦਿੱਤਾ ਜਾ ਸਕਦਾ। 'ਆਪ' ਸਰਕਾਰ ਦੇ ਇਰਾਦੇ ਅਤੇ ਵਚਨਬੱਧਤਾ ਬਿਲਕੁਲ ਸਪੱਸ਼ਟ ਹਨ ਅਤੇ ਅਸੀਂ ਇਨਸਾਫ਼ ਦੇ ਹੱਕ ਵਿੱਚ ਮਜ਼ਬੂਤੀ ਨਾਲ ਖੜ੍ਹੇ ਹਾਂ।

ਮੁੱਖ ਮੰਤਰੀ ਨੇ ਅੱਗੇ ਕਿਹਾ, ਮੈਂ ਆਪਣੇ ਅਧਿਕਾਰਾਂ ਦੇ ਦਾਇਰੇ ਵਿੱਚ ਰਹਿ ਕੇ ਹਰ ਸੰਭਵ ਮਦਦ ਕਰਨ ਲਈ ਤਿਆਰ ਹਾਂ ਅਤੇ ਸੂਬਾ ਸਰਕਾਰ ਇਸ ਮਾਮਲੇ ਵਿੱਚ ਕਦੇ ਵੀ ਰੁਕਾਵਟ ਨਹੀਂ ਬਣੇਗੀ। ਉਨ੍ਹਾਂ ਨੇ ਰਾਮਪੁਰ ਖੇੜਾ ਤੋਂ ਸੰਤ ਸੇਵਾ ਸਿੰਘ, ਬਠਿੰਡਾ ਤੋਂ ਗੁਰਦੀਪ ਸਿੰਘ, ਭਾਈ ਮੋਹਕਮ ਸਿੰਘ, ਗੁਰਸੇਵਕ ਸਿੰਘ ਕਹਾਨੇਕੇ, ਬਾਬਾ ਭੁਪਿੰਦਰ ਸਿੰਘ ਅਤੇ ਕਿਸਾਨ ਆਗੂ ਬੂਟਾ ਸਿੰਘ ਬੁਰਜਗਿੱਲ ਸਮੇਤ ਹੋਰਨਾਂ ਦੀ ਅਗਵਾਈ ਵਾਲੇ ਵਫ਼ਦ ਨੂੰ ਭਰੋਸਾ ਦਿਵਾਇਆ ਕਿ ਸੂਬਾ ਸਰਕਾਰ ਜਗਤਾਰ ਸਿੰਘ ਹਵਾਰਾ ਦੀ ਪੈਰੋਲ ਦੌਰਾਨ ਅਮਨ-ਕਾਨੂੰਨ ਦੀ ਸਥਿਤੀ ਬਰਕਰਾਰ ਰੱਖਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਇਸ ਮੁੱਦੇ 'ਤੇ ਬੋਲਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪੰਜਾਬ ਸਰਕਾਰ ਪਹਿਲਾਂ ਹੀ ਕੇਂਦਰ ਸਰਕਾਰ ਅਤੇ ਪੰਜਾਬ ਦੇ ਰਾਜਪਾਲ ਨੂੰ ਭਰੋਸਾ ਦੇ ਚੁੱਕੀ ਹੈ ਕਿ ਜੇਕਰ ਹਵਾਰਾ ਨੂੰ ਆਪਣੀ ਬਿਮਾਰ ਮਾਂ ਨੂੰ ਮਿਲਣ ਲਈ ਪੈਰੋਲ ਦਿੱਤੀ ਜਾਂਦੀ ਹੈ ਤਾਂ ਸੂਬੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਬਰਕਰਾਰ ਰੱਖੀ ਜਾਵੇਗੀ।

ਮੁੱਖ ਮੰਤਰੀ ਨੇ ਅਫਸੋਸ ਪ੍ਰਗਟਾਉਂਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਦਿੱਤੇ ਗਏ ਭਰੋਸੇ ਦੇ ਬਾਵਜੂਦ ਪੈਰੋਲ ਨਹੀਂ ਦਿੱਤੀ ਗਈ। ਉਨ੍ਹਾਂ ਕਿਹਾ, ਇਹ ਮਾਮਲਾ ਹੁਣ ਕੇਂਦਰ ਸਰਕਾਰ ਦੇ ਅਧਿਕਾਰ ਖੇਤਰ ਵਿੱਚ ਹੈ। ਪੰਜਾਬ ਸਰਕਾਰ ਸੂਬੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਬਣਾਈ ਰੱਖਣ ਦੀ ਪੂਰੀ ਜ਼ਿੰਮੇਵਾਰੀ ਲਵੇਗੀ। ਅਸੀਂ ਇਸ ਸਬੰਧੀ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਵੀ ਭਰੋਸਾ ਦਿੱਤਾ ਹੈ ਪਰ ਕੇਂਦਰ ਸਰਕਾਰ ਵੱਲੋਂ ਅਜੇ ਤੱਕ ਪੈਰੋਲ ਨਹੀਂ ਦਿੱਤੀ ਗਈ। ਸਿੱਖ ਜਥੇਬੰਦੀਆਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ, ਜੇਕਰ ਜਗਤਾਰ ਸਿੰਘ ਹਵਾਰਾ ਨੂੰ ਕੁਝ ਦਿਨਾਂ ਲਈ ਵੀ ਪੈਰੋਲ ਦਿੱਤੀ ਜਾਂਦੀ ਹੈ ਤਾਂ ਇਹ ਇਸ ਗੱਲ ਦੀ ਮਿਸਾਲ ਬਣਨੀ ਚਾਹੀਦੀ ਹੈ ਕਿ ਸੂਬੇ ਵਿੱਚ ਸ਼ਾਂਤੀ ਅਤੇ ਭਾਈਚਾਰਕ ਸਾਂਝ ਕਿਵੇਂ ਕਾਇਮ ਰੱਖੀ ਜਾ ਸਕਦੀ ਹੈ।

# ਵਿਧਾਇਕ ਨੇ ਬਾਬਾ ਬੁੱਢਾ ਸਾਹਿਬ ਜੀ ਦੀ ਯਾਦ ਵਿੱਚ ਬਣਾਏ ਗਏ ਯਾਦਗਾਰੀ ਗੇਟ ਦਾ ਕੀਤਾ ਉਦਘਾਟਨ



**ਫਾਜ਼ਿਲਕਾ, 13 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਫਾਜ਼ਿਲਕਾ ਦੇ ਵਿਧਾਇਕ ਨਰਿੰਦਰਪਾਲ ਸਿੰਘ ਸਵਨਾ ਵਲੋਂ ਅੱਜ ਫਾਜ਼ਿਲਕਾਦੇ ਪਿੰਡ ਝੁੱਗੇ ਗੁਲਾਬ ਸਿੰਘ (ਅਬਾਦੀ ਬਹਿਕ ਖਾਸ) ਵਿਖੇ ਧੰਨ ਧੰਨ ਬਾਬਾ ਬੁੱਢਾ ਸਾਹਿਬ ਜੀ ਦੀ ਯਾਦ ਵਿੱਚ ਬਣਾਏ ਗਏ ਯਾਦਗਾਰੀ ਗੇਟ ਦਾ ਉਦਘਾਟਨ ਕੀਤਾ ਗਿਆ।

ਇਸ ਮੌਕੇ ਬੋਲਦਿਆਂ ਵਿਧਾਇਕ ਨਰਿੰਦਰ ਪਾਲ ਸਿੰਘ ਸਵਨਾ ਨੇ ਕਿਹਾ ਕਿ ਧੰਨ ਧੰਨ ਬਾਬਾ ਬੁੱਢਾ ਸਾਹਿਬ ਜੀ ਦੀ ਗੁਰੂ ਘਰ ਪ੍ਰਤੀ ਸ਼ਰਧਾ, ਸੇਵਾ ਭਾਵਨਾ ਅਤੇ ਭਗਤੀ ਦੀ ਲਸਾਨੀ ਮਿਸਾਲ ਨੂੰ ਅਸੀਂ ਸਿਜਦਾ ਕਰਦੇ ਹਾਂ! ਉਹਨਾਂ ਪਿੰਡ ਵਾਸੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਪਿੰਡ ਵਾਸੀਆਂ ਦਾ ਇਹ ਬਹੁਤ ਵਧੀਆ ਉਪਰਾਲਾ ਹੈ ਤੇ ਅੱਜ ਉਹ ਆਪਣੇ ਆਪ ਵਿੱਚ ਮਾਣ ਮਹਿਸੂਸ ਕਰਦੇ ਹਨ ਕਿ ਧੰਨ ਧੰਨ ਬਾਬਾ ਬੁੱਢਾ ਜੀ ਯਾਦ ਵਿੱਚ ਚੱਲ ਰਹੇ ਸਲਾਨਾ ਜੋੜ ਮੇਲੇ ਵਾਲੇ ਦਿਨ ਹੀ ਉਹਨਾਂ ਨੂੰ ਬਾਬਾ ਬੁੱਢਾ ਜੀ ਦੀ ਯਾਦ ਵਿੱਚ ਬਣਾਏ ਗਏ ਯਾਦਗਾਰੀ ਗੇਟ ਦਾ ਉਦਘਾਟਨ ਕਰਨ ਦਾ ਸੁਭਾਗ ਪ੍ਰਾਪਤ ਹੋਇਆ ਹੈ। ਉਹਨਾਂ ਕਿਹਾ ਕਿ ਸਾਡੇ ਦੇਸ਼ ਵਿੱਚ ਅਨੇਕਾਂ ਧਰਮਾਂ ਦੇ ਲੋਕ ਆਪਸ ਵਿੱਚ ਮਿਲ ਜੁਲ ਕੇ ਰਹਿੰਦੇ ਹਨ। ਉਹਨਾਂ ਕਿਹਾ ਕਿ ਆਓ ਸਾਰੇ ਅਸੀਂ ਗੁਰੂ ਸਾਹਿਬ ਦੀ ਪਰਮਾਤਮਾ ਪ੍ਰਤੀ ਭਗਤੀ ਤੋਂ ਸੇਧ ਲਈਏ ਅਤੇ ਆਪਣੇ ਹਲਕੇ ਦੀ ਖੁਸ਼ਹਾਲੀ ਅਤੇ ਤਰੱਕੀ ਲਈ ਪਰਮਾਤਮਾ ਅੱਗੇ ਅਰਦਾਸ ਕਰੀਏ!

# ਪੰਜਾਬ ਵਿੱਚ ਵਿਸ਼ੇਸ਼ ਗਹਿਰੀ ਸੁਧਾਈ 2026 ਸਫ਼ਲਤਾਪੂਰਵਕ ਮੁਕੰਮਲ: ਮੁੱਖ ਚੋਣ ਅਫ਼ਸਰ ਅਨਿੰਦਿਤਾ ਮਿਤਰਾ

➢ ਸਾਰੇ 117 ਵਿਧਾਨ ਸਭਾ ਹਲਕਿਆਂ ਦੀਆਂ ਅੰਤਿਮ ਵੋਟਰ ਸੂਚੀਆਂ ਪ੍ਰਕਾਸ਼ਿਤ ➢ ਸੂਬਾ ਪੱਧਰ 'ਤੇ ਅੰਤਿਮ ਵੋਟਰ ਸੂਚੀ ਵਿੱਚ 7,97,263 ਨਵੇਂ ਵੋਟਰ ਸ਼ਾਮਲ ਕੀਤੇ ਗਏ ➢ ਮੁੱਖ ਚੋਣ ਅਫ਼ਸਰ ਨੇ ਪੰਜਾਬ ਦੇ ਵੋਟਰਾਂ, ਬੀ.ਐਲ.ਓਜ਼ ਅਤੇ ਸਿਆਸੀ ਪਾਰਟੀਆਂ ਦਾ ਸਹਿਯੋਗ ਲਈ ਧੰਨਵਾਦ ਕੀਤਾ ➢ ਸੀ.ਈ.ਓ. ਪੰਜਾਬ ਵੱਲੋਂ ਮਾਨਤਾ ਪ੍ਰਾਪਤ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਸਾਰੇ 117 ਵਿਧਾਨ ਸਭਾ ਹਲਕਿਆਂ ਦੀਆਂ ਅੰਤਿਮ ਵੋਟਰ ਸੂਚੀਆਂ ਸੌਂਪੀਆਂ ਗਈਆਂ

**ਚੰਡੀਗੜ੍ਹ, 13 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਭਾਰਤੀ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ 14.05.2026 ਦੇ ਨੋਟੀਫਿਕੇਸ਼ਨ ਮੱਦੇਨਜ਼ਰ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰੀ ਸੁਧਾਈ 2026 ਦੀ ਪ੍ਰਕਿਰਿਆ ਪੰਜਾਬ ਵਿੱਚ 25 ਜੂਨ 2026 ਤੋਂ ਸ਼ੁਰੂ ਕੀਤੀ ਗਈ ਸੀ। ਪੰਜਾਬ ਨੂੰ ਇਸ ਵਿਸ਼ੇਸ਼ ਗਹਿਰੀ ਸੁਧਾਈ,2026 ਦੇ ਤੀਜੇ ਪੜਾਅ ਵਿੱਚ ਸ਼ਾਮਲ ਕੀਤਾ ਗਿਆ ਸੀ। ਇਸ ਤਹਿਤ ਅੱਜ ਪੰਜਾਬ ਦੇ ਸਾਰੇ 117 ਵਿਧਾਨ ਸਭਾ ਹਲਕਿਆਂ ਦੀਆਂ ਅੰਤਿਮ ਵੋਟਰ ਸੂਚੀਆਂ ਪ੍ਰਕਾਸ਼ਿਤ ਕਰ ਦਿੱਤੀਆਂ ਗਈਆਂ ਹਨ।



ਮੁੱਖ ਚੋਣ ਅਫ਼ਸਰ ਪੰਜਾਬ, ਸ੍ਰੀਮਤੀ ਅਨਿੰਦਿਤਾ ਮਿਤਰਾ, ਆਈ.ਏ.ਐਸ. ਨੇ ਦੱਸਿਆ ਕਿ ਅੰਤਿਮ ਵੋਟਰ ਸੂਚੀਆਂ ਜ਼ਿਲ੍ਹਾ ਚੋਣ ਅਫ਼ਸਰਾਂ (ਡੀ.ਈ.ਓਜ਼), ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ (ਈ.ਆਰ.ਓਜ਼) ਦੇ ਦਫ਼ਤਰਾਂ ਅਤੇ ਬੂਥ ਲੈਵਲ ਅਫ਼ਸਰਾਂ (ਬੀ.ਐਲ.ਓਜ਼) ਕੋਲ ਉਪਲਬਧ ਹਨ। ਇਹ ਸੂਚੀਆਂ ਮੁੱਖ ਚੋਣ ਅਫ਼ਸਰ, ਪੰਜਾਬ ਦੀ ਸਰਕਾਰੀ ਵੈੱਬਸਾਈਟ www.ceopunjab. gov.in ਅਤੇ ਨਾਗਰਿਕ ਸੇਵਾ ਪੋਰਟਲ www.voters.eci. gov.in ਤੋਂ ਵੀ ਡਾਊਨਲੋਡ ਕੀਤੀਆਂ ਜਾ ਸਕਦੀਆਂ ਹਨ।

ਸੀ.ਈ.ਓ. ਪੰਜਾਬ ਵੱਲੋਂ ਮਾਨਤਾ ਪ੍ਰਾਪਤ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਸਾਰੇ 117 ਵਿਧਾਨ ਸਭਾ ਹਲਕਿਆਂ ਦੀਆਂ ਅੰਤਿਮ ਵੋਟਰ ਸੂਚੀਆਂ ਦੀਆਂ ਹਾਰਡ ਕਾਪੀਆਂ ਅਤੇ ਸਾਫਟ ਕਾਪੀਆਂ ਸੌਂਪੀਆਂ ਗਈਆਂ। ਉਨ੍ਹਾਂ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਦੇ ਵਡਮੁੱਲੇ ਸਹਿਯੋਗ, ਖ਼ਾਸ ਕਰਕੇ ਸੂਬੇ ਭਰ ਵਿੱਚ ਤਾਇਨਾਤ 89,395 ਬੂਥ ਲੈਵਲ ਏਜੰਟਾਂ (ਬੀ.ਐਲ.ਏਜ਼) ਦਾ ਧੰਨਵਾਦ ਕੀਤਾ, ਜਿਨ੍ਹਾਂ ਦੀ ਸਰਗਰਮ ਭਾਗੀਦਾਰੀ ਸਦਕਾ ਇਹ ਕਾਰਜ ਨੇਪਰੇ ਚੜ੍ਹ ਸਕਿਆ।

ਪੰਜਾਬ ਵਿੱਚ 9 ਜੂਨ 2026 ਤੱਕ ਕੁੱਲ 2,14,61,043 ਰਜਿਸਟਰਡ ਵੋਟਰ ਸਨ, ਜਿਨ੍ਹਾਂ ਵਿੱਚ 1,11,76,866 ਪੁਰਸ਼, 1,02,83,478 ਮਹਿਲਾ ਅਤੇ 699 ਥਰਡ ਜੈਂਡਰ ਵੋਟਰ ਸ਼ਾਮਲ ਸਨ। ਘਰ-ਘਰ ਜਾ ਕੇ ਵੇਰਵੇ ਦਰਜ ਕਰਨ ਦੇ ਪੜਾਅ (25 ਜੂਨ ਤੋਂ 3 ਅਗਸਤ 2026) ਦੌਰਾਨ ਬੀ.ਐਲ.ਓਜ਼ ਨੇ ਰਜਿਸਟਰਡ ਵੋਟਰਾਂ ਨੂੰ ਗਣਨਾ ਫਾਰਮ ਵੰਡੇ ਅਤੇ ਇਕੱਤਰ ਕੀਤੇ।

ਖਰੜਾ ਵੋਟਰ ਸੂਚੀ 13 ਅਗਸਤ 2026 ਨੂੰ ਪ੍ਰਕਾਸ਼ਿਤ ਕੀਤੀ ਗਈ ਸੀ, ਜਿਸ ਵਿੱਚ ਕੁੱਲ 1,93,94,435 ਵੋਟਰ ਸਨ। ਦਾਅਵੇ ਅਤੇ ਇਤਰਾਜ਼ ਦਰਜ ਕਰਵਾਉਣ ਦੇ ਸਮੇਂ ਦੌਰਾਨ ਸਰਗਰਮ ਭਾਗੀਦਾਰੀ ਲਈ ਸੂਬੇ ਭਰ ਵਿੱਚ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਖਰੜਾ ਵੋਟਰ ਸੂਚੀ ਦੀਆਂ ਕਾਪੀਆਂ ਮੁਹੱਈਆ ਕਰਵਾਈਆਂ ਗਈਆਂ ਸਨ।

ਦਾਅਵੇ ਅਤੇ ਇਤਰਾਜ਼ ਦਰਜ ਕਰਨ ਦੀ ਮਿਆਦ (13 ਅਗਸਤ ਤੋਂ 12 ਸਤੰਬਰ 2026) ਦੌਰਾਨ ਨਾਗਰਿਕਾਂ ਨੂੰ ਖਰੜਾ ਵੋਟਰ ਸੂਚੀ ਵਿੱਚ ਆਪਣੇ ਵੇਰਵਿਆਂ ਦੀ ਪੜਤਾਲ ਕਰਨ ਅਤੇ ਲੋੜ ਪੈਣ 'ਤੇ ਦਾਅਵੇ ਜਾਂ ਇਤਰਾਜ਼ ਦਰਜ ਕਰਵਾਉਣ ਲਈ ਉਤਸ਼ਾਹਿਤ ਕੀਤਾ ਗਿਆ। ਅਰਜ਼ੀਆਂ ਆਨਲਾਈਨ, ਈਸੀਆਈਨੈੱਟ ਮੋਬਾਈਲ ਐਪ ਰਾਹੀਂ, ਬੀ.ਐਲ.ਓਜ਼ ਰਾਹੀਂ ਆਫ਼ਲਾਈਨ ਜਾਂ ਈ.ਆਰ.ਓਜ਼ ਦੇ ਦਫ਼ਤਰਾਂ ਵਿੱਚ ਪ੍ਰਾਪਤ ਕੀਤੀਆਂ ਗਈਆਂ। ਇਸ ਦੌਰਾਨ ਸੀ.ਈ.ਓ. ਪੰਜਾਬ, 19 ਰੋਲ ਆਬਜ਼ਰਵਰਾਂ ਅਤੇ ਜ਼ਿਲ੍ਹਾ ਚੋਣ ਅਫ਼ਸਰਾਂ ਨੇ ਫੀਲਡ ਦਾ ਵਿਆਪਕ ਦੌਰਾ ਕੀਤਾ ਅਤੇ ਪ੍ਰਾਪਤ ਹੋਏ ਦਾਅਵਿਆਂ ਤੇ ਇਤਰਾਜ਼ਾਂ ਦੀ ਸੁਪਰ-ਚੈਕਿੰਗ ਕੀਤੀ।

ਨੋਟਿਸ ਪੜਾਅ/ਦਾਅਵਿਆਂ ਅਤੇ ਇਤਰਾਜ਼ਾਂ ਦੇ ਨਿਪਟਾਰੇ (13 ਅਗਸਤ ਤੋਂ 8 ਅਕਤੂਬਰ 2026) ਦੌਰਾਨ ਅਣ-ਮੈਪਡ ਵੋਟਰਾਂ ਅਤੇ ਤਰੁੱਟੀਆਂ ਵਾਲੇ ਵੋਟਰਾਂ ਨੂੰ ਨੋਟਿਸ ਜਾਰੀ ਕੀਤੇ ਗਏ। ਪਿੰਡ ਪੱਧਰ 'ਤੇ ਈ.ਆਰ.ਓਜ਼/ਏ.ਈ.ਆਰ.ਓਜ਼ ਵੱਲੋਂ ਸੁਣਵਾਈਆਂ ਕੀਤੀਆਂ ਗਈਆਂ ਅਤੇ ਦਸਤਾਵੇਜ਼ਾਂ ਤੇ ਬੀ.ਐਲ.ਓਜ਼ ਦੀਆਂ ਰਿਪੋਰਟਾਂ ਦੀ ਪੜਤਾਲ ਉਪਰੰਤ ਫ਼ੈਸਲੇ ਲਏ ਗਏ।

ਸੀ.ਈ.ਓ. ਪੰਜਾਬ ਨੇ ਦੱਸਿਆ ਕਿ ਚੋਣ ਮਸ਼ੀਨਰੀ ਨੇ ਨੋਟਿਸ ਮਿਆਦ ਦੌਰਾਨ ਲੋਕਾਂ ਦੀ ਸਹੂਲਤ ਨੂੰ ਯਕੀਨੀ ਬਣਾਉਂਦਿਆਂ ਇੱਕ ਸੁਚਾਰੂ ਮਾਹੌਲ ਪ੍ਰਦਾਨ ਕੀਤਾ।

ਪਾਰਦਰਸ਼ਤਾ ਅਤੇ ਕੁਸ਼ਲਤਾ ਨੂੰ ਯਕੀਨੀ ਬਣਾਉਣ ਲਈ ਰਾਜ ਅਤੇ ਜ਼ਿਲ੍ਹਾ ਪੱਧਰ 'ਤੇ ਇੱਕ ਵਿਸ਼ੇਸ਼ 'ਦਸਤਾਵੇਜ਼ ਤਸਦੀਕ ਟੀਮ' ਦਾ ਗਠਨ ਕੀਤਾ ਗਿਆ ਸੀ। ਇਸ ਤੋਂ ਇਲਾਵਾ, ਸੂਬੇ ਭਰ ਵਿੱਚ ਸ਼ਿਕਾਇਤ ਨਿਵਾਰਨ ਦਾ ਮਜ਼ਬੂਤ ਪ੍ਰਬੰਧ ਕੀਤਾ ਗਿਆ, ਜਿੱਥੇ ਹਰੇਕ ਜ਼ਿਲ੍ਹੇ ਵਿੱਚ ਜ਼ਿਲ੍ਹਾ ਸ਼ਿਕਾਇਤ ਅਫ਼ਸਰਾਂ ਨੇ ਸ਼ਿਕਾਇਤਾਂ ਦਾ ਨਿਪਟਾਰਾ ਕੀਤਾ ਅਤੇ 1950 ਹੈਲਪਲਾਈਨ ਨੰਬਰ ਰਾਹੀਂ ਸਵੇਰੇ 8 ਵਜੇ ਤੋਂ ਸ਼ਾਮ 8 ਵਜੇ ਤੱਕ ਵੋਟਰਾਂ ਦੀਆਂ ਸਮੱਸਿਆਵਾਂ ਹੱਲ ਕੀਤੀਆਂ ਗਈਆਂ। ਵੋਟਰਾਂ ਦੀ ਮਦਦ ਲਈ ਈ.ਆਰ.ਓ. ਅਤੇ ਡੀ.ਈ.ਓ. ਪੱਧਰ 'ਤੇ ਹੈਲਪ ਡੈਸਕ ਵੀ ਸਥਾਪਿਤ ਕੀਤੇ ਗਏ ਸਨ।ਨੋਟਿਸ ਜਾਰੀ ਕੀਤੇ ਗਏ 35,49,036 ਵੋਟਰਾਂ ਵਿੱਚੋਂ 86,038 ਵੋਟਰਾਂ ਨੂੰ ਵਿਆਪਕ ਪੜਤਾਲ ਅਤੇ ਸਪੀਕਿੰਗ ਆਰਡਰਜ਼ ਰਾਹੀਂ ਅਯੋਗ ਕਰਾਰ ਦਿੱਤਾ ਗਿਆ।

ਖਰੜਾ ਸੂਚੀ ਦੇ ਕੁੱਲ 1,93,94,435 ਵੋਟਰਾਂ ਦੇ ਮੁਕਾਬਲੇ ਅੰਤਿਮ ਸੂਚੀ ਵਿੱਚ ਵੋਟਰਾਂ ਦੀ ਗਿਣਤੀ ਵਧ ਕੇ 2,01,00,727 ਹੋ ਗਈ ਹੈ, ਜੋ ਕਿ 3.64 ਫੀਸਦ ਦਾ ਵਾਧਾ ਦਰਸਾਉਂਦੀ ਹੈ। ਅੰਤਿਮ ਸੂਚੀ ਦੇ ਕੁੱਲ 2,01,00,727 ਵੋਟਰਾਂ ਵਿੱਚ 1,03,76,026 ਪੁਰਸ਼, 97,24,195 ਮਹਿਲਾ ਅਤੇ 506 ਥਰਡ ਜੈਂਡਰ ਵੋਟਰ ਸ਼ਾਮਲ ਹਨ।

ਸਰਵਿਸ ਵੋਟਰਾਂ ਨਾਲ ਸਬੰਧਤ ਸਪੈਸ਼ਲ ਸਮਰੀ ਰਵੀਜ਼ਨ ਦੀ ਅੰਤਿਮ ਵੋਟਰ ਸੂਚੀ (ਯੋਗਤਾ ਮਿਤੀ 01 ਅਕਤੂਬਰ 2026 ਦੇ ਆਧਾਰ 'ਤੇ) ਵੀ ਅੱਜ ਪ੍ਰਕਾਸ਼ਿਤ ਕਰ ਦਿੱਤੀ ਗਈ ਹੈ। ਵੋਟਰਾਂ ਦੀ ਪਹੁੰਚ ਨੂੰ ਆਸਾਨ ਬਣਾਉਣ ਲਈ ਸਾਰੇ ਜ਼ਿਲ੍ਹਿਆਂ ਵਿੱਚ ਪੋਲਿੰਗ ਸਟੇਸ਼ਨਾਂ ਦਾ ਰੈਸ਼ਨਲਾਈਜ਼ੇਸ਼ਨ ਕੀਤਾ ਗਿਆ, ਜਿਸ ਨਾਲ ਪੋਲਿੰਗ ਸਟੇਸ਼ਨਾਂ ਦੀ ਗਿਣਤੀ 24,453 ਤੋਂ ਵਧ ਕੇ 25,332 ਹੋ ਗਈ ਹੈ।

ਵੱਖ-ਵੱਖ ਮਾਧਿਅਮਾਂ ਰਾਹੀਂ ਇੱਕ ਮਹੀਨੇ ਲਈ 'ਸਵੀਪ' (ਸਿਸਟਮੈਟਿਕ ਵੋਟਰਜ਼ ਐਜੂਕੇਸ਼ਨ ਐਂਡ ਇਲੈਕਟੋਰਲ ਪਾਰਟੀਸਿਪੇਸ਼ਨ) ਯੋਜਨਾ ਲਾਗੂ ਕੀਤੀ ਗਈ। ਇਸ ਦੇ ਪ੍ਰਮੁੱਖ ਉਪਰਾਲਿਆਂ ਵਿੱਚ 23 ਜੂਨ ਨੂੰ ਐਸ.ਆਈ.ਆਰ. 2026 ਦੀ ਸ਼ੁਰੂਆਤ ਸ਼ਾਮਲ ਸੀ, ਜਿੱਥੇ 2,000 ਤੋਂ ਵੱਧ ਨੌਜਵਾਨਾਂ ਨੇ ਮਨੁੱਖੀ ਲੜੀ ਬਣਾਈ। ਇਸ ਤੋਂ ਇਲਾਵਾ ਮਹੱਤਵਪੂਰਨ ਤਾਰੀਖਾਂ 'ਤੇ ਐਸ.ਐਮ.ਐਸ. ਅਲਰਟ, ਰੇਡੀਓ ਜਿੰਗਲਜ਼, ਈ-ਰਿਕਸ਼ਾ ਰਾਹੀਂ ਆਡੀਓ ਸੰਦੇਸ਼ ਅਤੇ ਬੀ.ਐਲ.ਓਜ਼ ਵੱਲੋਂ ਮੁਨਾਦੀ ਕਰਵਾਈ ਗਈ। ਇਲੈਕਟੋਰਲ ਲਿਟਰੇਸੀ ਕਲੱਬਾਂ ਨੇ ਪੋਸਟਰ ਮੇਕਿੰਗ, ਵਿਚਾਰ-ਵਟਾਂਦਰਾ ਮੁਕਾਬਲੇ, ਸੈਮੀਨਾਰ ਅਤੇ ਰੰਗੋਲੀ ਮੁਕਾਬਲਿਆਂ ਰਾਹੀਂ ਨਾਗਰਿਕਾਂ ਨੂੰ ਪ੍ਰੇਰਿਤ ਕੀਤਾ, ਜਦਕਿ ਬੈਂਕਾਂ ਵਿੱਚ ਜਾਗਰੂਕਤਾ ਸਮੱਗਰੀ ਪ੍ਰਦਰਸ਼ਿਤ ਕੀਤੀ ਗਈ। ਸੋਸ਼ਲ ਮੀਡੀਆ ਮੁਹਿੰਮਾਂ ਵਿੱਚ ਸਵੀਪ ਆਈਕਨਾਂ ਅਤੇ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸ਼ਾਮਲ ਕੀਤਾ ਗਿਆ। ਵੋਟਰਾਂ ਨੂੰ ਆਪਣੇ ਵੇਰਵੇ ਚੈੱਕ ਕਰਨ ਅਤੇ ਜਮ੍ਹਾਂ ਕਰਵਾਉਣ ਦੀ ਸਹੂਲਤ ਲਈ 7 ਜੂਨ, 11-12 ਜੁਲਾਈ, 19 ਜੁਲਾਈ ਅਤੇ 16 ਅਗਸਤ 2026 ਨੂੰ ਪੋਲਿੰਗ ਬੂਥਾਂ 'ਤੇ ਵਿਸ਼ੇਸ਼ ਕੈਂਪ ਲਗਾਏ ਗਏ। ਨੌਜਵਾਨ ਵੋਟਰਾਂ ਦੇ ਨਾਂ ਦਰਜ ਕਰਨ ਲਈ ਪੰਜਾਬ ਭਰ ਦੇ ਕਾਲਜਾਂ ਅਤੇ ਸਕੂਲਾਂ ਵਿੱਚ ਵੀ ਵਿਸ਼ੇਸ਼ ਕੈਂਪ ਲਗਾਏ ਗਏ ਸਨ।

ਸੂਬਾ ਅਤੇ ਜ਼ਿਲ੍ਹਾ ਪੱਧਰ 'ਤੇ ਮਾਨਤਾ ਪ੍ਰਾਪਤ ਸਿਆਸੀ ਪਾਰਟੀਆਂ ਨਾਲ ਨਿਯਮਤ ਮੀਟਿੰਗਾਂ ਕੀਤੀਆਂ ਗਈਆਂ, ਜਿਸ ਨਾਲ ਸਮੁੱਚੀ ਪ੍ਰਕਿਰਿਆ ਦੌਰਾਨ ਉਨ੍ਹਾਂ ਦੀ ਸਰਗਰਮ ਸ਼ਮੂਲੀਅਤ ਯਕੀਨੀ ਬਣਾਈ ਗਈ। ਮੁੱਖ ਚੋਣ ਅਫ਼ਸਰ ਪੰਜਾਬ, ਸ਼੍ਰੀਮਤੀ ਅਨਿੰਦਿਤਾ ਮਿੱਤਰਾ ਨੇ ਦੁਹਰਾਇਆ ਕਿ ਸਾਰੇ ਯੋਗ ਵੋਟਰਾਂ ਤੱਕ ਪਹੁੰਚ ਕਰਨ ਲਈ ਹਰ ਸੰਭਵ ਯਤਨ ਕੀਤੇ ਗਏ ਹਨ। ਭਾਰਤੀ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਪੰਜਾਬ ਵਿੱਚ ਵਿਸ਼ੇਸ਼ ਗਹਿਰੀ ਸੁਧਾਈ 2026 ਸੁਚਾਰੂ, ਪਾਰਦਰਸ਼ੀ ਅਤੇ ਸਮਾਂਬੱਧ ਢੰਗ ਨਾਲ ਸਫ਼ਲਤਾਪੂਰਵਕ ਮੁਕੰਮਲ ਕੀਤੀ ਗਈ ਹੈ। ਇਸ ਕਾਰਜ ਦੀ ਸਫ਼ਲਤਾ ਚੋਣ ਮਸ਼ੀਨਰੀ ਦੇ ਯਤਨਾਂ, ਵੋਟਰਾਂ ਦੇ ਸਹਿਯੋਗ ਅਤੇ ਸਮੂਹ ਭਾਈਵਾਲਾਂ ਦੀ ਸਰਗਰਮ ਭਾਗੀਦਾਰੀ ਨੂੰ ਦਰਸਾਉਂਦੀ ਹੈ। ਮੁੱਖ ਚੋਣ ਅਫ਼ਸਰ ਨੇ ਅਪੀਲ ਕੀਤੀ ਕਿ ਜਿਹੜੇ ਯੋਗ ਵਿਅਕਤੀ ਕਿਸੇ ਵੀ ਕਾਰਨ ਕਰਕੇ ਅੰਤਿਮ ਵੋਟਰ ਸੂਚੀ ਦੇ ਪ੍ਰਕਾਸ਼ਨ ਤੋਂ ਬਾਅਦ ਵੀ ਸ਼ਾਮਲ ਹੋਣ ਤੋਂ ਰਹਿ ਗਏ ਹਨ ਜਾਂ ਨਵੇਂ ਵੋਟਰ ਵਜੋਂ ਨਾਂ ਦਰਜ ਕਰਵਾਉਣਾ ਚਾਹੁੰਦੇ ਹਨ, ਉਹ ਈ.ਸੀ.ਆਈ.ਨੈੱਟ ਐਪ ਰਾਹੀਂ ਆਨਲਾਈਨ ਜਾਂ ਆਪਣੇ ਸਬੰਧਤ ਬੀ.ਐਲ.ਓ. ਰਾਹੀਂ ਫਾਰਮ ਨੰਬਰ 6 ਭਰ ਕੇ ਆਫ਼ਲਾਈਨ ਅਪਲਾਈ ਕਰ ਸਕਦੇ ਹਨ।

# ਪੰਜਾਬ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਨੇ ਵਾਤਾਵਰਣ ਸੁਰੱਖਿਆ ਉਪਾਵਾਂ ਬਾਰੇ ਕਰਵਾਇਆ ਸਿਖਲਾਈ ਪ੍ਰੋਗਰਾਮ

**ਮੁਹਾਲੀ, 13 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਜਲ ਸਪਲਾਈ ਅਤੇ ਸੈਨੀਟੇਸ਼ਨ ਮੰਤਰੀ ਸ. ਹਰਦੀਪ ਸਿੰਘ ਮੁੰਡੀਆਂ ਦੇ ਦਿਸ਼ਾ-ਨਿਰਦੇਸ਼ਾਂ 'ਤੇ ਵਿਭਾਗ ਵੱਲੋਂ ਅੱਜ ਜਲ ਸਪਲਾਈ ਅਤੇ ਸੈਨੀਟੇਸ਼ਨ ਪ੍ਰਾਜੈਕਟਾਂ ਵਿੱਚ ਵਾਤਾਵਰਣ ਸੁਰੱਖਿਆ ਸਬੰਧੀ ਉਪਾਵਾਂ ਦੇ ਪ੍ਰਭਾਵੀ ਲਾਗੂਕਰਨ ਲਈ ਖੇਤਰੀ ਅਮਲੇ ਨੂੰ ਜਾਗਰੂਕ ਕਰਨ ਅਤੇ ਉਨ੍ਹਾਂ ਦੀ ਸਮਰੱਥਾ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਫੇਜ਼-2, ਐਸ.ਏ.ਐਸ. ਨਗਰ ਸਥਿਤ ਮੁੱਖ ਦਫ਼ਤਰ ਵਿਖੇ ਜਲ ਅਤੇ ਸੈਨੀਟੇਸ਼ਨ ਪ੍ਰਾਜੈਕਟ ਵਿੱਚ ਵਾਤਾਵਰਣ ਸੁਰੱਖਿਆ ਬਾਰੇ ਸਿਖਲਾਈ ਪ੍ਰੋਗਰਾਮ ਕਰਵਾਇਆ ਗਿਆ।

ਇਸ ਦੌਰਾਨ ਈ.ਈ.-ਕਮ-ਐਸ.ਈ.ਐਸ. ਇੰਜੀਨੀਅਰ ਸਰਬਜੀਤ ਸਿੰਘ; ਐਸ.ਈ.ਐਸ. ਡਾ. ਪ੍ਰਦੀਪ ਸ਼ਰਮਾ ਅਤੇ ਵਾਤਾਵਰਣ ਪ੍ਰਬੰਧਨ ਮਾਹਰ ਸ੍ਰੀ ਸਾਜ਼ਿਦ ਅਲੀ ਨੇ ਜਲ ਅਤੇ ਸੈਨੀਟੇਸ਼ਨ ਪ੍ਰਾਜੈਕਟਾਂ ਵਾਲੇ ਸਥਾਨਾਂ 'ਤੇ ਅਪਣਾਏ ਜਾਣ ਵਾਲੇ ਵਾਤਾਵਰਣ ਸੁਰੱਖਿਆ ਸਬੰਧੀ ਉਪਾਵਾਂ ਬਾਰੇ ਅਹਿਮ ਪੇਸ਼ਕਾਰੀਆਂ ਦਿੱਤੀਆਂ।

ਪੇਸ਼ਕਾਰੀਆਂ ਵਿੱਚ ਵਾਤਾਵਰਣ ਪ੍ਰਬੰਧਨ ਦੇ ਮੁੱਖ ਪਹਿਲੂਆਂ ਬਾਰੇ ਚਰਚਾ ਕੀਤੀ ਗਈ, ਜਿਸ ਵਿੱਚ ਸਾਈਟ ਦੀ ਸਫ਼ਾਈ ਅਤੇ ਹਾਊਸਕੀਪਿੰਗ, ਟ੍ਰੀਟਮੈਂਟ ਰਸਾਇਣਾਂ ਦੇ ਸੁਰੱਖਿਅਤ ਭੰਡਾਰਨ ਅਤੇ ਪ੍ਰਬੰਧਨ, ਰਹਿੰਦ-ਖੂੰਹਦ ਨੂੰ ਵੱਖ ਕਰਨਾ ਤੇ ਨਿਪਟਾਰਾ ਕਰਨਾ, ਪਾਣੀ ਤੇ ਮਿੱਟੀ ਪ੍ਰਦੂਸ਼ਣ ਦੀ ਰੋਕਥਾਮ, ਪੌਦੇ ਲਾ ਕੇ ਹਰਿਆਵਲ ਵਿੱਚ ਵਾਧਾ ਕਰਨਾ, ਕੰਮ ਦੌਰਾਨ ਸਿਹਤ ਅਤੇ ਸੁਰੱਖਿਆ, ਨਿੱਜੀ ਸੁਰੱਖਿਆ ਉਪਕਰਣਾਂ ਦੀ ਵਰਤੋਂ, ਅੱਗ ਸਬੰਧੀ ਸੁਰੱਖਿਆ, ਐਮਰਜੈਂਸੀ ਸਬੰਧੀ ਤਿਆਰੀ ਅਤੇ ਨਹਿਰੀ ਪਾਣੀ ਨਾਲ ਜੁੜੇ ਪ੍ਰਾਜੈਕਟਾਂ ਦੇ ਨਿਰਮਾਣ ਤੇ ਅਮਲ ਦੌਰਾਨ ਵਰਤੇ ਜਾਣ ਵਾਲੇ ਵਾਤਾਵਰਣ ਸੁਰੱਖਿਆ ਸਬੰਧੀ ਉਪਾਅ ਸ਼ਾਮਲ ਹਨ।

ਸਿਖਲਾਈ ਪ੍ਰੋਗਰਾਮ ਵਿੱਚ ਉਪ-ਮੰਡਲ ਇੰਜੀਨੀਅਰ (ਐਸ.ਡੀ.ਈ.), ਜੂਨੀਅਰ ਇੰਜੀਨੀਅਰ (ਜੇ.ਈ.) ਅਤੇ ਵਾਟਰ ਟ੍ਰੀਟਮੈਂਟ ਪਲਾਂਟਾਂ ਅਤੇ ਨਹਿਰੀ ਪਾਣੀ ਦੇ ਪ੍ਰਾਜੈਕਟਾਂ ਨਾਲ ਜੁੜੇ ਪ੍ਰਾਜੈਕਟ ਮੈਨੇਜਰਾਂ ਨੇ ਹਿੱਸਾ ਲਿਆ। ਸੂਬਾਈ ਵਾਤਾਵਰਣ ਟੀਮ ਵੱਲੋਂ ਕੀਤੇ ਗਏ ਨਿਰੀਖਣ ਦੌਰਾਨ ਦਰਜ ਕੀਤੇ ਨੁਕਤੇ, ਪ੍ਰਾਜੈਕਟ ਸਾਈਟਾਂ 'ਤੇ ਪਛਾਣੇ ਗਏ ਵਾਤਾਵਰਣ ਪਾਲਣਾ ਸਬੰਧੀ ਮੁੱਦਿਆਂ ਅਤੇ ਕਮੀਆਂ ਨੂੰ ਦੂਰ ਕਰਨ ਲਈ ਲੋੜੀਂਦੇ ਸੁਧਾਰਾਤਮਕ ਉਪਾਵਾਂ ਬਾਰੇ ਵਿਆਪਕ ਚਰਚਾ ਕੀਤੀ ਗਈ।

ਇਸ ਦੌਰਾਨ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਸਾਈਟਾਂ ਦੇ ਨਿਯਮਤ ਤੌਰ 'ਤੇ ਨਿਰੀਖਣ ਕਰਨ, ਵਾਤਾਵਰਣ ਸਬੰਧੀ ਰਿਕਾਰਡਾਂ ਅਤੇ ਫੋਟੋਗ੍ਰਾਫਿਕ ਸਬੂਤਾਂ ਦੀ ਸੁਚੱਜੀ ਸਾਂਭ-ਸੰਭਾਲ, ਲਾਗੂ ਵਾਤਾਵਰਣ ਨਿਯਮਾਂ ਤੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਅਤੇ ਦੁਬਾਰਾ ਕਮੀਆਂ ਪੈਦਾ ਹੋਣ ਤੋਂ ਰੋਕਣ ਲਈ ਸੁਧਾਰਾਤਮਕ ਉਪਾਵਾਂ ਨੂੰ ਸਮੇਂ ਸਿਰ ਲਾਗੂ ਕਰਨ ਦੀ ਮਹੱਤਤਾ ਬਾਰੇ ਜਾਗਰੂਕ ਕੀਤਾ ਗਿਆ। ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਨੇ ਇਸ ਪ੍ਰੋਗਰਾਮ ਰਾਹੀਂ ਵਾਤਾਵਰਣ ਸੰਭਾਲ ਸਬੰਧੀ ਅਮਲਾਂ ਨੂੰ ਉਤਸ਼ਾਹਿਤ ਕਰਨ, ਵਾਤਾਵਰਣ ਨਿਯਮਾਂ ਦੀ ਸੁਚੱਜੀ ਪਾਲਣਾ ਨੂੰ ਯਕੀਨੀ ਬਣਾਉਣ ਅਤੇ ਪੰਜਾਬ ਭਰ ਵਿੱਚ ਜਲ ਸਪਲਾਈ ਅਤੇ ਸੈਨੀਟੇਸ਼ਨ ਪ੍ਰਾਜੈਕਟਾਂ ਦੇ ਟਿਕਾਊ ਅਤੇ ਸੁਰੱਖਿਅਤ ਸੰਚਾਲਨ ਨੂੰ ਯਕੀਨੀ ਬਣਾਉਣ ਪ੍ਰਤੀ ਆਪਣੀ ਵਚਨਬੱਧਤਾ ਨੂੰ ਹੋਰ ਪ੍ਰਪੱਕ ਕੀਤਾ।

# ਆਮ ਆਦਮੀ ਪਾਰਟੀ, ਚੰਡੀਗੜ੍ਹ ਦੇ ਪ੍ਰਭਾਰੀ ਅਤੇ ਹਲਕਾ ਤਿਲਕ ਨਗਰ ਦੇ ਵਿਧਾਇਕ ਜਰਨੈਲ ਸਿੰਘ ਨੇ ਲਿਖਿਆ ਖੁੱਲ੍ਹਾ ਪੱਤਰ

## ਬੰਗਲਾ ਸਾਹਿਬ ਵਿਖੇ ਪੁਲਿਸ ਕਾਰਵਾਈ 'ਤੇ ਆਮ ਆਦਮੀ ਪਾਰਟੀ ਚੰਡੀਗੜ੍ਹ ਦੇ ਪ੍ਰਭਾਰੀ ਅਤੇ ਵਿਧਾਇਕ ਜਰਨੈਲ ਸਿੰਘ ਨੇ DSGMC ਦੇ ਸਮੂਹ ਮੈਂਬਰਾਂ ਨੂੰ ਲਿਖਿਆ ਖੁੱਲ੍ਹਾ ਪੱਤਰ, 10 ਸਵਾਲਾਂ ਦੇ ਜਵਾਬ ਜਨਤਕ ਕਰਨ ਦੀ ਮੰਗ

**ਚੰਡੀਗੜ੍ਹ, 13 ਅਕਤੂਬਰ**
**-ਜੀ. ਐਸ. ਤੁੰਗ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਆਮ ਆਦਮੀ ਪਾਰਟੀ ਦੇ ਚੰਡੀਗੜ੍ਹ ਪ੍ਰਭਾਰੀ ਅਤੇ ਦਿੱਲੀ ਦੀ ਤਿਲਕ ਨਗਰ ਵਿਧਾਨ ਸਭਾ ਸੀਟ ਤੋਂ ਵਿਧਾਇਕ ਜਰਨੈਲ ਸਿੰਘ ਨੇ 10 ਅਕਤੂਬਰ ਨੂੰ ਗੁਰਦੁਆਰਾ ਸ੍ਰੀ ਬੰਗਲਾ ਸਾਹਿਬ ਵਿਖੇ ਹੋਈ ਪੁਲਿਸ ਕਾਰਵਾਈ ਦੇ ਸਬੰਧ ਵਿੱਚ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਮੂਹ ਮੈਂਬਰਾਂ ਨੂੰ ਇੱਕ ਵਿਸਤ੍ਰਿਤ ਖੁੱਲ੍ਹਾ ਪੱਤਰ ਲਿਖ ਕੇ 10 ਅਹਿਮ ਸਵਾਲ ਉਠਾਏ ਹਨ। ਉਨ੍ਹਾਂ ਨੇ ਕਮੇਟੀ ਦੇ ਮੈਂਬਰਾਂ ਤੋਂ ਮੰਗ ਕੀਤੀ ਹੈ ਕਿ ਉਹ ਇਸ ਮਾਮਲੇ ਵਿੱਚ ਆਪਣੀ ਭੂਮਿਕਾ ਸਪੱਸ਼ਟ ਕਰਨ ਅਤੇ ਸੰਗਤ ਦੇ ਮਨਾਂ ਵਿੱਚ ਉੱਠ ਰਹੇ ਸਵਾਲਾਂ ਤੇ ਸ਼ੰਕਿਆਂ ਦੇ ਲਿਖਤੀ ਜਵਾਬ ਜਲਦ ਤੋਂ ਜਲਦ ਜਨਤਕ ਕਰਨ।

ਜਰਨੈਲ ਸਿੰਘ ਨੇ ਆਪਣੇ ਪੱਤਰ ਵਿੱਚ ਕਿਹਾ ਕਿ ਸਿੱਖ ਧਰਮ ਦੀਆਂ ਬੁਨਿਆਦੀ ਸਿੱਖਿਆਵਾਂ ਸ਼ਰਨ ਵਿੱਚ ਆਏ ਵਿਅਕਤੀ ਦੀ ਰੱਖਿਆ ਕਰਨ, ਮਨੁੱਖਤਾ ਦਾ ਸਤਿਕਾਰ ਕਰਨ ਅਤੇ ਜ਼ੁਲਮ ਤੇ ਬੇਇਨਸਾਫ਼ੀ ਵਿਰੁੱਧ ਖੜ੍ਹੇ ਹੋਣ ਦਾ ਸੰਦੇਸ਼ ਦਿੰਦੀਆਂ ਹਨ। ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ 'ਤੇ ਚੱਲਦਿਆਂ ਸਿੱਖ ਕੌਮ ਨੇ ਸਦੀਆਂ ਤੋਂ ਧਰਮ, ਜਾਤ ਅਤੇ ਸਿਆਸੀ ਵਿਚਾਰਧਾਰਾ ਤੋਂ ਉੱਪਰ ਉੱਠ ਕੇ ਲੋੜਵੰਦਾਂ ਦੀ ਸਹਾਇਤਾ ਕਰਨ ਅਤੇ ਮਨੁੱਖਤਾ ਦੀ ਸੇਵਾ ਕਰਨ ਦੀ ਮਹਾਨ ਪਰੰਪਰਾ ਕਾਇਮ ਰੱਖੀ ਹੈ। ਉਨ੍ਹਾਂ ਕਿਹਾ ਕਿ 10 ਅਕਤੂਬਰ ਨੂੰ ਗੁਰਦੁਆਰਾ ਸ੍ਰੀ ਬੰਗਲਾ ਸਾਹਿਬ ਵਿਖੇ ਵਾਪਰੀ ਘਟਨਾ ਨੇ ਗੁਰੂ ਘਰ ਦੀ ਮਰਿਆਦਾ, ਸੰਗਤ ਦੇ ਸਤਿਕਾਰ ਅਤੇ ਗੁਰਦੁਆਰਾ ਪ੍ਰਬੰਧਕਾਂ ਦੀ ਜਵਾਬਦੇਹੀ ਬਾਰੇ ਗੰਭੀਰ ਸਵਾਲ ਖੜ੍ਹੇ ਕੀਤੇ ਹਨ।

**ਪੁਲਿਸ ਕਾਰਵਾਈ ਅਤੇ ਗੁਰੂ ਘਰ ਦੀ ਮਰਿਆਦਾ ਬਾਰੇ ਸਵਾਲ**

ਜਰਨੈਲ ਸਿੰਘ ਨੇ ਪੁੱਛਿਆ ਕਿ ਕੀ DSGMC ਦੇ ਮੈਂਬਰ ਗੁਰਦੁਆਰਾ ਸਾਹਿਬ ਦੇ ਪਵਿੱਤਰ ਪਰਿਸਰ ਵਿੱਚ ਪੁਲਿਸ ਮੁਲਾਜ਼ਮਾਂ ਵੱਲੋਂ ਬੂਟ ਪਾ ਕੇ, ਸਿਰਾਂ 'ਤੇ ਟੋਪੀਆਂ ਪਾ ਕੇ ਅਤੇ ਡੰਡਿਆਂ ਸਮੇਤ ਦਾਖ਼ਲ ਹੋਣ ਅਤੇ ਸੰਗਤ ਨੂੰ ਕਥਿਤ ਤੌਰ 'ਤੇ ਖਿੱਚ ਕੇ ਬਾਹਰ ਕੱਢਣ ਦੀ ਕਾਰਵਾਈ ਨੂੰ ਜਾਇਜ਼ ਮੰਨਦੇ ਹਨ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸਾਹਿਬ ਸਿਰਫ਼ ਇੱਕ ਧਾਰਮਿਕ ਸਥਾਨ ਨਹੀਂ, ਸਗੋਂ ਸ਼ਰਧਾ, ਸੇਵਾ, ਬਰਾਬਰੀ ਅਤੇ ਮਨੁੱਖਤਾ ਦਾ ਕੇਂਦਰ ਹੈ। ਅਜਿਹੇ ਪਵਿੱਤਰ ਸਥਾਨ 'ਤੇ ਹੋਈ ਕਿਸੇ ਵੀ ਕਾਰਵਾਈ ਬਾਰੇ ਕਮੇਟੀ ਨੂੰ ਤੱਥ ਸਪੱਸ਼ਟ ਕਰਨੇ ਚਾਹੀਦੇ ਹਨ ਅਤੇ ਸੰਗਤ ਦੀਆਂ ਧਾਰਮਿਕ ਭਾਵਨਾਵਾਂ ਤੇ ਸਤਿਕਾਰ ਨਾਲ ਜੁੜੇ ਸਵਾਲਾਂ ਦੇ ਜਵਾਬ ਦੇਣੇ ਚਾਹੀਦੇ ਹਨ।

ਉਨ੍ਹਾਂ ਸਵਾਲ ਕੀਤਾ ਕਿ ਜਦੋਂ ਗੁਰਦੁਆਰਾ ਸਾਹਿਬ ਦੇ ਪਰਿਸਰ ਵਿੱਚ ਕੋਈ ਵਿਵਾਦ ਜਾਂ ਅਣਸੁਖਾਵੀਂ ਘਟਨਾ ਵਾਪਰਦੀ ਹੈ, ਤਾਂ ਗੁਰੂ ਘਰ ਦੀ ਮਰਿਆਦਾ ਕਾਇਮ ਰੱਖਣ ਅਤੇ ਸੰਗਤ ਦੇ ਹਿੱਤਾਂ ਦੀ ਰੱਖਿਆ ਕਰਨ ਦੀ ਮੁੱਢਲੀ ਜ਼ਿੰਮੇਵਾਰੀ ਕਿਸ ਦੀ ਹੈ। ਕੀ ਇਹ ਜ਼ਿੰਮੇਵਾਰੀ DSGMC ਦੀ ਨਹੀਂ ਹੈ? ਕੀ ਹੁਣ ਗੁਰਦੁਆਰਾ ਸਾਹਿਬ ਦੇ ਪਰਿਸਰ ਵਿੱਚ ਮਰਿਆਦਾ ਕਾਇਮ ਰੱਖਣ ਦੀ ਜ਼ਿੰਮੇਵਾਰੀ ਵੀ ਦਿੱਲੀ ਪੁਲਿਸ ਨੂੰ ਸੌਂਪ ਦਿੱਤੀ ਗਈ ਹੈ? ਉਨ੍ਹਾਂ ਕਿਹਾ ਕਿ ਕਮੇਟੀ ਨੂੰ ਸਪੱਸ਼ਟ ਕਰਨਾ ਚਾਹੀਦਾ ਹੈ ਕਿ ਘਟਨਾ ਸਮੇਂ ਉਸ ਵੱਲੋਂ ਕੀ ਕਦਮ ਚੁੱਕੇ ਗਏ ਅਤੇ ਸੰਗਤ ਦੇ ਸਤਿਕਾਰ ਦੀ ਰੱਖਿਆ ਲਈ ਕੀ ਯਤਨ ਕੀਤੇ ਗਏ

**FIR ਦਰਜ ਕਰਵਾਉਣ ਦੇ ਫ਼ੈਸਲੇ 'ਤੇ ਸਪੱਸ਼ਟੀਕਰਨ ਮੰਗਿਆ**

AAP ਚੰਡੀਗੜ੍ਹ ਦੇ ਪ੍ਰਭਾਰੀ ਨੇ ਪ੍ਰਦਰਸ਼ਨਕਾਰੀਆਂ ਵਿਰੁੱਧ FIR ਦਰਜ ਕਰਵਾਉਣ ਦੇ ਫ਼ੈਸਲੇ ਬਾਰੇ ਵੀ ਸਵਾਲ ਉਠਾਏ। ਉਨ੍ਹਾਂ ਪੁੱਛਿਆ ਕਿ ਕੀ ਇਹ ਫ਼ੈਸਲਾ DSGMC ਦੀ ਕਿਸੇ ਅਧਿਕਾਰਤ ਮੀਟਿੰਗ ਵਿੱਚ ਲਿਆ ਗਿਆ ਸੀ ਅਤੇ ਕੀ ਕਮੇਟੀ ਦੇ ਸਾਰੇ ਮੈਂਬਰ ਇਸ ਨਾਲ ਸਹਿਮਤ ਸਨ। ਜੇਕਰ ਇਸ ਸਬੰਧੀ ਕੋਈ ਮੀਟਿੰਗ ਹੋਈ ਸੀ, ਤਾਂ ਉਸ ਦੇ ਫ਼ੈਸਲੇ ਅਤੇ ਕਾਰਵਾਈ ਦਾ ਵੇਰਵਾ ਜਨਤਕ ਕੀਤਾ ਜਾਣਾ ਚਾਹੀਦਾ ਹੈ, ਤਾਂ ਜੋ ਸੰਗਤ ਨੂੰ ਪਤਾ ਲੱਗ ਸਕੇ ਕਿ ਸ਼ਿਕਾਇਤ ਦਰਜ ਕਰਵਾਉਣ ਦਾ ਫ਼ੈਸਲਾ ਕਿਹੜੀਆਂ ਸਥਿਤੀਆਂ ਵਿੱਚ ਅਤੇ ਕਿਸ ਪ੍ਰਕਿਰਿਆ ਅਧੀਨ ਲਿਆ ਗਿਆ।

ਉਨ੍ਹਾਂ ਇਹ ਵੀ ਪੁੱਛਿਆ ਕਿ ਕੀ ਕਮੇਟੀ ਨੇ ਪ੍ਰਦਰਸ਼ਨਕਾਰੀਆਂ ਵਿਰੁੱਧ ਸ਼ਿਕਾਇਤ ਦੇਣ ਦੇ ਨਾਲ-ਨਾਲ ਪੁਲਿਸ ਦੀ ਕਾਰਵਾਈ, ਸੰਗਤ ਨਾਲ ਕਥਿਤ ਦੁਰਵਿਹਾਰ ਅਤੇ ਇੱਕ ਸਿੱਖ ਵਿਦਿਆਰਥੀ ਦੀ ਪੱਗ ਉਤਾਰੇ ਜਾਣ ਸਬੰਧੀ ਲੱਗੇ ਦੋਸ਼ਾਂ ਦੀ ਨਿਰਪੱਖ ਜਾਂਚ ਦੀ ਮੰਗ ਵੀ ਕੀਤੀ ਸੀ। ਜਰਨੈਲ ਸਿੰਘ ਨੇ ਕਿਹਾ ਕਿ ਜੇਕਰ ਘਟਨਾ ਦੇ ਵੱਖ-ਵੱਖ ਪਹਿਲੂਆਂ ਨੂੰ ਲੈ ਕੇ ਦੋਸ਼ ਲੱਗ ਰਹੇ ਹਨ, ਤਾਂ ਸਾਰੇ ਸਬੰਧਤ ਪੱਖਾਂ ਦੀ ਭੂਮਿਕਾ ਦੀ ਨਿਰਪੱਖ ਜਾਂਚ ਹੋਣੀ ਚਾਹੀਦੀ ਹੈ। ਇੱਕ ਪੱਖ ਵਿਰੁੱਧ ਕਾਰਵਾਈ ਦੀ ਮੰਗ ਕਰਦਿਆਂ ਦੂਜੇ ਗੰਭੀਰ ਦੋਸ਼ਾਂ ਨੂੰ ਅਣਡਿੱਠਾ ਨਹੀਂ ਕੀਤਾ ਜਾਣਾ ਚਾਹੀਦਾ।

ਉਨ੍ਹਾਂ ਘਟਨਾ ਦੀ ਪੂਰੀ CCTV ਫੁਟੇਜ ਸੁਰੱਖਿਅਤ ਰੱਖਣ, ਸਬੰਧਤ ਰਿਕਾਰਡ ਨਾਲ ਕਿਸੇ ਵੀ ਤਰ੍ਹਾਂ ਦੀ ਛੇੜਛਾੜ ਨਾ ਹੋਣ ਦੇਣ ਅਤੇ ਜਾਂਚ ਏਜੰਸੀਆਂ ਨੂੰ ਫੁਟੇਜ ਮੁਹੱਈਆ ਕਰਵਾਉਣ ਲਈ ਚੁੱਕੇ ਗਏ ਕਦਮਾਂ ਦਾ ਵੇਰਵਾ ਵੀ ਮੰਗਿਆ। ਉਨ੍ਹਾਂ ਕਿਹਾ ਕਿ ਨਿਰਪੱਖ ਜਾਂਚ ਅਤੇ ਤੱਥਾਂ ਦੀ ਪਾਰਦਰਸ਼ੀ ਪੇਸ਼ਕਾਰੀ ਨਾਲ ਹੀ ਸੰਗਤ ਦੇ ਮਨਾਂ ਵਿੱਚ ਉੱਠ ਰਹੇ ਸਵਾਲਾਂ ਦਾ ਹੱਲ ਹੋ ਸਕਦਾ ਹੈ।

**ਅਸ਼ੋਕਾ ਰੋਡ ਦੇ ਰਸਤੇ ਅਤੇ ਪੁਲਿਸ ਦੀ ਇਜਾਜ਼ਤ ਬਾਰੇ ਸਵਾਲ**

ਜਰਨੈਲ ਸਿੰਘ ਨੇ ਅਸ਼ੋਕਾ ਰੋਡ ਤੋਂ ਗੁਰਦੁਆਰਾ ਸ੍ਰੀ ਬੰਗਲਾ ਸਾਹਿਬ ਵੱਲ ਆਉਣ ਵਾਲੇ ਰਸਤੇ ਦੀ ਕਾਨੂੰਨੀ ਅਤੇ ਪ੍ਰਬੰਧਕੀ ਸਥਿਤੀ ਸਪੱਸ਼ਟ ਕਰਨ ਦੀ ਮੰਗ ਕੀਤੀ। ਉਨ੍ਹਾਂ ਪੁੱਛਿਆ ਕਿ ਕੀ ਇਹ ਰਸਤਾ ਗੁਰਦੁਆਰਾ ਸਾਹਿਬ ਦੇ ਪ੍ਰਬੰਧਕੀ ਪਰਿਸਰ ਦਾ ਹਿੱਸਾ ਹੈ ਜਾਂ ਆਮ ਜਨਤਕ ਰਸਤਾ। ਜੇਕਰ ਇਹ ਰਸਤਾ ਗੁਰਦੁਆਰਾ ਪ੍ਰਬੰਧਕਾਂ ਦੇ ਅਧਿਕਾਰ ਖੇਤਰ ਵਿੱਚ ਆਉਂਦਾ ਹੈ ਅਤੇ ਉੱਥੇ ਦਾਖ਼ਲ ਹੋਣ ਲਈ ਕਮੇਟੀ ਦੀ ਇਜਾਜ਼ਤ ਲੋੜੀਂਦੀ ਸੀ, ਤਾਂ ਕੀ 10 ਅਕਤੂਬਰ ਨੂੰ ਪੁਲਿਸ ਨੇ ਦਾਖ਼ਲ ਹੋਣ ਤੋਂ ਪਹਿਲਾਂ ਇਜਾਜ਼ਤ ਲਈ ਸੀ?

ਉਨ੍ਹਾਂ ਅੱਗੇ ਪੁੱਛਿਆ ਕਿ ਜੇਕਰ ਇਜਾਜ਼ਤ ਦਿੱਤੀ ਗਈ ਸੀ, ਤਾਂ ਕਿਸ ਅਹੁਦੇਦਾਰ ਨੇ ਮਨਜ਼ੂਰੀ ਦਿੱਤੀ ਅਤੇ ਕੀ ਇਸ ਦਾ ਕੋਈ ਲਿਖਤੀ ਰਿਕਾਰਡ ਮੌਜੂਦ ਹੈ। ਜੇਕਰ ਇਜਾਜ਼ਤ ਨਹੀਂ ਲਈ ਗਈ ਸੀ, ਤਾਂ ਕੀ DSGMC ਨੇ ਦਿੱਲੀ ਪੁਲਿਸ ਤੋਂ ਸਪੱਸ਼ਟੀਕਰਨ ਮੰਗਿਆ ਹੈ? ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿੱਚ ਸਪੱਸ਼ਟ ਜਾਣਕਾਰੀ ਸਾਹਮਣੇ ਆਉਣੀ ਚਾਹੀਦੀ ਹੈ, ਤਾਂ ਜੋ ਰਸਤੇ ਦੀ ਸਥਿਤੀ, ਅਧਿਕਾਰ ਖੇਤਰ ਅਤੇ ਪੁਲਿਸ ਦੀ ਕਾਰਵਾਈ ਬਾਰੇ ਕੋਈ ਭੰਬਲਭੂਸਾ ਨਾ ਰਹੇ।

**ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮਨਾਮੇ ਅਤੇ RSS ਬਾਰੇ ਸਵਾਲ**

ਆਪਣੇ ਪੱਤਰ ਵਿੱਚ ਜਰਨੈਲ ਸਿੰਘ ਨੇ 23 ਜੁਲਾਈ 2004 ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ RSS ਅਤੇ ਰਾਸ਼ਟਰੀ ਸਿੱਖ ਸੰਗਤ ਸਬੰਧੀ ਜਾਰੀ ਕੀਤੇ ਹੁਕਮਨਾਮੇ ਅਤੇ ਇਸ ਨਾਲ ਜੁੜੀਆਂ ਹਦਾਇਤਾਂ ਦੀ ਪਾਲਣਾ ਬਾਰੇ ਵੀ ਸਵਾਲ ਉਠਾਏ। ਉਨ੍ਹਾਂ DSGMC ਦੇ ਮੈਂਬਰਾਂ ਤੋਂ ਪੁੱਛਿਆ ਕਿ ਕੀ ਉਹ ਇਸ ਹੁਕਮਨਾਮੇ ਅਤੇ ਸਬੰਧਤ ਹਦਾਇਤਾਂ ਦੀ ਪਾਲਣਾ ਕਰਦੇ ਹਨ। ਉਨ੍ਹਾਂ ਇਹ ਵੀ ਪੁੱਛਿਆ ਕਿ ਕੀ ਉਨ੍ਹਾਂ ਨੇ ਖ਼ੁਦ ਜਾਂ ਕਮੇਟੀ ਦੇ ਹੋਰ ਮੈਂਬਰਾਂ ਨੇ RSS ਜਾਂ ਇਸ ਨਾਲ ਸਬੰਧਤ ਸੰਗਠਨਾਂ ਦੇ ਪ੍ਰੋਗਰਾਮਾਂ ਵਿੱਚ ਸ਼ਮੂਲੀਅਤ ਕੀਤੀ ਹੈ ਅਤੇ ਕੀ ਉਹ ਇਸ ਸਬੰਧੀ ਸੰਗਤ ਸਾਹਮਣੇ ਆਪਣਾ ਪੱਖ ਰੱਖਣ ਲਈ ਤਿਆਰ ਹਨ।

ਜਰਨੈਲ ਸਿੰਘ ਨੇ ਕਿਹਾ ਕਿ ਧਾਰਮਿਕ ਸੰਸਥਾਵਾਂ ਨਾਲ ਜੁੜੇ ਅਹੁਦੇਦਾਰਾਂ ਦੀ ਜ਼ਿੰਮੇਵਾਰੀ ਹੈ ਕਿ ਉਹ ਪੰਥਕ ਮਰਿਆਦਾ ਅਤੇ ਧਾਰਮਿਕ ਪਰੰਪਰਾਵਾਂ ਬਾਰੇ ਉੱਠਣ ਵਾਲੇ ਸਵਾਲਾਂ 'ਤੇ ਸਪੱਸ਼ਟਤਾ ਦੇਣ। ਉਨ੍ਹਾਂ ਸਬੰਧਤ ਮੈਂਬਰਾਂ ਨੂੰ ਅਪੀਲ ਕੀਤੀ ਕਿ ਉਹ ਇਸ ਵਿਸ਼ੇ 'ਤੇ ਆਪਣੀ ਸਥਿਤੀ ਸਪੱਸ਼ਟ ਕਰਨ, ਤਾਂ ਜੋ ਸੰਗਤ ਨੂੰ ਉਨ੍ਹਾਂ ਦੇ ਵਿਚਾਰਾਂ ਅਤੇ ਫ਼ੈਸਲਿਆਂ ਬਾਰੇ ਜਾਣਕਾਰੀ ਮਿਲ ਸਕੇ।

**ਭਾਜਪਾ ਦੀ ਟਿਕਟ ਅਤੇ ਸਿਆਸੀ ਹਿੱਤਾਂ ਬਾਰੇ ਸਵਾਲ**

AAP ਚੰਡੀਗੜ੍ਹ ਦੇ ਪ੍ਰਭਾਰੀ ਨੇ DSGMC ਦੇ ਕੁਝ ਮੈਂਬਰਾਂ ਦੀਆਂ ਸਿਆਸੀ ਇੱਛਾਵਾਂ ਨੂੰ ਲੈ ਕੇ ਵੀ ਸਵਾਲ ਉਠਾਏ। ਉਨ੍ਹਾਂ ਪੁੱਛਿਆ ਕਿ ਕੀ ਕਮੇਟੀ ਦਾ ਕੋਈ ਮੈਂਬਰ ਭਾਜਪਾ ਵੱਲੋਂ ਆਪਣੇ ਵਿਧਾਨ ਸਭਾ ਹਲਕੇ ਤੋਂ ਚੋਣ ਲੜਨ ਲਈ ਟਿਕਟ ਦਾ ਦਾਅਵੇਦਾਰ ਹੈ ਅਤੇ ਕੀ DSGMC ਦੇ ਅਹੁਦੇ ਨੂੰ ਸਿਆਸੀ ਲਾਭ ਹਾਸਲ ਕਰਨ ਦੇ ਸਾਧਨ ਵਜੋਂ ਵਰਤਿਆ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਧਾਰਮਿਕ ਸੰਸਥਾਵਾਂ ਦੇ ਅਹੁਦੇਦਾਰਾਂ ਦੀ ਭੂਮਿਕਾ, ਉਨ੍ਹਾਂ ਦੇ ਫ਼ੈਸਲਿਆਂ ਅਤੇ ਸਿਆਸੀ ਗਤੀਵਿਧੀਆਂ ਵਿਚਕਾਰ ਸਬੰਧਾਂ ਬਾਰੇ ਜੇਕਰ ਸਵਾਲ ਉੱਠਦੇ ਹਨ, ਤਾਂ ਸਬੰਧਤ ਮੈਂਬਰਾਂ ਨੂੰ ਤੱਥਾਂ ਦੇ ਆਧਾਰ 'ਤੇ ਆਪਣਾ ਪੱਖ ਸਪੱਸ਼ਟ ਕਰਨਾ ਚਾਹੀਦਾ ਹੈ। ਉਨ੍ਹਾਂ ਇਹ ਵੀ ਪੁੱਛਿਆ ਕਿ ਕੀ DSGMC ਦੇ ਮੈਂਬਰ RSS ਦੀ ਵਿਚਾਰਧਾਰਾ ਅਤੇ ਭਾਜਪਾ ਦੀਆਂ ਉਨ੍ਹਾਂ ਨੀਤੀਆਂ ਨਾਲ ਸਹਿਮਤ ਹਨ, ਜਿਨ੍ਹਾਂ ਨੂੰ ਕੁਝ ਵਰਗ ਸਿੱਖ ਪੰਥ ਦੀ ਵੱਖਰੀ ਧਾਰਮਿਕ ਪਛਾਣ ਨਾਲ ਟਕਰਾਉਂਦਾ ਮੰਨਦੇ ਹਨ।

ਜਰਨੈਲ ਸਿੰਘ ਨੇ ਕਿਹਾ ਕਿ ਸਿੱਖ ਪੰਥ ਦੀ ਵੱਖਰੀ ਹੋਂਦ, ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਅਤੇ ਪੰਥਕ ਮਰਿਆਦਾ ਕਿਸੇ ਵੀ ਸਿਆਸੀ ਪਾਰਟੀ ਤੋਂ ਉੱਪਰ ਹੋਣੀ ਚਾਹੀਦੀ ਹੈ। ਉਨ੍ਹਾਂ ਸਬੰਧਤ ਮੈਂਬਰਾਂ ਤੋਂ ਪੁੱਛਿਆ ਕਿ ਕੀ ਉਹ ਇਸ ਸਿਧਾਂਤ ਨੂੰ ਆਪਣੀ ਪਹਿਲੀ ਤਰਜੀਹ ਮੰਨਦੇ ਹਨ ਅਤੇ ਕੀ ਉਹ ਇਸ ਸਬੰਧੀ ਸੰਗਤ ਸਾਹਮਣੇ ਸਪੱਸ਼ਟ ਬਿਆਨ ਦੇਣ ਲਈ ਤਿਆਰ ਹਨ।

**DSGMC ਮੈਂਬਰਾਂ ਨੂੰ ਪੁਲਿਸ ਸੁਰੱਖਿਆ ਦੇਣ ਦੇ ਮਾਪਦੰਡ ਜਨਤਕ ਕਰਨ ਦੀ ਮੰਗ**

ਜਰਨੈਲ ਸਿੰਘ ਨੇ ਦਿੱਲੀ ਪੁਲਿਸ ਵੱਲੋਂ ਭਾਜਪਾ ਦਾ ਸਮਰਥਨ ਕਰਨ ਵਾਲੇ ਦੱਸੇ ਜਾਂਦੇ DSGMC ਦੇ ਕੁਝ ਮੈਂਬਰਾਂ ਨੂੰ ਸੁਰੱਖਿਆ ਮੁਹੱਈਆ ਕਰਵਾਏ ਜਾਣ ਸਬੰਧੀ ਦਾਅਵਿਆਂ 'ਤੇ ਵੀ ਸਪੱਸ਼ਟੀਕਰਨ ਮੰਗਿਆ। ਉਨ੍ਹਾਂ ਪੁੱਛਿਆ ਕਿ ਕੀ ਅਜਿਹੇ ਮੈਂਬਰਾਂ ਨੂੰ ਪੁਲਿਸ ਸੁਰੱਖਿਆ ਦਿੱਤੀ ਗਈ ਹੈ ਅਤੇ ਜੇਕਰ ਅਜਿਹਾ ਹੈ, ਤਾਂ ਕਿਹੜੇ ਮੈਂਬਰਾਂ ਨੂੰ ਸੁਰੱਖਿਆ ਮਿਲੀ ਹੈ ਅਤੇ ਕਿਹੜਿਆਂ ਨੂੰ ਨਹੀਂ।

ਉਨ੍ਹਾਂ ਮੰਗ ਕੀਤੀ ਕਿ ਇਸ ਸਬੰਧੀ ਉਪਲਬਧ ਅਧਿਕਾਰਤ ਜਾਣਕਾਰੀ ਜਨਤਕ ਕੀਤੀ ਜਾਵੇ ਅਤੇ ਸੁਰੱਖਿਆ ਮੁਹੱਈਆ ਕਰਵਾਉਣ ਦੇ ਮਾਪਦੰਡ ਸਪੱਸ਼ਟ ਕੀਤੇ ਜਾਣ। ਉਨ੍ਹਾਂ ਕਿਹਾ ਕਿ ਪੁਲਿਸ ਸੁਰੱਖਿਆ ਨਾਲ ਜੁੜੇ ਫ਼ੈਸਲਿਆਂ ਬਾਰੇ ਉੱਠਣ ਵਾਲੇ ਸਵਾਲਾਂ ਦਾ ਜਵਾਬ ਤੱਥਾਂ ਅਤੇ ਨਿਰਧਾਰਤ ਪ੍ਰਕਿਰਿਆ ਦੇ ਆਧਾਰ 'ਤੇ ਦਿੱਤਾ ਜਾਣਾ ਚਾਹੀਦਾ ਹੈ, ਤਾਂ ਜੋ ਕਿਸੇ ਵੀ ਤਰ੍ਹਾਂ ਦੇ ਪੱਖਪਾਤ ਜਾਂ ਭੇਦਭਾਵ ਬਾਰੇ ਪੈਦਾ ਹੋਣ ਵਾਲੇ ਸ਼ੰਕਿਆਂ ਨੂੰ ਦੂਰ ਕੀਤਾ ਜਾ ਸਕੇ।

**ਸੰਗਤ ਦੇ ਸਤਿਕਾਰ ਅਤੇ ਸਿੱਖ ਕੌਮ ਦੀ ਸੇਵਾ-ਪਰੰਪਰਾ ਦਾ ਸਵਾਲ**

ਜਰਨੈਲ ਸਿੰਘ ਨੇ ਆਪਣੇ ਪੱਤਰ ਵਿੱਚ ਸਿੱਖ ਕੌਮ ਦੀ ਸੇਵਾ, ਸਰਬੱਤ ਦੇ ਭਲੇ ਅਤੇ ਮਨੁੱਖਤਾ ਦੀ ਰੱਖਿਆ ਦੀ ਪਰੰਪਰਾ ਦਾ ਜ਼ਿਕਰ ਕਰਦਿਆਂ ਪੁੱਛਿਆ ਕਿ ਗੁਰਦੁਆਰਾ ਸਾਹਿਬ ਦੀ ਸ਼ਰਨ ਵਿੱਚ ਆਏ ਲੋਕਾਂ ਵਿਰੁੱਧ ਪੁਲਿਸ ਨੂੰ ਸ਼ਿਕਾਇਤ ਦੇਣ ਅਤੇ ਸੰਗਤ ਨੂੰ ਸਿਆਸੀ ਪਾਰਟੀ ਦੇ ਵਰਕਰ ਦੱਸਣ ਨਾਲ ਕੀ ਸਿੱਖ ਕੌਮ ਦੀ ਇਤਿਹਾਸਕ ਸੇਵਾ-ਪਰੰਪਰਾ ਅਤੇ ਧਾਰਮਿਕ ਭਾਵਨਾਵਾਂ ਨੂੰ ਠੇਸ ਨਹੀਂ ਪਹੁੰਚਦੀ?

ਉਨ੍ਹਾਂ ਕਿਹਾ ਕਿ ਗੁਰਦੁਆਰਾ ਸਾਹਿਬ ਵਿੱਚ ਆਉਣ ਵਾਲਾ ਹਰ ਵਿਅਕਤੀ ਸਤਿਕਾਰ ਦਾ ਹੱਕਦਾਰ ਹੈ। ਕਿਸੇ ਵੀ ਵਿਵਾਦ ਵਿੱਚ ਸ਼ਾਮਲ ਲੋਕਾਂ ਬਾਰੇ ਫ਼ੈਸਲਾ ਤੱਥਾਂ ਅਤੇ ਨਿਰਪੱਖ ਜਾਂਚ ਦੇ ਆਧਾਰ 'ਤੇ ਹੋਣਾ ਚਾਹੀਦਾ ਹੈ। ਉਨ੍ਹਾਂ ਕਮੇਟੀ ਦੇ ਮੈਂਬਰਾਂ ਤੋਂ ਇਹ ਵੀ ਪੁੱਛਿਆ ਕਿ ਕੀ ਉਹ ਇਸ ਗੱਲ ਨਾਲ ਸਹਿਮਤ ਹਨ ਕਿ ਧਾਰਮਿਕ ਸੰਸਥਾਵਾਂ ਨੂੰ ਸਿਆਸੀ ਮਤਭੇਦਾਂ ਤੋਂ ਉੱਪਰ ਉੱਠ ਕੇ ਸੰਗਤ ਦੇ ਸਤਿਕਾਰ ਅਤੇ ਗੁਰੂ ਘਰ ਦੀ ਮਰਿਆਦਾ ਦੀ ਰੱਖਿਆ ਕਰਨੀ ਚਾਹੀਦੀ ਹੈ।

ਕਮੇਟੀ ਦੀ ਪਹਿਲੀ ਤਰਜੀਹ ਕੀ ਹੈ?

ਪੱਤਰ ਦੇ ਅੰਤ ਵਿੱਚ ਜਰਨੈਲ ਸਿੰਘ ਨੇ DSGMC ਦੇ ਸਮੂਹ ਮੈਂਬਰਾਂ ਤੋਂ ਸਿੱਧਾ ਸਵਾਲ ਕੀਤਾ ਕਿ ਇਸ ਪੂਰੇ ਮਾਮਲੇ ਵਿੱਚ ਉਨ੍ਹਾਂ ਦੀ ਪਹਿਲੀ ਤਰਜੀਹ ਕੀ ਹੈ—ਗੁਰੂ ਘਰ ਦੀ ਮਰਿਆਦਾ ਅਤੇ ਸੰਗਤ ਦਾ ਸਤਿਕਾਰ ਜਾਂ ਸਿਆਸੀ ਵਿਵਾਦ ਵਿੱਚ ਕਿਸੇ ਇੱਕ ਪੱਖ ਦਾ ਸਮਰਥਨ ਕਰਨਾ। ਉਨ੍ਹਾਂ ਪੁੱਛਿਆ ਕਿ ਕੀ ਕਮੇਟੀ ਦੇ ਸਾਰੇ ਮੈਂਬਰ ਇਸ ਸਬੰਧੀ ਆਪਣਾ ਲਿਖਤੀ ਪੱਖ ਰੱਖਣ ਅਤੇ ਸੰਗਤ ਸਾਹਮਣੇ ਸਥਿਤੀ ਸਪੱਸ਼ਟ ਕਰਨ ਲਈ ਤਿਆਰ ਹਨ।

ਉਨ੍ਹਾਂ DSGMC ਦੇ ਸਾਰੇ ਮੈਂਬਰਾਂ ਨੂੰ ਅਪੀਲ ਕੀਤੀ ਕਿ ਉਹ ਪੱਤਰ ਵਿੱਚ ਉਠਾਏ ਗਏ ਸਾਰੇ ਸਵਾਲਾਂ ਦੇ ਜਵਾਬ ਜਲਦ ਤੋਂ ਜਲਦ ਮੁਹੱਈਆ ਕਰਵਾਉਣ। ਉਨ੍ਹਾਂ ਅਨੁਸਾਰ, ਇਸ ਮਾਮਲੇ ਵਿੱਚ ਪਾਰਦਰਸ਼ਤਾ, ਨਿਰਪੱਖਤਾ ਅਤੇ ਜਵਾਬਦੇਹੀ ਜ਼ਰੂਰੀ ਹੈ, ਤਾਂ ਜੋ ਸੰਗਤ ਨੂੰ ਘਟਨਾ ਨਾਲ ਜੁੜੇ ਤੱਥਾਂ ਦੀ ਜਾਣਕਾਰੀ ਮਿਲ ਸਕੇ ਅਤੇ ਧਾਰਮਿਕ ਸੰਸਥਾ ਪ੍ਰਤੀ ਵਿਸ਼ਵਾਸ ਕਾਇਮ ਰਹੇ।

ਜਰਨੈਲ ਸਿੰਘ ਨੇ ਸਪੱਸ਼ਟ ਕੀਤਾ ਕਿ ਇਹ ਪੱਤਰ ਕਿਸੇ ਨਿੱਜੀ ਵਿਰੋਧ ਦੇ ਉਦੇਸ਼ ਨਾਲ ਨਹੀਂ ਲਿਖਿਆ ਗਿਆ, ਸਗੋਂ ਇਸ ਦਾ ਮਕਸਦ ਗੁਰੂ ਘਰ ਦੀ ਮਰਿਆਦਾ, ਸੰਗਤ ਦੇ ਸਤਿਕਾਰ ਅਤੇ DSGMC ਦੀ ਜਵਾਬਦੇਹੀ ਨਾਲ ਜੁੜੇ ਸਵਾਲਾਂ ਨੂੰ ਸਾਹਮਣੇ ਲਿਆਉਣਾ ਹੈ। ਉਨ੍ਹਾਂ ਕਿਹਾ ਕਿ ਧਾਰਮਿਕ ਸੰਸਥਾਵਾਂ ਨਾਲ ਜੁੜੇ ਅਹਿਮ ਮਾਮਲਿਆਂ ਵਿੱਚ ਪਾਰਦਰਸ਼ਤਾ ਅਤੇ ਸਪੱਸ਼ਟ ਜਵਾਬ ਬਹੁਤ ਜ਼ਰੂਰੀ ਹਨ।

ਉਨ੍ਹਾਂ ਕਿਹਾ, "ਗੁਰੂ ਘਰ ਦੀ ਮਰਿਆਦਾ ਕਿਸੇ ਵੀ ਸਿਆਸੀ ਪਾਰਟੀ ਤੋਂ ਉੱਪਰ ਹੈ। ਸੰਗਤ ਦੇ ਸਵਾਲਾਂ ਦਾ ਜਵਾਬ ਦੇਣਾ DSGMC ਦੇ ਹਰ ਮੈਂਬਰ ਦੀ ਜ਼ਿੰਮੇਵਾਰੀ ਹੈ।

# ਦਾ ਸੁਪੀਰੀਅਰ ਵਰਲਡ ਸਕੂਲ ਦੇ ਵਿਦਿਆਰਥੀਆਂ ਨੇ ਡਾਂਸ ਮੁਕਾਬਲੇ 'ਚ ਪਹਿਲਾ ਸਥਾਨ ਕੀਤਾ ਹਾਸਲ



**ਮਾਛੀਵਾੜਾ ਸਾਹਿਬ, 13 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮਾਛੀਵਾੜਾ ਸਾਹਿਬ ਦੀ ਸਿਰਕੱਢ ਵਿੱਦਿਅਕ ਸੰਸਥਾ ਦਾ ਸੁਪੀਰੀਅਰ ਵਰਲਡ ਸਕੂਲ ਦੇ ਹੋਣਹਾਰ ਵਿਦਿਆਰਥੀਆਂ ਨੇ ਲੁਧਿਆਣਾ ਈਸਟ-ਖੰਨਾ ਸਹੋਦਿਆ ਸਕੂਲ ਕੰਪਲੈਕਸ ਵੱਲੋਂ ਕਰਵਾਏ ਗਏ ਇੰਟਰ-ਸਕੂਲ ਸਹੋਦਿਆ ਲੋਕ/ਕਲਾਸੀਕਲ ਡਾਂਸ ਮੁਕਾਬਲੇ 'ਚ ਪਹਿਲਾ ਸਥਾਨ ਹਾਸਲ ਕਰਕੇ ਸਕੂਲ ਦਾ ਨਾਂ ਰੌਸ਼ਨ ਕੀਤਾ ਹੈ।

ਇਸ ਮੁਕਾਬਲੇ ਦਾ ਮੁੱਖ ਥੀਮ 'ਬੰਗਾਲੀ ਬਨਾਮ ਪੰਜਾਬੀ ਡਾਂਸ ਪੇਸ਼ਕਾਰੀ' ਸੀ ਜਿਸ ਵਿਚ ਵੱਖ-ਵੱਖ ਸਕੂਲਾਂ ਦੀਆਂ ਟੀਮਾਂ ਨੇ ਭਾਗ ਲਿਆ। ਦਾ ਸੁਪੀਰੀਅਰ ਵਰਲਡ ਸਕੂਲ ਦੇ ਵਿਦਿਆਰਥੀਆਂ ਨੇ ਆਪਣੀ ਸ਼ਾਨਦਾਰ ਪੇਸ਼ਕਾਰੀ ਨਾਲ ਦਰਸ਼ਕਾਂ ਦਾ ਮਨ ਮੋਹ ਲਿਆ ਅਤੇ ਪਹਿਲਾ ਸਥਾਨ ਪ੍ਰਾਪਤ ਕਰ ਟਰਾਫੀ ਨੂੰ ਹਾਸਲ ਕੀਤਾ। ਇਸ ਮੌਕੇ ਜੇਤੂ ਟੀਮ ਦੇ ਵਿਦਿਆਰਥੀ ਅਨਾਮਿਕਾ ਹੰਸ, ਪੀਹੂ ਖਨੇਜਾ, ਦਿਵਿਆਂਸ਼ੀ, ਰਿਮਝਿਮ, ਅਵਨੀਤ ਕੌਰ, ਰਹਿਮਤ ਕੌਰ, ਆਸ਼ਨਾ, ਜਸ਼ਨਦੀਪ ਅਵੈਪਾਲ ਅਤੇ ਯਸ਼ਿਕਾ ਜੈਨ ਸ਼ਾਮਲ ਸਨ ਜਦਕਿ ਲੜਕਿਆਂ ਵਿਚ ਜਤਿਨ ਅਭੈਪਾਲ, ਅਰਸ਼ਪ੍ਰੀਤ ਸਿੰਘ, ਤੋਸ਼ਨ ਰਾਜਪੂਤ, ਯੁੱਧਵੀਰ ਸਿੰਘ, ਗੁਰਨੂਰ ਸਿੰਘ ਭੱਟੀ, ਪ੍ਰਦੀਪ ਸਿੰਘ, ਜਸਕਰਨ ਸਿੰਘ, ਜਗਦੀਪ ਸਿੰਘ ਅਤੇ ਰੋਮਿਤ ਸਨ। ਸਕੂਲ ਪ੍ਰਿੰਸੀਪਲ ਰਸ਼ਮੀ ਸ਼ਰਮਾ ਨੇ ਜੇਤੂ ਟੀਮ ਦੀ ਹੌਂਸਲਾ ਅਫ਼ਜਾਈ ਕਰਦਿਆਂ ਕਿਹਾ ਕਿ ਇਨ੍ਹਾਂ ਵਿਦਿਆਰਥੀਆਂ ਨੂੰ ਡਾਂਸ ਸਿਖਾਉਣ ਵਿਚ ਕੋਰਿਓਗ੍ਰਾਫ਼ੀ ਟੀਮ ਭਜਨ, ਪ੍ਰੀਤੀ, ਮਨੋਜ ਅਤੇ ਜੈਸਮੀਨ ਨੇ ਅਹਿਮ ਯੋਗਦਾਨ ਪਾਇਆ। ਵਿਦਿਆਰਥੀਆਂ ਦੀਆਂ ਆਕਰਸ਼ਕ ਪੌਸ਼ਾਕਾਂ ਤਿਆਰ ਕਰਨ ਲਈ ਈ.ਟੀ. ਕਾਸਟਿਊਮ ਦੀ ਟੀਮ ਦੇ ਡੇਜ਼ੀ, ਗਗਨ, ਡਿੰਪਲ, ਜਸਵਿੰਦਰ ਕੌਰ ਅਤੇ ਜਯੋਤੀ ਦਾ ਵੀ ਧੰਨਵਾਦ ਕੀਤਾ ਗਿਆ। ਪ੍ਰਿੰਸੀਪਲ ਨੇ ਕਿਹਾ ਕਿ ਸਕੂਲ ਵਿਦਿਆਰਥੀਆਂ ਦੀ ਵੱਡੀ ਪ੍ਰਾਪਤੀ ਲਈ ਸਾਰੀ ਟੀਮ ਦੀ ਮਿਹਨਤ ਹੈ।

# ਰਾਮਲੀਲਾ ਦ੍ਰਿਸ਼ਾਂ ਨੇ ਦਰਸ਼ਕ ਕੀਲੇ

**ਮਾਛੀਵਾੜਾ ਸਾਹਿਬ, 13 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਇੰਦਰਾ ਕਲੋਨੀ ਸ਼੍ਰੀ ਮਾਛੀਵਾੜਾ ਸਾਹਿਬ ਵਿਖੇ ਕਾਰਵਾਈ ਜਾ ਰਹੀ ਬਾਲ ਰਾਮ ਲੀਲਾ ਦੀ ਚੌਥੀ ਰਾਤ ਛੋਟੇ ਛੋਟੇ ਕਲਾਕਾਰਾਂ ਦੀ ਕਲਾਕਾਰੀ ਨੇ ਦਰਸ਼ਕਾਂ ਦਾ ਮਨ ਮੋਹ ਲਿਆ। ਇਸ ਰਾਤ ਭਗਵਾਨ ਸ਼੍ਰੀ ਰਾਮ ਅਤੇ ਸੀਤਾ ਮਾਤਾ ਦੇ ਸਵੰਬਰ ਦੇ ਸੀਨ ਦਿਖਾਏ ਗਏ। ਇਸ ਮੌਕੇ ਡਾ. ਮਨਪ੍ਰੀਤ ਸਿੰਘ ਕੈਨੇਡਾ, ਗੁਰਦੀਪ ਸਿੰਘ, ਬਲਵੀਰ ਅਤੇ ਇੰਦਰਜੀਤ ਸਿੰਘ ਨੇ ਮੁੱਖ ਮਹਿਮਾਨ ਦੇ ਤੌਰ ਤੇ ਸ਼ਿਰਕਤ ਕੀਤੀ ਅਤੇ ਅਤੇ ਬਾਲ ਕਲਾਕਾਰਾ ਦੀ ਸ਼ਿਫਤ ਕਰਦਿਆਂ ਕਿਹਾ ਕੇ ਏਨੀਆਂ ਛੋਟੀਆਂ ਉਮਰਾਂ ਵਿੱਚ ਇੰਨੀ ਦਮਦਾਰ ਕਲਾਕਾਰੀ ਕਰਨਾ ਸੌਖਾ ਨਹੀਂ ਹੈ।

ਅਜਿਹੀਆਂ ਧਾਰਮਿਕ ਅਤੇ ਸੱਭਿਆਚਾਰਕ ਗਤੀਵਿਧੀਆਂ ਬੱਚਿਆ ਨੂੰ ਵਧੀਆ ਕਦਰਾਂ ਕੀਮਤਾਂ ਨਾਲ ਜੋੜਦੀਆਂ ਹਨ। ਇਸ ਮੌਕੇ ਓਹਨਾ ਦਾ ਬਾਲ ਰਾਮਲੀਲਾ ਕਮੇਟੀ ਦੇ ਪ੍ਰਧਾਨ ਸਤਪਾਲ ਸਿੰਘ ਵੱਲੋਂ ਸਨਮਾਨਤ ਕੀਤਾ ਗਿਆ ।ਇਸ ਮੌਕੇ ਪੂੰਨਣ ਮਹਿਰਾ,ਦੀਨਾ ਨਾਥ, ਜਗਮੋਹਨ ਮਹਿਰਾ ,ਗਗਨ ਮਹਿਰਾ,ਬੌਬੀ ਮਹਿਰਾ, ਚਰਨਜੀਤ ਸਿੰਘ, ਸੂਰਜ ਕੁਮਾਰ ਆਦਿ ਹਾਜਿਰ ਸਨ।



# ਹਰਿਆਣਾ ਖ਼ਬਰਨਾਮਾ



## ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਨਸ਼ਾ ਮੁਕਤ ਹਰਿਆਣਾ ਲਈ ਦਿੱਤੇ ਮੁੱਖ 7 ਸੰਕਲਪ, ਜਾਗਰੂਕਤਾ ਤੋਂ ਲੈ ਕੇ ਇਲਾਜ, ਮੁੜ ਵਸੇਬੇ ਅਤੇ ਨੌਜਵਾਨਾਂ ਨੂੰ ਸਕਾਰਾਤਮਕ ਗਤੀਵਿਧੀਆਂ ਨਾਲ ਜੋੜਨ ’ਤੇ ਵਿਸ਼ੇਸ਼ ਫੋਕਸ

**ਚੰਡੀਗੜ੍ਹ, 13 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਨੂੰ ਨਸ਼ਾ ਮੁਕਤ ਕਰਨ ਅਤੇ ਸੂਬੇ ਦੀ ਨੌਜਵਾਨ ਸ਼ਕਤੀ ਨੂੰ ਨਸ਼ਿਆਂ ਦੇ ਚੁੰਗਲ ਤੋਂ ਬਚਾਉਣ ਲਈ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਮੰਗਲਵਾਰ ਨੂੰ ‘ਸੰਕਲਪ’ ਸੁਸਾਇਟੀ ਦੀ ਪਹਿਲੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਨੌਜਵਾਨਾਂ ਦੇ ਭਵਿੱਖ ਦੀ ਰੱਖਿਆ ਲਈ ਇੱਕ ਵਿਆਪਕ ਅਤੇ ਤਾਲਮੇਲ ਵਾਲੀ ਰਣਨੀਤੀ ਬਣਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਨਸ਼ਿਆਂ ਵਿਰੁੱਧ ਸਰਕਾਰ ਦੇ ਨਾਲ-ਨਾਲ ਸਮਾਜ ਦੇ ਹਰ ਵਰਗ ਦੀ ਸਰਗਰਮ ਭਾਗੀਦਾਰੀ ਜ਼ਰੂਰੀ ਹੈ ਤਾਂ ਜੋ ਸੂਬੇ ਦੇ ਨੌਜਵਾਨਾਂ ਦਾ ਭਵਿੱਖ ਸੁਰੱਖਿਅਤ ਰਹੇ ਅਤੇ ਨਸ਼ੇ ਦੀ ਸਮੱਸਿਆ ’ਤੇ ਪ੍ਰਭਾਵਸ਼ਾਲੀ ਅੰਕੁਸ਼ ਲਗਾਇਆ ਜਾ ਸਕੇ।

ਮੁੱਖ ਮੰਤਰੀ ਨੇ ਸੂਬੇ ਨੂੰ ਨਸ਼ਾ ਮੁਕਤ ਬਣਾਉਣ ਲਈ ਸੱਤ ਪ੍ਰਮੁੱਖ ਸੰਕਲਪਾਂ ’ਤੇ ਵਿਸ਼ੇਸ਼ ਤੌਰ ’ਤੇ ਕੰਮ ਕਰਨ ਦੇ ਨਿਰਦੇਸ਼ ਦਿੱਤੇ। ਇਨ੍ਹਾਂ ਵਿੱਚ ਡਰੱਗ ਮੁਕਤ ਥਾਣਾ ਖੇਤਰ ਬਣਾਉਣਾ, ਤਸਕਰ ਮੁਕਤ ਜ਼ਿਲ੍ਹਾ ਯਕੀਨੀ ਕਰਨਾ, ਨਸ਼ੇ ਦੀਆਂ ਗੋਲੀਆਂ ਤੋਂ ਮੁਕਤ ਕੈਮਿਸਟ ਸ਼ਾਪ, ਨਸ਼ੇ ਵਿਰੁੱਧ ਪਰਿਵਾਰ ਦਾ ਸਹਿਯੋਗ, ਇਲਾਜ ਯੁਕਤ ਹਸਪਤਾਲ, ਸਹੂਲਤ ਯੁਕਤ ਸਕੂਲ, ਜਿੱਥੇ ਨਸ਼ੇ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕਤਾ, ਵਿਦਿਆਰਥੀਆਂ ਦੀ ਕੌਂਸਲਿੰਗ ਅਤੇ ਸੁਰੱਖਿਅਤ ਵਿਦਿਅਕ ਮਾਹੌਲ ਨੂੰ ਹੁਲਾਰਾ ਦੇਣਾ ਅਤੇ ਨੌਜਵਾਨਾਂ ਲਈ ਖੇਡਾਂ ਅਤੇ ਸਕਾਰਾਤਮਕ ਗਤੀਵਿਧੀਆਂ ਦੇ ਬਿਹਤਰ ਬਦਲ ਉਪਲਬਧ ਕਰਵਾਉਣਾ ਸ਼ਾਮਲ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਦਾ ਸਪੱਸ਼ਟ ਸੰਕਲਪ ਹੈ—‘ਨਸ਼ਾ ਮੁਕਤ ਹਰਿਆਣਾ, ਨੌਜਵਾਨਾਂ ਦੇ ਭਵਿੱਖ ਨੂੰ ਬਚਾਉਣਾ।’ ਉਨ੍ਹਾਂ ਨੇ ਨਿਰਦੇਸ਼ ਦਿੱਤੇ ਕਿ ਨਸ਼ਿਆਂ ਦੀ ਤਸਕਰੀ ਵਿਰੁੱਧ ਕਾਰਵਾਈ ਕਰਦੇ ਸਮੇਂ ਸਿਰਫ਼ ਨਸ਼ਾ ਵੇਚਣ ਵਾਲੇ ਵਿਅਕਤੀ ਤੱਕ ਹੀ ਸੀਮਤ ਨਾ ਰਿਹਾ ਜਾਵੇ, ਸਗੋਂ ਇਹ ਵੀ ਪਤਾ ਲਗਾਇਆ ਜਾਵੇ ਕਿ ਉਸ ਕੋਲ ਨਸ਼ੀਲੇ ਪਦਾਰਥ ਕਿੱਥੋਂ ਪਹੁੰਚੇ ਅਤੇ ਇਸ ਦੇ ਪਿੱਛੇ ਕਿਹੜਾ ਨੈੱਟਵਰਕ ਸਰਗਰਮ ਹੈ। ਨਸ਼ਿਆਂ ਦੀ ਸਪਲਾਈ ਦੇ ਸਰੋਤਾਂ ਅਤੇ ਤਸਕਰੀ ਦੇ ਨੈੱਟਵਰਕ ’ਤੇ ਸਖ਼ਤ ਨਿਗਰਾਨੀ ਰੱਖੀ ਜਾਵੇ। ਪੁਲਿਸ ਦੇ ਸਹਿਯੋਗ ਨਾਲ ਨਸ਼ਾ ਤਸਕਰਾਂ ਵਿਰੁੱਧ ਪ੍ਰਭਾਵਸ਼ਾਲੀ ਜਾਂਚ ਅਤੇ ਬਣਦੀ ਕਾਨੂੰਨੀ ਕਾਰਵਾਈ ਯਕੀਨੀ ਬਣਾਈ ਜਾਵੇ।

ਸੰਕਲਪ ਸੁਸਾਇਟੀ ਹਰ ਮਹੀਨੇ ਦੇਵੇਗੀ ਨਸ਼ਾ ਮੁਕਤੀ ਮੁਹਿੰਮ ਦੇ ਨਤੀਜਿਆਂ ਦੀ ਰਿਪੋਰਟ, ਹਰ ਅਧਿਕਾਰੀ ਦੀ ਜ਼ਿੰਮੇਵਾਰੀ ਹੋਵੇਗੀ ਤੈਅ

ਮੁੱਖ ਮੰਤਰੀ ਨੇ ਸਪੱਸ਼ਟ ਅਤੇ ਸਖ਼ਤ ਨਿਰਦੇਸ਼ ਦਿੱਤੇ ਕਿ ਸੰਕਲਪ ਸੁਸਾਇਟੀ ਨੂੰ ਹਰ ਮਹੀਨੇ ਆਪਣੇ ਕੰਮਾਂ ਦੇ ਠੋਸ ਨਤੀਜੇ ਪੇਸ਼ ਕਰਨੇ ਪੈਣਗੇ। ਇਹ ਵੀ ਮੁਲਾਂਕਣ ਕੀਤਾ ਜਾਵੇਗਾ ਕਿ ਨਸ਼ੇ ਦੀ ਉਪਲਬਧਤਾ ਘਟਾਉਣ, ਨੌਜਵਾਨਾਂ ਨੂੰ ਇਲਾਜ ਨਾਲ ਜੋੜਨ ਅਤੇ ਨਸ਼ੇ ਵੱਲ ਦੁਬਾਰਾ ਪਰਤਣ ਦੀ ਪ੍ਰਵਿਰਤੀ ਨੂੰ ਰੋਕਣ ਵਿੱਚ ਕਿੰਨੀ ਸਫ਼ਲਤਾ ਮਿਲੀ ਹੈ। ਉਨ੍ਹਾਂ ਕਿਹਾ ਕਿ ਹਰ ਪੱਧਰ ’ਤੇ ਜਵਾਬਦੇਹੀ ਤੈਅ ਹੋਣੀ ਚਾਹੀਦੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਮੈਰਾਥਨ, ਸਾਈਕਲੋਥੌਨ ਅਤੇ ਹੋਰ ਜਨ-ਜਾਗਰੂਕਤਾ ਗਤੀਵਿਧੀਆਂ ਰਾਹੀਂ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰ ਰਹੀ ਹੈ। ਪਰ ਮੁਹਿੰਮ ਦਾ ਉਦੇਸ਼ ਸਿਰਫ਼ ਜਾਗਰੂਕਤਾ ਫੈਲਾਉਣਾ ਨਹੀਂ, ਸਗੋਂ ਨਸ਼ੇ ਦੀ ਸਮੱਸਿਆ ਦਾ ਸਥਾਈ ਹੱਲ ਯਕੀਨੀ ਬਣਾਉਣਾ ਹੈ। ਸੰਕਲਪ ਸੁਸਾਇਟੀ ਨੂੰ ਇਹ ਵੀ ਨਿਗਰਾਨੀ ਕਰਨੀ ਪਵੇਗੀ ਕਿ ਕਿੰਨੇ ਨੌਜਵਾਨਾਂ ਨੂੰ ਨਸ਼ਾ ਮੁਕਤੀ ਕੇਂਦਰਾਂ ਤੱਕ ਪਹੁੰਚਾਇਆ ਗਿਆ, ਕਿੰਨੇ ਨੌਜਵਾਨਾਂ ਨੇ ਆਪਣਾ ਇਲਾਜ ਪੂਰਾ ਕੀਤਾ ਅਤੇ ਇਲਾਜ ਤੋਂ ਬਾਅਦ ਉਹ ਦੁਬਾਰਾ ਨਸ਼ਿਆਂ ਦੀ ਗ੍ਰਿਫ਼ਤ ਵਿੱਚ ਨਾ ਆਉਣ। ਇਸ ਦੇ ਲਈ ਇਲਾਜ ਦੇ ਨਾਲ-ਨਾਲ ਨਿਰੰਤਰ ਨਿਗਰਾਨੀ, ਮੁੜ ਵਸੇਬੇ ਅਤੇ ਪਰਿਵਾਰ ਦੇ ਸਹਿਯੋਗ ’ਤੇ ਵੀ ਵਿਸ਼ੇਸ਼ ਧਿਆਨ ਦੇਣਾ ਹੋਵੇਗਾ।

ਉਨ੍ਹਾਂ ਕਿਹਾ ਕਿ ਨਸ਼ੇ ਦੀ ਸਮੱਸਿਆ ਤੋਂ ਪ੍ਰਭਾਵਿਤ ਹਰ ਵਿਅਕਤੀ ਤੱਕ ਸਹਾਇਤਾ ਪਹੁੰਚੇ ਅਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਸਕਾਰਾਤਮਕ ਮੌਕੇ, ਸਹੀ ਸੇਧ ਅਤੇ ਅਨੁਕੂਲ ਮਾਹੌਲ ਮਿਲੇ। ਇਸੇ ਉਦੇਸ਼ ਲਈ ਸਰਕਾਰ ਨੇ ‘ਸੰਕਲਪ’ ਸੁਸਾਇਟੀ ਦਾ ਗਠਨ ਕੀਤਾ ਹੈ। ਇਸ ਤਹਿਤ ਗ੍ਰਹਿ, ਸਿਹਤ, ਸਿੱਖਿਆ, ਸਮਾਜਿਕ ਨਿਆਂ ਅਤੇ ਅਧਿਕਾਰਤਾ, ਮਹਿਲਾ ਅਤੇ ਬਾਲ ਵਿਕਾਸ ਅਤੇ ਹੋਰ ਸਬੰਧਤ ਵਿਭਾਗਾਂ ਵਿਚਕਾਰ ਬਿਹਤਰ ਤਾਲਮੇਲ ਸਥਾਪਤ ਕੀਤਾ ਜਾਵੇਗਾ, ਤਾਂ ਜੋ ਨਸ਼ਿਆਂ ਦੀ ਰੋਕਥਾਮ ਤੋਂ ਲੈ ਕੇ ਪੀੜਤਾਂ ਦੇ ਇਲਾਜ ਅਤੇ ਮੁੜ ਵਸੇਬੇ ਤੱਕ ਸਾਰੇ ਪੱਧਰਾਂ ’ਤੇ ਪ੍ਰਭਾਵਸ਼ਾਲੀ ਕਾਰਵਾਈ ਯਕੀਨੀ ਬਣਾਈ ਜਾ ਸਕੇ। ਮੁੱਖ ਮੰਤਰੀ ਨੇ ਕਿਹਾ ਕਿ ਹਰਿਆਣਾ ਦੇ ਨੌਜਵਾਨਾਂ ਵਿੱਚ ਅਪਾਰ ਸਮਰੱਥਾ ਹੈ ਅਤੇ ਉਨ੍ਹਾਂ ਨੂੰ ਸਹੀ ਦਿਸ਼ਾ, ਮੌਕੇ ਅਤੇ ਸਹਿਯੋਗ ਉਪਲਬਧ ਕਰਵਾਉਣਾ ਸਰਕਾਰ ਅਤੇ ਸਮਾਜ ਦੋਵਾਂ ਦੀ ਜ਼ਿੰਮੇਵਾਰੀ ਹੈ। ਨਸ਼ਿਆਂ ਵਿਰੁੱਧ ਇਸ ਲੜਾਈ ਵਿੱਚ ਪ੍ਰਸ਼ਾਸਕੀ ਯਤਨਾਂ ਦੇ ਨਾਲ-ਨਾਲ ਪਰਿਵਾਰਾਂ, ਅਧਿਆਪਕਾਂ, ਪੰਚਾਇਤਾਂ, ਸਮਾਜਿਕ ਸੰਸਥਾਵਾਂ ਅਤੇ ਜਨਤਕ ਪ੍ਰਤੀਨਿਧੀਆਂ ਨੂੰ ਵੀ ਆਪਣੀ ਭੂਮਿਕਾ ਨਿਭਾਉਣੀ ਪਵੇਗੀ। ਸਰਕਾਰ ਦਾ ਟੀਚਾ ਹੈ ਕਿ ਹਰਿਆਣਾ ਦਾ ਨੌਜਵਾਨ ਸਿਹਤਮੰਦ, ਜਾਗਰੂਕ, ਆਤਮਨਿਰਭਰ ਅਤੇ ਰਾਸ਼ਟਰ ਨਿਰਮਾਣ ਪ੍ਰਤੀ ਸਮਰਪਿਤ ਬਣੇ ਅਤੇ ਸੂਬਾ ਨਸ਼ਾਮੁਕਤ ਸਮਾਜ ਵੱਲ ਠੋਸ ਤਰੱਕੀ ਕਰੇ।

## ਪਰਾਲੀ ਨੂੰ ਅੱਗ ਨਾ ਲਗਾਈਏ, ਧਰਤੀ ਮਾਂ ਅਤੇ ਵਾਤਾਵਰਣ ਬਚਾਈਏ

**ਪਟਿਆਲਾ, 13 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਅਤੇ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਬਲਾਕ ਭੁੱਨਰਹੇੜੀ ਦੇ ਖੇਤੀਬਾੜੀ ਅਫਸਰ, ਮਨਦੀਪ ਸਿੰਘ ਦੀ ਅਗਵਾਈ ਹੇਠ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਤੋਂ ਰੋਕਣ ਖੇਤੀਬਾੜੀ ਵਿਭਾਗ ਵੱਲੋਂ ਛੰ (ਫ਼ਸਲਾਂ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ) ਮੁਹਿੰਮ ਤਹਿਤ ਸ਼੍ਰੀਮਤੀ ਬਲਵਿੰਦਰ ਕੌਰ ਖੇਤੀਬਾੜੀ ਵਿਸਥਾਰ ਅਫਸਰ ਵੱਲੋ ਸਰਕਾਰੀ ਸੀਨੀਅਰ ਸੈਕੰਡਰੀ ਬੁਆਇਜ਼ ਸਕੂਲ, ਸਨੌਰ ਵਿਖੇ ਵਿਦਿਆਰਥੀਆਂ ਨੂੰ ਪਰਾਲੀ ਸਾੜਨ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਲਈ ਇੱਕ ਵਿਸ਼ੇਸ਼ ਗਤੀਵਿਧੀ ਕਰਵਾਈ ਗਈ।ਇਸ ਮੌਕੇ ਵਿਦਿਆਰਥੀਆਂ ਨੂੰ ਪਰਾਲੀ ਸਾੜਨ ਨਾਲ ਹੋਣ ਵਾਲੇ ਹਵਾ ਪ੍ਰਦੂਸ਼ਣ, ਸਾਹ ਦੀਆਂ ਬਿਮਾਰੀਆਂ, ਮਿੱਟੀ ਦੀ ਉਪਜਾਊ ਸ਼ਕਤੀ ਵਿੱਚ ਕਮੀ ਅਤੇ ਮਿੱਟੀ ਵਿੱਚ ਮੌਜੂਦ ਲਾਭਦਾਇਕ ਸੂਖਮ ਜੀਵਾਂ ਦੇ ਨੁਕਸਾਨ ਬਾਰੇ ਜਾਣਕਾਰੀ ਦਿੱਤੀ ਗਈ। ਉਨ੍ਹਾਂ ਨੂੰ ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ ਇਸ ਦਾ ਸੁਚੱਜਾ ਪ੍ਰਬੰਧਨ ਕਰਨ ਅਤੇ ਵਾਤਾਵਰਣ ਪੱਖੀ ਖੇਤੀਬਾੜੀ ਤਰੀਕੇ ਅਪਣਾਉਣ ਲਈ ਪ੍ਰੇਰਿਤ ਕੀਤਾ ਗਿਆ।

ਵਿਦਿਆਰਥੀਆਂ ਨੂੰ ਦੱਸਿਆ ਗਿਆ ਕਿ ਪਰਾਲੀ ਨੂੰ ਖੇਤ ਵਿੱਚ ਹੀ ਵਾਹ ਕੇ ਮਿੱਟੀ ਵਿੱਚ ਮਿਲਾਉਣ ਅਤੇ ਹੋਰ ਯੋਗ ਤਰੀਕਿਆਂ ਰਾਹੀਂ ਇਸ ਦਾ ਪ੍ਰਬੰਧਨ ਕਰਨ ਨਾਲ ਮਿੱਟੀ ਦੀ ਸਿਹਤ ਵਿੱਚ ਸੁਧਾਰ ਕੀਤਾ ਜਾ ਸਕਦਾ ਹੈ ਅਤੇ ਵਾਤਾਵਰਣ ਨੂੰ ਪ੍ਰਦੂਸ਼ਿਤ ਹੋਣ ਤੋਂ ਬਚਾਇਆ ਜਾ ਸਕਦਾ ਹੈ।ਇਸ ਮੁਹਿੰਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਵਾਤਾਵਰਣ ਦੀ ਸੰਭਾਲ ਪ੍ਰਤੀ ਜਾਗਰੂਕ ਕਰਨਾ ਅਤੇ ਉਨ੍ਹਾਂ ਰਾਹੀਂ ਕਿਸਾਨਾਂ ਤੇ ਆਮ ਲੋਕਾਂ ਤੱਕ ਪਰਾਲੀ ਨਾ ਸਾੜਨ ਦਾ ਸੁਨੇਹਾ ਪਹੁੰਚਾਉਣਾ ਸੀ। ਵਿਦਿਆਰਥੀਆਂ ਨੂੰ ਆਪਣੇ ਪਰਿਵਾਰਾਂ ਅਤੇ ਆਲੇ-ਦੁਆਲੇ ਦੇ ਲੋਕਾਂ ਨੂੰ ਵੀ ਪਰਾਲੀ ਦੇ ਸੁਚੱਜੇ ਪ੍ਰਬੰਧਨ ਲਈ ਪ੍ਰੇਰਿਤ ਕਰਨ ਵਾਸਤੇ ਉਤਸ਼ਾਹਿਤ ਕੀਤਾ ਗਿਆ।ਖੇਤੀਬਾੜੀ ਵਿਭਾਗ ਵੱਲੋਂ ਕਿਸਾਨਾਂ ਅਤੇ ਵਿਦਿਆਰਥੀਆਂ ਨੂੰ ਜਾਗਰੂਕ ਕਰਨ ਲਈ ਅਜਿਹੀਆਂ ਗਤੀਵਿਧੀਆਂ ਰਾਹੀਂ ਲਗਾਤਾਰ ਯਤਨ ਕੀਤੇ ਜਾ ਰਹੇ ਹਨ, ਤਾਂ ਜੋ ਸਾਫ਼-ਸੁਥਰੇ ਵਾਤਾਵਰਣ, ਸਿਹਤਮੰਦ ਮਿੱਟੀ ਅਤੇ ਹਰਿਆ-ਭਰਿਆ ਪੰਜਾਬ ਬਣਾਉਣ ਦੇ ਟੀਚੇ ਨੂੰ ਪ੍ਰਾਪਤ ਕੀਤਾ ਜਾ ਸਕੇ।

## ਹਰਿਆਣਾ ਵਿੱਚ ਮਰਦਮਸ਼ੁਮਾਰੀ-2027 ਦਾ ਪਹਿਲਾ ਪੜਾਅ ਪੂਰਾ, ਦੂਜੇ ਦੀਆਂ ਤਿਆਰੀਆਂ ਤੇਜ਼

**ਚੰਡੀਗੜ੍ਹ, 13 ਅਕਤੂਬਰ**
**-ਜੀ. ਐਸ. ਤੁੰਗ-**

ਹਰਿਆਣਾ ਨੇ ਮਰਦਮਸ਼ੁਮਾਰੀ-2027 ਦਾ ਪਹਿਲਾ ਪੜਾਅ ਪੂਰੀ ਤਰ੍ਹਾਂ ਡਿਜੀਟਲ ਮਾਧਿਅਮ ਨਾਲ ਸਫ਼ਲਤਾਪੂਰਵਕ ਪੂਰਾ ਕਰ ਲਿਆ ਹੈ। ਇਸ ਦੌਰਾਨ 23 ਜ਼ਿਲ੍ਹਿਆਂ ਅਤੇ 11 ਨਗਰ ਨਿਗਮਾਂ ਵਿੱਚ 51,907 ਮਕਾਨ ਸੂਚੀਕਰਨ ਬਲਾਕਾਂ ਨੂੰ ਸਫ਼ਲਤਾਪੂਰਵਕ ਕਵਰ ਕਰਨ ਤੋਂ ਬਾਅਦ, ਹਰਿਆਣਾ ਹੁਣ ਜਨਸੰਖਿਆ ਗਣਨਾ ਦੇ ਦੂਜੇ ਪੜਾਅ ਦੀਆਂ ਤਿਆਰੀਆਂ ਵਿੱਚ ਜੁੱਟ ਗਿਆ ਹੈ। ਦੂਜੇ ਪੜਾਅ ਵਿੱਚ 23 ਜ਼ਿਲ੍ਹਿਆਂ ਦੇ ਅੰਤਰਗਤ ਆਉਣ ਵਾਲੇ 6,522 ਪਿੰਡਾਂ ਅਤੇ 88 ਕਸਬਿਆਂ ਵਿੱਚ ਲਗਭਗ 70,000 ਗਣਨਾ ਬਲਾਕਾਂ ਨੂੰ ਕਵਰ ਕੀਤਾ ਜਾਵੇਗਾ। ਇਸ ਕਾਰਜ ਲਈ ਰਾਖਵੇਂ ਕਰਮਚਾਰੀਆਂ ਸਮੇਤ ਲਗਭਗ 74,800 ਗਣਨਾਕਾਰਾਂ (ਪ੍ਰਗਣਕਾਂ) ਅਤੇ 12,650 ਸੁਪਰਵਾਈਜ਼ਰਾਂ (ਪ੍ਰਤੱਖਦਰਸ਼ੀਆਂ) ਦੀ ਤੈਨਾਤੀ ਪ੍ਰਸਤਾਵਿਤ ਹੈ। ਪੂਰੀ ਪ੍ਰਕਿਰਿਆ 34 ਪ੍ਰਧਾਨ ਮਰਦਮਸ਼ੁਮਾਰੀ ਅਧਿਕਾਰੀਆਂ ਦੀ ਨਿਗਰਾਨੀ ਹੇਠ 203 ਮਰਦਮਸ਼ੁਮਾਰੀ ਚਾਰਜਾਂ ਰਾਹੀਂ ਸੰਚਾਲਿਤ ਕੀਤੀ ਜਾਵੇਗੀ।

ਮਾਲ ਅਤੇ ਆਫ਼ਤ ਪ੍ਰਬੰਧਨ ਵਿਭਾਗ ਦੀ ਵਿੱਤ ਕਮਿਸ਼ਨਰ ਅਤੇ ਵਧੀਕ ਮੁੱਖ ਸਕੱਤਰ ਡਾ. ਸੁਮਿਤਾ ਮਿਸ਼ਰਾ, ਜੋ ਮਰਦਮਸ਼ੁਮਾਰੀ-2027 ਦੀ ਰਾਜ ਨੋਡਲ ਅਧਿਕਾਰੀ ਵੀ ਹਨ, ਨੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਨਿਰਦੇਸ਼ ਦਿੱਤੇ ਹਨ ਕਿ ਸੌ-ਫੀਸਦੀ ਜਨਸੰਖਿਆ ਕਵਰੇਜ ਯਕੀਨੀ ਬਣਾਈ ਜਾਵੇ। ਇਸ ਦੌਰਾਨ ਨਾ ਤਾਂ ਕੋਈ ਵਿਅਕਤੀ ਛੁੱਟਣ ਪਾਵੇ ਅਤੇ ਨਾ ਹੀ ਦੋਹਰੀ ਗਣਨਾ ਦੀ ਕੋਈ ਸੰਭਾਵਨਾ ਰਹੇ। ਇਸ ਲਈ ਸਖ਼ਤ ਜਵਾਬਦੇਹੀ ਤੈਅ ਕੀਤੀ ਜਾਵੇ ਅਤੇ ਸਾਰੀਆਂ ਜ਼ਰੂਰੀ ਤਿਆਰੀਆਂ ਨਿਰਧਾਰਿਤ ਸਮਾਂ-ਸੀਮਾ ਵਿੱਚ ਪੂਰੀਆਂ ਕੀਤੀਆਂ ਜਾਣ।

ਡਾ. ਸੁਮਿਤਾ ਮਿਸ਼ਰਾ ਨੇ ਇਹ ਨਿਰਦੇਸ਼ ਅੱਜ ਇੱਥੇ ਪ੍ਰਧਾਨ ਮਰਦਮਸ਼ੁਮਾਰੀ ਅਧਿਕਾਰੀਆਂ ਦੇ ਇੱਕ ਰੋਜ਼ਾ ਸੰਮੇਲਨ ਵਿੱਚ ਦਿੱਤੇ। ਸੰਮੇਲਨ ਵਿੱਚ ਜਨਸੰਖਿਆ ਗਣਨਾ ਤੋਂ ਪਹਿਲਾਂ ਸੰਚਾਲਨ ਸਬੰਧੀ ਤਿਆਰੀਆਂ, ਡਿਜੀਟਲ ਮਾਧਿਅਮ ਨਾਲ ਅੰਕੜੇ ਇਕੱਠੇ ਕਰਨ, ਕਰਮਚਾਰੀਆਂ ਦੀ ਤੈਨਾਤੀ, ਖੇਤਰੀ ਨਿਗਰਾਨੀ ਅਤੇ ਵੱਖ-ਵੱਖ ਵਿਭਾਗਾਂ ਵਿਚਕਾਰ ਤਾਲਮੇਲ ’ਤੇ ਚਰਚਾ ਕੀਤੀ ਗਈ।

ਵਿੱਤ ਕਮਿਸ਼ਨਰ ਅਤੇ ਵਧੀਕ ਮੁੱਖ ਸਕੱਤਰ ਡਾ. ਸੁਮਿਤਾ ਮਿਸ਼ਰਾ ਨੇ ਕਿਹਾ ਕਿ ਮਰਦਮਸ਼ੁਮਾਰੀ-2027 ਰਾਸ਼ਟਰ ਨਿਰਮਾਣ, ਵਿਕਾਸ ਦੀ ਯੋਜਨਾ ਤਿਆਰ ਕਰਨ ਅਤੇ ਪ੍ਰਭਾਵੀ ਸ਼ਾਸਨ ਵਿਵਸਥਾ ਨਾਲ ਜੁੜੀ ਇੱਕ ਮਹੱਤਵਪੂਰਨ ਰਾਸ਼ਟਰੀ ਜ਼ਿੰਮੇਵਾਰੀ ਹੈ। ਉਨ੍ਹਾਂ ਨੇ ਡਿਪਟੀ ਕਮਿਸ਼ਨਰਾਂ ਨੂੰ ਨਿਰਦੇਸ਼ ਦਿੱਤੇ ਕਿ ਉਹ ਤਿਆਰੀਆਂ ਦੀ ਨਿੱਜੀ ਰੂਪ ਵਿੱਚ ਨਿਗਰਾਨੀ ਕਰਨ, ਚਾਰਜ ਅਧਿਕਾਰੀਆਂ ਨਾਲ ਨਿਯਮਿਤ ਸਮੀਖਿਆ ਮੀਟਿੰਗਾਂ ਕਰਨ ਅਤੇ ਜਨਸੰਖਿਆ ਗਣਨਾ ਸ਼ੁਰੂ ਹੋਣ ਤੋਂ ਪਹਿਲਾਂ ਸੰਭਾਵਿਤ ਸੰਚਾਲਨ ਸਬੰਧੀ ਔਕੜਾਂ ਦੀ ਪਛਾਣ ਕਰਕੇ ਉਨ੍ਹਾਂ ਦਾ ਹੱਲ ਯਕੀਨੀ ਬਣਾਉਣ।

ਸੰਮੇਲਨ ਨੂੰ ਸੰਬੋਧਨ ਕਰਦਿਆਂ ਵਿੱਤ ਕਮਿਸ਼ਨਰ ਮਾਲ ਅਤੇ ਵਧੀਕ ਮੁੱਖ ਸਕੱਤਰ ਡਾ. ਸੁਮਿਤਾ ਮਿਸ਼ਰਾ ਨੇ ਕਿਹਾ ਕਿ ਪਹਿਲੇ ਪੜਾਅ ਦੀ ਸਫ਼ਲਤਾ ਹਰਿਆਣਾ ਦੇ ਅਧਿਕਾਰੀਆਂ ਦੇ ਸਮਰਪਣ ਅਤੇ ਤਾਲਮੇਲ ਵਾਲੇ ਯਤਨਾਂ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਮਰਦਮਸ਼ੁਮਾਰੀ ਦੇ ਅੰਕੜਿਆਂ ਦੀ ਗੁਣਵੱਤਾ ਜ਼ਿਲ੍ਹਾ ਪੱਧਰ ’ਤੇ ਅਧਿਕਾਰੀਆਂ ਦੀ ਗੰਭੀਰਤਾ, ਲੀਡਰਸ਼ਿਪ ਅਤੇ ਖੇਤਰੀ ਨਿਗਰਾਨੀ ’ਤੇ ਕਾਫ਼ੀ ਹੱਦ ਤੱਕ ਨਿਰਭਰ ਕਰਦੀ ਹੈ। ਡਿਪਟੀ ਕਮਿਸ਼ਨਰਾਂ ਦੀ ਭੂਮਿਕਾ ਇਸ ਪ੍ਰਕਿਰਿਆ ਦੀ ਸਟੀਕਤਾ ਅਤੇ ਵਿਸ਼ਵਾਸਯੋਗਤਾ ਯਕੀਨੀ ਬਣਾਉਣ ਵਿੱਚ ਫੈਸਲਾਕੁੰਨ ਹੋਵੇਗੀ।

ਡਾ. ਮਿਸ਼ਰਾ ਨੇ ਕਿਹਾ ਕਿ ਅਧਿਕਾਰੀ ਮਰਦਮਸ਼ੁਮਾਰੀ ਦੇ ਕੰਮ ਨੂੰ ਵਾਧੂ ਵਿਭਾਗੀ ਜ਼ਿੰਮੇਵਾਰੀ ਦੀ ਬਜਾਏ ਪ੍ਰਾਥਮਿਕਤਾ ਵਾਲਾ ਕੰਮ ਮੰਨਣ ਅਤੇ ਤਿਆਰੀਆਂ ਦੀ ਨਿੱਜੀ ਜ਼ਿੰਮੇਵਾਰੀ ਲੈਣ। ਉਨ੍ਹਾਂ ਕਿਹਾ ਕਿ ਦੁਰਗਮ ਖੇਤਰਾਂ, ਤੇਜ਼ੀ ਨਾਲ ਵਿਕਸਿਤ ਹੋ ਰਹੀਆਂ ਰਿਹਾਇਸ਼ੀ ਬਸਤੀਆਂ, ਸ਼ਹਿਰੀ ਅਤੇ ਝੁੱਗੀ-ਝੌਂਪੜੀ ਵਾਲੇ ਇਲਾਕਿਆਂ ਅਤੇ ਪ੍ਰਵਾਸੀ ਆਬਾਦੀ ਵਾਲੇ ਖੇਤਰਾਂ ’ਤੇ ਵਿਸ਼ੇਸ਼ ਧਿਆਨ ਦਿੱਤਾ ਜਾਵੇ। ਕਿਸੇ ਵੀ ਵਿਅਕਤੀ ਜਾਂ ਪਰਿਵਾਰ ਦੇ ਛੁੱਟਣ ਦੀ ਸੰਭਾਵਨਾ ਨੂੰ ਖ਼ਤਮ ਕਰਨ ਲਈ ਪਹਿਲਾਂ ਤੋਂ ਵਿਆਪਕ ਕਾਰਜ-ਯੋਜਨਾ ਤਿਆਰ ਕੀਤੀ ਜਾਣੀ ਚਾਹੀਦੀ ਹੈ।

ਉਨ੍ਹਾਂ ਸਪੱਸ਼ਟ ਕੀਤਾ ਕਿ ਮਰਦਮਸ਼ੁਮਾਰੀ ਦੌਰਾਨ ਕਵਰੇਜ, ਸਟੀਕਤਾ ਅਤੇ ਗੁਪਤਤਾ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸੰਭਾਵਿਤ ਕਮੀਆਂ ਦੀ ਪਛਾਣ ਕਰਨ, ਦੋਹਰੀ ਗਣਨਾ ਰੋਕਣ ਅਤੇ ਖੇਤਰੀ ਨਿਗਰਾਨੀ ਮਜ਼ਬੂਤ ਕਰਨ ਲਈ ਤਕਨਾਲੋਜੀ ਅਤੇ ਉਪਲਬਧ ਪ੍ਰਸ਼ਾਸਨਿਕ ਜਾਣਕਾਰੀਆਂ ਦੀ ਪ੍ਰਭਾਵੀ ਵਰਤੋਂ ਕੀਤੀ ਜਾਵੇ।

ਵਿੱਤ ਕਮਿਸ਼ਨਰ ਨੇ ਮਰਦਮਸ਼ੁਮਾਰੀ ਡਿਊਟੀ ਤੋਂ ਛੋਟ ਮੰਗਣ ਵਾਲੀਆਂ ਅਰਜ਼ੀਆਂ ਦੀ ਸਖ਼ਤੀ ਨਾਲ ਜਾਂਚ ਕਰਨ ’ਤੇ ਵੀ ਜ਼ੋਰ ਦਿੱਤਾ। ਇਸ ਵਿੱਚ ਉਨ੍ਹਾਂ ਕਰਮਚਾਰੀਆਂ ਦੀਆਂ ਬੇਨਤੀਆਂ ਵੀ ਸ਼ਾਮਲ ਹੋਣਗੀਆਂ, ਜਿਨ੍ਹਾਂ ਨੇ ਪਹਿਲੇ ਪੜਾਅ ਵਿੱਚ ਆਪਣੀ ਡਿਊਟੀ ਪੂਰੀ ਕੀਤੀ ਹੈ। ਉਨ੍ਹਾਂ ਕਿਹਾ ਕਿ ਮਰਦਮਸ਼ੁਮਾਰੀ ਦੀ ਸਫ਼ਲਤਾ ਲਈ ਇਹ ਜ਼ਰੂਰੀ ਹੈ ਕਿ ਸਮਰੱਥ ਕਰਮਚਾਰੀਆਂ ਦੀ ਚੋਣ ਕੀਤੀ ਜਾਵੇ ਅਤੇ ਉਨ੍ਹਾਂ ਨੂੰ ਸਮੇਂ ਸਿਰ ਸਿਖਲਾਈ ਦਿੱਤੀ ਜਾਵੇ।

ਡਾ. ਮਿਸ਼ਰਾ ਨੇ ਦੱਸਿਆ ਕਿ ਦੂਜੇ ਪੜਾਅ ਦੀਆਂ ਤਿਆਰੀਆਂ ਸ਼ੁਰੂ ਹੋ ਚੁੱਕੀਆਂ ਹਨ ਅਤੇ ਪ੍ਰਧਾਨ ਮਰਦਮਸ਼ੁਮਾਰੀ ਅਧਿਕਾਰੀਆਂ ਦੇ ਸੰਮੇਲਨ ਵਿੱਚ ਸਿਖਲਾਈ ਪ੍ਰਕਿਰਿਆ ਵੀ ਆਰੰਭ ਹੋ ਗਈ ਹੈ। ਅੱਗੇ ਚਾਰਜ ਅਧਿਕਾਰੀਆਂ, ਮਾਸਟਰ ਟ੍ਰੇਨਰਾਂ, ਫੀਲਡ ਟ੍ਰੇਨਰਾਂ, ਗਣਨਾਕਾਰਾਂ ਅਤੇ ਸੁਪਰਵਾਈਜ਼ਰਾਂ ਨੂੰ ਸਿਖਲਾਈ ਦਿੱਤੀ ਜਾਵੇਗੀ, ਤਾਂ ਜੋ ਸਾਰੇ ਕਰਮਚਾਰੀ ਆਪਣੀਆਂ ਜ਼ਿੰਮੇਵਾਰੀਆਂ, ਨਿਰਧਾਰਿਤ ਪ੍ਰਕਿਰਿਆਵਾਂ ਅਤੇ ਸਮਾਂ-ਸੀਮਾ ਤੋਂ ਪੂਰੀ ਤਰ੍ਹਾਂ ਜਾਣੂ ਹੋਣ।

ਉਨ੍ਹਾਂ ਚਾਰਜ ਅਧਿਕਾਰੀਆਂ ਨੂੰ ਖੇਤਰੀ ਕਰਮਚਾਰੀਆਂ ਨਾਲ ਨਿਯਮਿਤ ਸੰਪਰਕ ਬਣਾਏ ਰੱਖਣ ਅਤੇ ਸਮੱਸਿਆਵਾਂ ਦੀ ਪਛਾਣ ਤੇ ਸਮੇਂ ਸਿਰ ਹੱਲ ਲਈ ਸੁਪਰਵਾਈਜ਼ਰਾਂ ਨਾਲ ਹਫ਼ਤਾਵਾਰੀ ਮੀਟਿੰਗਾਂ ਕਰਨ ਦੇ ਨਿਰਦੇਸ਼ ਦਿੱਤੇ। ਜਨ-ਭਾਗੀਦਾਰੀ ਨੂੰ ਮਰਦਮਸ਼ੁਮਾਰੀ ਦੀ ਸਫ਼ਲਤਾ ਦਾ ਮਹੱਤਵਪੂਰਨ ਆਧਾਰ ਦੱਸਦਿਆਂ ਡਾ. ਮਿਸ਼ਰਾ ਨੇ ਡਿਪਟੀ ਕਮਿਸ਼ਨਰਾਂ ਨੂੰ ਵਿਆਪਕ ਜਨ-ਜਾਗਰੂਕਤਾ ਮੁਹਿੰਮ ਚਲਾਉਣ ਅਤੇ ਅਫ਼ਵਾਹਾਂ ਤੇ ਭੁਲੇਖਾਪਾਊ ਜਾਣਕਾਰੀਆਂ ਦਾ ਤੱਥਪੂਰਨ ਜਾਣਕਾਰੀ ਰਾਹੀਂ ਸਮੇਂ ਸਿਰ ਖੰਡਨ ਕਰਨ ਦੇ ਨਿਰਦੇਸ਼ ਦਿੱਤੇ।

ਉਨ੍ਹਾਂ ਦੱਸਿਆ ਕਿ ਰਾਜ ਸਰਕਾਰ ਸੋਸ਼ਲ ਮੀਡੀਆ, ਸਿੱਖਿਆ ਸੰਸਥਾਵਾਂ, ਗ੍ਰਾਮ ਪੰਚਾਇਤਾਂ, ਰੈਜ਼ੀਡੈਂਟ ਵੈੱਲਫੇਅਰ ਐਸੋਸੀਏਸ਼ਨਾਂ, ਕੰਧ ਲੇਖਣ (ਦੀਵਾਰ ਲੇਖਣ) ਅਤੇ ਰਵਾਇਤੀ ਜਨ-ਉਦਘੋਸ਼ਣਾ ਮਾਧਿਅਮਾਂ ਰਾਹੀਂ ਸ਼ਹਿਰੀ ਅਤੇ ਗ੍ਰਾਮੀਣ ਖੇਤਰਾਂ ਦੇ ਪਰਿਵਾਰਾਂ ਤੱਕ ਪਹੁੰਚ ਬਣਾਉਣ ਦੀ ਯੋਜਨਾ ’ਤੇ ਕੰਮ ਕਰ ਰਹੀ ਹੈ। ਗੀਤਾ ਜਯੰਤੀ ਅਤੇ ਸੂਰਜਕੁੰਡ ਮੇਲੇ ਵਰਗੇ ਵੱਡੇ ਜਨਤਕ ਆਯੋਜਨਾਂ ਦਾ ਵੀ ਮਰਦਮਸ਼ੁਮਾਰੀ-2027 ਪ੍ਰਤੀ ਜਾਗਰੂਕਤਾ ਵਧਾਉਣ ਅਤੇ ਨਾਗਰਿਕਾਂ ਨੂੰ ਸਵੈ-ਗਣਨਾ ਲਈ ਉਤਸ਼ਾਹਿਤ ਕਰਨ ਵਿੱਚ ਵਰਤੋਂ ਕੀਤਾ ਜਾਵੇਗਾ।

ਵਿੱਤ ਕਮਿਸ਼ਨਰ ਨੇ ਮਰਦਮਸ਼ੁਮਾਰੀ ਕਰਮਚਾਰੀਆਂ ਦੀਆਂ ਸਹੂਲਤਾਂ ਅਤੇ ਕੰਮ ਸਬੰਧੀ ਤਿਆਰੀਆਂ ’ਤੇ ਵੀ ਵਿਸ਼ੇਸ਼ ਜ਼ੋਰ ਦਿੱਤਾ। ਉਨ੍ਹਾਂ ਜ਼ਿਲ੍ਹਾ ਪ੍ਰਸ਼ਾਸਨ ਨੂੰ ਢੁਕਵੀਆਂ ਸਿਖਲਾਈ ਸਹੂਲਤਾਂ, ਸੁਰੱਖਿਆ ਵਿਵਸਥਾ, ਜ਼ਰੂਰੀ ਸਰੋਤ ਅਤੇ ਪ੍ਰਸ਼ਾਸਨਿਕ ਸਹਾਇਤਾ ਉਪਲਬਧ ਕਰਵਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਬਕਾਇਆ ਮਾਣਭੱਤੇ ਦਾ ਜਲਦੀ ਭੁਗਤਾਨ ਯਕੀਨੀ ਬਣਾਉਣ ਲਈ ਕਿਹਾ, ਤਾਂ ਜੋ ਮਰਦਮਸ਼ੁਮਾਰੀ ਦੇ ਕੰਮ ਵਿੱਚ ਲੱਗੇ ਕਰਮਚਾਰੀਆਂ ਨੂੰ ਅਣਚਾਹੀਆਂ ਔਕੜਾਂ ਦਾ ਸਾਹਮਣਾ ਨਾ ਕਰਨਾ ਪਵੇ। ਗਣਨਾਕਾਰਾਂ ਅਤੇ ਸੁਪਰਵਾਈਜ਼ਰਾਂ ਨੂੰ ਦੋਵਾਂ ਪੜਾਵਾਂ ਲਈ ਕੁੱਲ 25,000 ਰੁਪਏ ਮਾਣਭੱਤਾ ਦੇਣ ਦੀ ਵਿਵਸਥਾ ਹੈ। ਇਸ ਵਿੱਚ ਮਕਾਨ ਸੂਚੀਕਰਨ ਦੇ ਕੰਮ ਲਈ 9,000 ਰੁਪਏ ਅਤੇ ਜਨਸੰਖਿਆ ਗਣਨਾ ਲਈ 16,000 ਰੁਪਏ ਸ਼ਾਮਲ ਹਨ।

ਡਾ. ਮਿਸ਼ਰਾ ਨੇ ਕਿਹਾ ਕਿ ਮਰਦਮਸ਼ੁਮਾਰੀ ਦੌਰਾਨ ਇਕੱਠੀ ਕੀਤੀ ਗਈ ਨਿੱਜੀ ਜਾਣਕਾਰੀ ਦੀ ਗੁਪਤਤਾ ਮਰਦਮਸ਼ੁਮਾਰੀ ਐਕਟ, 1948 ਅਤੇ ਨਿਰਧਾਰਿਤ ਪ੍ਰਕਿਰਿਆਵਾਂ ਅਨੁਸਾਰ ਸਖ਼ਤੀ ਨਾਲ ਸੁਰੱਖਿਅਤ ਰੱਖੀ ਜਾਣੀ ਚਾਹੀਦੀ ਹੈ। ਉਨ੍ਹਾਂ ਰਾਜਸਵ, ਸਿੱਖਿਆ, ਪੁਲਿਸ, ਸਿਹਤ, ਮਹਿਲਾ ਤੇ ਬਾਲ ਵਿਕਾਸ, ਸ਼ਹਿਰੀ ਸਥਾਨਕ ਨਿਗਮਾਂ, ਪੰਚਾਇਤੀ ਰਾਜ ਸੰਸਥਾਵਾਂ, ਸੂਚਨਾ ਤਕਨਾਲੋਜੀ ਅਤੇ ਲੋਕ ਸੰਪਰਕ ਵਿਭਾਗਾਂ ਵਿਚਕਾਰ ਪ੍ਰਭਾਵੀ ਤਾਲਮੇਲ ਯਕੀਨੀ ਬਣਾਉਣ ’ਤੇ ਵੀ ਜ਼ੋਰ ਦਿੱਤਾ, ਤਾਂ ਜੋ ਪ੍ਰਸ਼ਾਸਨਿਕ ਰੁਕਾਵਟਾਂ ਨੂੰ ਦੂਰ ਕਰਕੇ ਖੇਤਰੀ ਕੰਮ ਬਿਨਾ ਰੁਕਾਵਟ ਪੂਰਾ ਕੀਤਾ ਜਾ ਸਕੇ।

ਹਰਿਆਣਾ ਦੇ ਮਰਦਮਸ਼ੁਮਾਰੀ ਸੰਚਾਲਨ ਨਿਰਦੇਸ਼ਕ ਡਾ. ਲਲਿਤ ਜੈਨ ਨੇ ਅਧਿਕਾਰੀਆਂ ਨੂੰ ਤਕਨੀਕੀ ਅਤੇ ਸੰਚਾਲਨ ਸਬੰਧੀ ਤਿਆਰੀਆਂ ਦੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਮਰਦਮਸ਼ੁਮਾਰੀ-2027 ਭਾਰਤ ਦੀ ਪਹਿਲੀ ਪੂਰੀ ਤਰ੍ਹਾਂ ਡਿਜੀਟਲ ਮਰਦਮਸ਼ੁਮਾਰੀ ਹੋਵੇਗੀ। ਗਣਨਾਕਾਰ ਸਮਾਰਟਫ਼ੋਨ ’ਤੇ ਵਿਸ਼ੇਸ਼ ਮੋਬਾਈਲ ਐਪਲੀਕੇਸ਼ਨ ਰਾਹੀਂ ਜਨਸੰਖਿਆ ਸਬੰਧੀ ਜਾਣਕਾਰੀ ਇਕੱਠੀ ਕਰਨਗੇ, ਜਦੋਂ ਕਿ ਮਰਦਮਸ਼ੁਮਾਰੀ ਪ੍ਰਬੰਧਨ ਅਤੇ ਨਿਗਰਾਨੀ ਪ੍ਰਣਾਲੀ (ਸੀ.ਐੱਮ.ਐੱਮ.ਐੱਸ.) ਰਾਹੀਂ ਖੇਤਰੀ ਕੰਮਾਂ, ਪ੍ਰਸ਼ਾਸਨਿਕ ਪ੍ਰਗਤੀ ਅਤੇ ਮਰਦਮਸ਼ੁਮਾਰੀ ਨਾਲ ਜੁੜੇ ਕਰਮਚਾਰੀਆਂ ਵਿਚਕਾਰ ਤਾਲਮੇਲ ਦੀ ਨਿਗਰਾਨੀ ਕੀਤੀ ਜਾਵੇਗੀ।

ਉਨ੍ਹਾਂ ਦੱਸਿਆ ਕਿ ਨਾਗਰਿਕ 10 ਜਨਵਰੀ ਤੋਂ 24 ਜਨਵਰੀ, 2027 ਤੱਕ ਸਵੈ-ਗਣਨਾ ਪੋਰਟਲ ਰਾਹੀਂ ਆਨਲਾਈਨ ਆਪਣੀ ਜਾਣਕਾਰੀ ਦਰਜ ਕਰ ਸਕਣਗੇ। ਘਰ-ਘਰ ਜਾ ਕੇ ਜਨਸੰਖਿਆ ਗਣਨਾ 25 ਜਨਵਰੀ ਤੋਂ 28 ਫ਼ਰਵਰੀ, 2027 ਤੱਕ ਕੀਤੀ ਜਾਵੇਗੀ। ਇਸ ਤੋਂ ਬਾਅਦ 1 ਮਾਰਚ ਤੋਂ 5 ਮਾਰਚ ਤੱਕ ਪੰਜ ਦਿਨਾਂ ਦੁਹਰਾਈ (ਪੁਨਰੀਖਣ) ਮੁਹੱਮ ਪ੍ਰਸਤਾਵਿਤ ਹੈ, ਜਿਸ ਦੌਰਾਨ ਛੁੱਟੇ ਹੋਏ ਵਿਅਕਤੀਆਂ ਦੀ ਪਛਾਣ, ਤਰੁੱਟੀਆਂ ਦਾ ਸੁਧਾਰ ਅਤੇ ਵਿਆਪਕ ਕਵਰੇਜ ਯਕੀਨੀ ਬਣਾਇਆ ਜਾਵੇਗਾ। ਮਰਦਮਸ਼ੁਮਾਰੀ ਦੀ ਸੰਦਰਭ ਮਿਤੀ ਅਤੇ ਸਮਾਂ 1 ਮਾਰਚ, 2027 ਨੂੰ ਰਾਤ 12 ਵਜੇ ਨਿਰਧਾਰਿਤ ਕੀਤਾ ਗਿਆ ਹੈ। ਆਨਲਾਈਨ ਸਵੈ-ਗਣਨਾ ਕਰਨ ਵਾਲੇ ਪਰਿਵਾਰਾਂ ਦੀ ਜਾਣਕਾਰੀ ਦੀ ਵੀ ਗਣਨਾਕਾਰਾਂ ਦੁਆਰਾ ਘਰ ਜਾ ਕੇ ਤਸਦੀਕ ਕੀਤੀ ਜਾਵੇਗੀ, ਤਾਂ ਜੋ ਡਿਜੀਟਲ ਮਾਧਿਅਮ ਨਾਲ ਦਰਜ ਵੇਰਵਿਆਂ ਦੀ ਖੇਤਰੀ ਪੱਧਰ ’ਤੇ ਪੁਸ਼ਟੀ ਹੋ ਸਕੇ। ਸੁਪਰਵਾਈਜ਼ਰ 20 ਪ੍ਰਤੀਸ਼ਤ ਰਿਕਾਰਡਾਂ ਦੀ ਤਸਦੀਕ ਕਰਨਗੇ, ਜਦੋਂ ਕਿ ਚਾਰਜ ਅਧਿਕਾਰੀਆਂ ਨੂੰ ਅਜਿਹੇ ਰਿਕਾਰਡ ਨਿਸ਼ਾਨਦੇਹ ਕਰਨ ਦਾ ਅਧਿਕਾਰ ਹੋਵੇਗਾ, ਜਿਨ੍ਹਾਂ ਦੀ ਵਾਧੂ ਖੇਤਰੀ ਜਾਂਚ ਜ਼ਰੂਰੀ ਹੋਵੇ।

ਸੰਮੇਲਨ ਵਿੱਚ ਜਨਸੰਖਿਆ ਗਣਨਾ ਦੀ ਪ੍ਰਕਿਰਿਆ, ਪ੍ਰਸ਼ਨਾਵਲੀ, ਡਿਜੀਟਲ ਐਪਲੀਕੇਸ਼ਨ, ਸਵੈ-ਗਣਨਾ ਪੋਰਟਲ, ਕਾਨੂੰਨੀ ਪ੍ਰਬੰਧਾਂ ਅਤੇ ਵਿਸ਼ੇਸ਼ ਖੇਤਰਾਂ ਵਿੱਚ ਗਣਨਾ ਦੀ ਵਿਵਸਥਾ ’ਤੇ ਤਕਨੀਕੀ ਸੈਸ਼ਨ ਵੀ ਆਯੋਜਿਤ ਕੀਤੇ ਗਏ।

ਸੰਮੇਲਨ ਵਿੱਚ ਸੇਵਾ ਵਿਭਾਗ ਦੀ ਵਧੀਕ ਮੁੱਖ ਸਕੱਤਰ ਡਾ. ਜੀ. ਅਨੁਪਮਾ, ਵਿਕਾਸ ਅਤੇ ਪੰਚਾਇਤ ਵਿਭਾਗ ਦੇ ਵਧੀਕ ਮੁੱਖ ਸਕੱਤਰ ਸ਼੍ਰੀ ਵਿਜਯੇਂਦਰ ਕੁਮਾਰ, ਮਹਿਲਾ ਅਤੇ ਬਾਲ ਵਿਕਾਸ ਵਿਭਾਗ ਦੀ ਨਿਦੇਸ਼ਕ ਡਾ. ਪ੍ਰਿਅੰਕਾ ਸੋਨੀ, ਮੰਡਲ ਕਮਿਸ਼ਨਰ ਅਤੇ ਵੱਖ-ਵੱਖ ਜ਼ਿਲ੍ਹਿਆਂ ਦੇ ਕਮਿਸ਼ਨਰ ਮੌਜੂਦ ਰਹੇ।

## ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਅੱਤੇਵਾਲੀ ਵਿਖੇ ਲਗਾਇਆ ਗਿਆ ਜ਼ਿਲ੍ਹਾ ਪੱਧਰੀ ਕਿਸਾਨ ਮੇਲਾ



**ਫ਼ਤਹਿਗੜ੍ਹ ਸਾਹਿਬ, 13 ਅਕਤੂਬਰ**
**-ਜੀ. ਐਸ. ਤੁੰਗ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਵੱਲੋਂ ਸਾਉਣੀ ਸੀਜ਼ਨ ਦੌਰਾਨ ਝੋਨੇ ਦੀ ਫ਼ਸਲ ਦੀ ਬਿਜਾਈ ਅਤੇ ਸਿੰਜਾਈ ਲਈ ਕਿਸਾਨਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਅਤੇ ਖੇਤਾਂ ਤੱਕ ਨਹਿਰੀ ਪਾਣੀ ਮੁਹੱਈਆ ਕਰਵਾਇਆ ਗਿਆ ਜਿਸ ਨਾਲ ਝੋਨੇ ਦੀ ਫਸਲ ਦਾ ਚੰਗਾ ਝਾੜ ਪ੍ਰਾਪਤ ਹੋਇਆ ਹੈ। ਇਹ ਪ੍ਰਗਟਾਵਾ ਹਲਕਾ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ ਖੇਤੀਬਾੜੀ ਵਿਭਾਗ ਵੱਲੋਂ ਅੱਤੇਵਾਲੀ ਵਿਖੇ ਲਗਾਏ ਜ਼ਿਲ੍ਹਾ ਪੱਧਰੀ ਕਿਸਾਨ ਮੇਲੇ ਦੌਰਾਨ ਸੰਬੋਧਨ ਕਰਦਿਆਂ ਕੀਤਾ। ਇਸ ਮੌਕੇ ਉਨ੍ਹਾਂ ਵੱਖ ਵੱਖ ਵਿਭਾਗਾਂ ਵੱਲੋਂ ਲਗਾਈਆਂ ਗਈਆਂ ਪ੍ਰਦਰਸ਼ਨੀਆਂ ਦਾ ਜਾਇਜ਼ਾ ਵੀ ਲਿਆ।

ਵਿਧਾਇਕ ਐਡਵੋਕੇਟ ਰਾਏ ਨੇ ਦੱਸਿਆ ਕਿ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਦੇ ਕਿਸਾਨਾਂ ਨੇ ਆਪਣੀ ਮਿਹਨਤ, ਸੂਝ-ਬੂਝ ਅਤੇ ਵਾਤਾਵਰਣ ਪ੍ਰਤੀ ਜ਼ਿੰਮੇਵਾਰੀ ਦਾ ਸਬੂਤ ਦਿੰਦਿਆਂ ਸਾਲ 2025 ਦੌਰਾਨ ਪਰਾਲੀ ਪ੍ਰਬੰਧਨ ਦੇ ਖੇਤਰ ਵਿੱਚ ਪੰਜਾਬ ਭਰ ਵਿੱਚ ਮੋਹਰੀ ਸਥਾਨ ਹਾਸਲ ਕੀਤਾ ਸੀ। ਉਨ੍ਹਾਂ ਆਸ ਪ੍ਰਗਟਾਈ ਕਿ ਕਿਸਾਨਾਂ ਦੇ ਸਹਿਯੋਗ ਨਾਲ ਜ਼ਿਲ੍ਹਾ ਇਸ ਸਾਲ 2026 ਵਿੱਚ ਵੀ ਪਰਾਲੀ ਦੇ ਸੁਚੱਜੇ ਪ੍ਰਬੰਧਨ ਵਿੱਚ ਪੂਰੇ ਪੰਜਾਬ ਲਈ ਮਿਸਾਲ ਕਾਇਮ ਕਰੇਗਾ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਪਰਾਲੀ ਪ੍ਰਬੰਧਨ ਲਈ ਉਪਲਬਧ ਆਧੁਨਿਕ ਖੇਤੀ ਮਸ਼ੀਨਰੀ ਅਤੇ ਵਿਗਿਆਨਕ ਤਕਨੀਕਾਂ ਦੀ ਵਰਤੋਂ ਕਰਦਿਆਂ ਇਸ ਮੁਹਿੰਮ ਵਿੱਚ ਵੱਧ-ਚੜ੍ਹ ਕੇ ਯੋਗਦਾਨ ਪਾਉਣ। ਉਨ੍ਹਾਂ ਕਿਹਾ ਕਿ ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ ਇਸ ਦਾ ਸੁਚੱਜਾ ਪ੍ਰਬੰਧਨ ਕਰਨਾ ਸਮੇਂ ਦੀ ਮੁੱਖ ਲੋੜ ਹੈ। ਇਸ ਨਾਲ ਜਿੱਥੇ ਵਾਤਾਵਰਣ ਨੂੰ ਪ੍ਰਦੂਸ਼ਣ ਤੋਂ ਬਚਾਇਆ ਜਾ ਸਕਦਾ ਹੈ, ਉੱਥੇ ਹੀ ਜ਼ਮੀਨ ਦੀ ਉਪਜਾਊ ਸ਼ਕਤੀ ਨੂੰ ਬਰਕਰਾਰ ਰੱਖਣ ਵਿੱਚ ਵੀ ਮਦਦ ਮਿਲਦੀ ਹੈ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਪਰਾਲੀ ਪ੍ਰਬੰਧਨ ਲਈ ਉਪਲਬਧ ਆਧੁਨਿਕ ਖੇਤੀ ਮਸ਼ੀਨਰੀ ਅਤੇ ਵਿਗਿਆਨਕ ਤਕਨੀਕਾਂ ਦੀ ਵਰਤੋਂ ਕਰਦਿਆਂ ਇਸ ਮੁਹਿੰਮ ਵਿੱਚ ਵੱਧ-ਚੜ੍ਹ ਕੇ ਯੋਗਦਾਨ ਪਾਉਣ।

ਇਸ ਮੌਕੇ ਸ੍ਰੀ ਲਖਬੀਰ ਸਿੰਘ ਰਾਏ ਵੱਲੋਂ ਪਰਾਲੀ ਪ੍ਰਬੰਧਨ ਦੇ ਖੇਤਰ ਵਿੱਚ ਸ਼ਲਾਘਾਯੋਗ ਯੋਗਦਾਨ ਪਾਉਣ ਵਾਲੇ ਜ਼ਿਲ੍ਹੇ ਦੇ 50 ਅਗਾਂਹਵਧੂ ਕਿਸਾਨਾਂ, 5 ਗ੍ਰਾਮ ਪੰਚਾਇਤਾਂ ਅਤੇ 4 ਫਰਮਾਂ/ਕਿਸਾਨ ਉਤਪਾਦਕ ਸੰਗਠਨਾਂ (ਐੱਫ.ਪੀ.ਓਜ਼) ਨੂੰ ਸਨਮਾਨਿਤ ਕੀਤਾ ਗਿਆ। ਉਨ੍ਹਾਂ ਸਨਮਾਨਿਤ ਕਿਸਾਨਾਂ ਅਤੇ ਸੰਸਥਾਵਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਉਪਰਾਲੇ ਹੋਰਨਾਂ ਕਿਸਾਨਾਂ ਨੂੰ ਵੀ ਪਰਾਲੀ ਦੇ ਸੁਚੱਜੇ ਪ੍ਰਬੰਧਨ ਲਈ ਪ੍ਰੇਰਿਤ ਕਰਨਗੇ। ਇਸ ਮੌਕੇ ਡਿਪਟੀ ਕਮਿਸ਼ਨਰ ਡਾ ਸੋਨਾ ਥਿੰਦ ਨੇ ਕਿਹਾ ਕਿ ਝੋਨੇ ਦੀ ਪਰਾਲੀ ਦੀ ਸੁਚੱਜੀ ਸਾਂਭ ਸੰਭਾਲ ਲਈ ਕਿਸਾਨਾਂ ਨੂੰ ਖੇਤੀਬਾੜੀ ਵਿਭਾਗ ਵੱਲੋਂ ਸਬਸਿਡੀ ਤੇ ਖੇਤੀ ਮਸ਼ੀਨਰੀ ਦਿੱਤੀ ਗਈ ਹੈ ਅਤੇ ਜਿਪਸਮ ਖਾਦ ਵੀ 50 ਫੀਸਦੀ ਸਬਸਿਡੀ ਤੇ ਦਿੱਤਾ ਗਿਆ ਹੈ। ਉਹਨਾ ਕਿਸਾਨਾਂ ਨੂੰ ਵਿਭਾਗ ਵੱਲੋਂ ਉਪਲਬੱਧ ਕਰਵਾਈਆਂ ਪਰਾਲੀ ਸਾਂਭਣ ਵਾਲੀਆਂ ਮਸ਼ੀਨਾ ਦੀ ਵੱਧ ਤੋਂ ਵੱਧ ਵਰਤੋ ਕਰਨ ਲਈ ਪ੍ਰੇਰਿਤ ਕੀਤਾ।

ਇਸ ਮੌਕੇ ਡਾ. ਹਰਦੀਪ ਸਿੰਘ ਸਵਿੱਖੀ ਦੀ ਅਗਾਈ ਵਿੱਚ ਪਹੁੰਚੀ ਕੇ.ਵੀ.ਕੇ ਦੀ ਟੀਮ ਵੱਲੋਂ ਕਿਸਾਨਾਂ ਨੂੰ ਵੱਖ ਵੱਖ ਖੇਤੀ ਵਿਸ਼ਿਆਂ ਉੱਪਰ ਜਾਣਕਾਰੀ ਦਿੱਤੀ ਗਈ। ਸ੍ਰੀਮਤੀ ਅਰਵਿੰਦਪ੍ਰੀਤ ਕੌਰ, ਸਹਾਇਕ ਪ੍ਰੋਫੈਸਰ ਨੇ ਕਿਸਾਨਾਂ ਨੂੰ ਘਰੇਲੂ ਬਗੀਚੀ ਬਾਰੇ ਜਾਣਕਾਰੀ ਦਿੱਤੀ। ਡਾ. ਅਮਨਪ੍ਰੀਤ ਸਿੰਘ, ਨੇ ਪਰਾਲੀ ਸਾਂਭਣ ਵਾਲੀਆਂ ਵੱਖ ਵੱਖ ਮਸ਼ੀਨਾਂ ਦੀ ਕਾਰਜਵਿਧੀ ਬਾਰੇ ਕਿਸਾਨਾਂ ਨਾਲ ਨੁਕਤੇ ਸਾਂਝੇ ਕੀਤੇ। ਇਸ ਮੌਕੇ ਡਾ. ਰਮਨਦੀਪ ਕੌਰ, ਬਾਗਬਾਨੀ ਵਿਕਾਸ ਅਫਸਰ ਨੇ ਆਏ ਕਿਸਾਨਾਂ ਨੂੰ ਬਾਗਬਾਨੀ ਸਬੰਧੀ ਤਕਨੀਕੀ ਜਾਣਕਾਰੀ ਦਿੱਤੀ ਗਈ। ਉਨ੍ਹਾਂ ਨੇ ਕਿਸਾਨਾਂ ਨੂੰ ਮਧੂ ਮੱਖੀਆਂ ਦੀ ਕਾਸ਼ਤ ਵਿੱਚ ਆ ਰਹੀਆਂ ਮੁਸ਼ਕਿਲਾਂ ਬਾਰੇ ਸੁਝਾਅ ਸਾਂਝੇ ਕੀਤੇ। ਡਾ. ਰਸ਼ੂ ਮਹਿੰਦੀਰੱਤਾ ਅਤੇ ਡਾ. ਸੁਖਵਿੰਦਰ ਕੌਰ ਮੱਛੀ ਪਾਲਣ ਅਫਸਰ ਨੇ ਕਿਸਾਨਾਂ ਨੂੰ ਖੇਤੀਬਾੜੀ ਦੇ ਨਾਲ ਨਾਲ ਮੱਛੀ ਪਾਲਣ ਕਿੱਤਾ ਅਪਨਾਉਣ ਲਈ ਅਪੀਲ ਕੀਤੀ। ਇਸ ਮੌਕੇ ਸ਼੍ਰੀ ਜਗਦੇਵ ਸਿੰਘ, ਮੁੱਖ ਖੇਤੀਬਾੜੀ ਅਫਸਰ, ਡਾ. ਗੁਰਅੰਸ਼ਪ੍ਰੀਤ ਸੇਠੀ, ਗੁਰਲੀਨ ਕੌਰ, ਡੇਅਰੀ ਇੰਸਪੈਕਟਰ, ਸ੍ਰੀ ਬੂਟਾ ਸਿੰਘ, ਖੇਤੀਬਾੜੀ ਅਫਸਰ, ਡਾ. ਇਕਬਾਲਜੀਤ ਸਿੰਘ ਬੈਨੀਪਾਲ, ਖੇਤੀਬਾੜੀ ਅਫਸਰ, ਖੇਤੀਬਾੜੀ ਵਿਕਾਸ ਅਫਸਰ ਸ਼੍ਰੀ ਦਮਨ ਝਾਂਜੀ, ਡੀ.ਪੀ.ਡੀ ਸ਼੍ਰੀ ਹਰਮਨਜੀਤ ਸਿੰਘ ਅਤੇ ਵੱਡੀ ਗਿਣਤੀ ਵਿੱਚ ਕਿਸਾਨ ਹਾਜਰ ਸਨ।




